ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 1 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## 40 ਸਰਹੱਦੀ ਪਿੰਡਾਂ 'ਤੇ ਮੁੜ ਹੜ੍ਹਾਂ ਦਾ ਖ਼ਤਰਾ, ਰਾਵੀ ਦੇ ਧੁੱਸੀ ਬੰਨ੍ਹ ਦਾ ਕੰਮ ਅਧੂਰਾ

**ਚੰਡੀਗੜ੍ਹ, 31 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਸਰਹੱਦ ਨੇੜੇ ਵਗਦੇ ਰਾਵੀ ਦਰਿਆ ਨੇ ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਦੌਰਾਨ ਕਈ ਪਿੰਡਾਂ ਵਿੱਚ ਵੱਡੀ ਤਬਾਹੀ ਮਚਾਈ ਸੀ। ਬਲਾਕ ਨਰੋਟ ਜੈਮਲ ਸਿੰਘ ਦੇ ਅਨੇਕਾਂ ਪਿੰਡ ਹੜ੍ਹ ਦੇ ਪਾਣੀ ਦੀ ਲਪੇਟ ਵਿੱਚ ਆ ਗਏ ਸਨ। ਇਸ ਦੌਰਾਨ ਫਸਲਾਂ, ਸੜਕਾਂ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਭਾਰੀ ਨੁਕਸਾਨ ਪਹੁੰਚਿਆ ਸੀ, ਜਿਸ ਕਾਰਨ ਲੋਕਾਂ ਨੂੰ ਲੰਬੇ ਸਮੇਂ ਤੱਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਹੜ੍ਹਾਂ ਤੋਂ ਬਾਅਦ ਸਰਕਾਰ ਅਤੇ ਸਬੰਧਤ ਅਧਿਕਾਰੀਆਂ ਵੱਲੋਂ ਰਾਵੀ ਕੰਢੇ ਧੁੱਸੀ ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਨਵੇਂ ਸੁਰੱਖਿਆ ਪ੍ਰਬੰਧ ਕਰਨ ਦੇ ਦਾਅਵੇ ਕੀਤੇ ਸਨ। ਸਰਹੱਦੀ ਪਿੰਡ ਕੋਹਲੀਆਂ ਦਾ ਅੱਡਾ ਅਤੇ ਦਰਿਆ ਕਿਨਾਰੇ ਵਸਦਾ ਪਿੰਡ ਪੰਮਾ ਹੜ੍ਹਾਂ ਦੀ ਲਪੇਟ ਵਿੱਚ ਆਏ ਸਨ ਤਾਂ ਸਰਕਾਰ ਵੱਲੋਂ ਇਹ ਭਰੋਸਾ ਦਿੱਤਾ ਗਿਆ ਸੀ ਕਿ ਧੁੱਸੀ ਬੰਨ੍ਹ ਦਾ ਕੰਮ ਜਲਦੀ ਮੁਕੰਮਲ ਕਰ ਦਿੱਤਾ ਜਾਵੇਗਾ ਤਾਂ ਜੋ ਭਵਿੱਖ ਵਿੱਚ ਇਨ੍ਹਾਂ ਪਿੰਡਾਂ ਨੂੰ ਹੜ੍ਹਾਂ ਦੇ ਖ਼ਤਰੇ ਤੋਂ ਬਚਾਇਆ ਜਾ ਸਕੇ। ਹਾਲਾਂਕਿ ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਧੁੱਸੀ ਬੰਨ੍ਹ ਦਾ ਕੰਮ ਸਿਰਫ਼ ਦੋ ਮਹੀਨੇ ਹੀ ਚੱਲਿਆ ਅਤੇ ਉਸ ਤੋਂ ਬਾਅਦ ਇੱਕ ਕੱਚਾ ਬੰਨ੍ਹ ਬਣਾ ਕੇ ਕੰਮ ਅਧੂਰਾ ਛੱਡ ਦਿੱਤਾ ਗਿਆ। ਲੋਕਾਂ ਦਾ ਕਹਿਣਾ ਹੈ ਕਿ ਇੱਕ ਸਾਲ ਬੀਤ ਜਾਣ ਦੇ ਬਾਵਜੂਦ ਕਈ ਥਾਵਾਂ 'ਤੇ ਬੰਨ੍ਹਾਂ ਦੀ ਮੁਰੰਮਤ ਅਤੇ ਮਜ਼ਬੂਤੀ ਦਾ ਕੰਮ ਅਜੇ ਤੱਕ ਪੂਰਾ ਨਹੀਂ ਹੋ ਸਕਿਆ। ਹੁਣ ਇੱਕ ਵਾਰ ਫਿਰ ਬਰਸਾਤ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ, ਜਿਸ ਕਾਰਨ ਸਰਹੱਦੀ ਪਿੰਡਾਂ ਦੇ ਲੋਕਾਂ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਪਿੰਡ ਵਾਸੀਆਂ ਨੂੰ ਡਰ ਹੈ ਕਿ ਜੇਕਰ ਰਾਵੀ ਦਰਿਆ ਵਿੱਚ ਮੁੜ ਪਾਣੀ ਦਾ ਪੱਧਰ ਵਧਿਆ ਤਾਂ ਪਿਛਲੇ ਸਾਲ ਵਰਗੇ ਹਾਲਾਤ ਦੁਬਾਰਾ ਪੈਦਾ ਹੋ ਸਕਦੇ ਹਨ।

## ਪੰਥਕ ਇਕੱਤਰਤਾ 'ਚ ਆਗੂਆਂ ਨੇ ਦਿੱਤੀ ਚੇਤਾਵਨੀ

# ਸਿੱਖ ਪੰਥ ਨਾਲ ਟਕਰਾਅ ਸਰਕਾਰ ਨੂੰ ਭਾਰੀ ਪਵੇਗਾ



**ਨਵੀਂ ਦਿੱਲੀ/ਅੰਮ੍ਰਿਤਸਰ, 31 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਖਿਲਾਫ਼ ਬਣਾਏ 'ਸਤਿਕਾਰ ਸੋਧ ਐਕਟ' 'ਤੇ ਸਿੱਖ ਜਥੇਬੰਦੀਆਂ ਵੱਲੋਂ ਅੱਜ ਇਕੱਤਰਤਾ ਕੀਤੀ ਗਈ, ਜਿਸ ਵਿੱਚ ਪੰਜਾਬ ਸਰਕਾਰ ਨੂੰ ਦਖਲ ਸਿੱਖ ਪੰਥ 'ਚ ਸਿੱਧਾ ਦਖਲ ਨਾ ਦੇ ਕੇ ਮੱਦਾਂ 'ਚ ਸੋਧ ਕਰਨ ਦੀ ਮੰਗ ਕੀਤੀ ਗਈ। ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਪੰਥਕ ਇਕੱਠ ਵਿੱਚ ਸਮੂਹ ਸਿੱਖ ਸਸਾਇਟੀਆਂ, ਪ੍ਰਮੁੱਖ ਧਾਰਮਿਕ ਜਥੇਬੰਦੀਆਂ ਤੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਸਥਾਵਾਂ ਦੇ ਆਗੂਆਂ ਨੇ ਹਿੱਸਾ ਲਿਆ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਨੇ ਕਾਨੂੰਨ ਨੂੰ ਸਿਰਫ ਚੰਗਾ ਨਾਮ ਦਿੱਤਾ ਹੈ, ਪਰ ਕਾਨੂੰਨ ਦੇ ਅੰਦਰ ਦੀਆਂ ਮੱਦਾਂ ਸਿਰਫ ਮਿੱਠਾ ਜ਼ਹਿਰ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਆਪਣਾ ਸੰਵਿਧਾਨ ਹੈ, ਕਾਨੂੰਨ ਹੈ, ਜੋ 1925 'ਚ ਬਣਿਆ ਹੈ, ਪਰ ਸਰਕਾਰ ਨੇ ਸਿੱਖਾਂ ਦੇ ਸਾਰੇ ਅਧਿਕਾਰ ਖੋਹ ਲਏ ਹਨ ਅਤੇ ਬਿਨਾਂ ਪੰਥ ਨਾਲ ਸਲਾਹ ਕੀਤੇ ਕਾਨੂੰਨ ਬਣਾਇਆ ਗਿਆ। ਜਥੇਦਾਰ ਸਾਹਿਬ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਾਨੂੰਨ 'ਤੇ ਸਿੱਖ ਪੰਥ 'ਚ ਸਿੱਧਾ ਦਖਲ ਦਿੱਤਾ ਹੈ ਅਤੇ ਬੇਅਦਬੀਆਂ ਕਰਨ ਵਾਲਿਆਂ ਦੀ ਥਾਂ ਸਿੱਖਾਂ ਨੂੰ ਕਾਬੂ ਕਰਨ ਦੀ ਕਰ ਰਹੀ ਕੋਸ਼ਿਸ਼ ਕਰ ਰਹੀ ਹੈ। ਜਿਹੜੀਆਂ ਜਿੰਨ੍ਹਾਂ ਮੱਦਾਂ 'ਚ ਸਰਕਾਰ ਦਾ ਦਖਲ ਹੈ, ਉਹ ਪੰਥ ਨੂੰ ਮਨਜ਼ੂਰ ਨਹੀਂ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸ਼ਰਾਬੀ ਮੁੱਖ ਮੰਤਰੀ ਹੈਂਕੜ ਵਿੱਚ ਆ ਗਿਆ ਹੈ ਅਤੇ ਤਾਕਤ ਦੇ ਨਸ਼ੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੰਗਾਰ ਰਿਹਾ ਹੈ ਅਤੇ ਜਲਦ ਇਸ ਹੈਂਕੜ ਖਿਲਾਫ ਨਵਾਂ ਆਦੇਸ਼ ਜਾਰੀ ਕੀਤਾ ਜਾਵੇਗਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਦੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਸਬੰਧੀ ਲਿਆਂਦੇ ਐਕਟ 'ਤੇ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ 2015 ਦੀਆਂ ਬੇਅਦਬੀ ਘਟਨਾਵਾਂ ਦੇ ਮਾਮਲੇ ਵਿੱਚ ਅਜੇ ਤੱਕ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਦੀ ਗ੍ਰਿਫਤਾਰੀ ਕਿਉਂ ਨਹੀਂ ਹੋਈ। ਉਨ੍ਹਾਂ ਦੋਸ਼ ਲਗਾਇਆ ਕਿ ਸੂਬਾ ਸਰਕਾਰ ਆਪਣੀਆਂ ਕਮਜ਼ੋਰੀਆਂ ਅਤੇ ਨਾਕਾਮੀਆਂ ਨੂੰ ਲੁਕਾਉਣ ਲਈ ਇਹ ਐਕਟ ਲੈ ਕੇ ਆਈ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਰਕਾਰ ਨੂੰ ਸਮੁੱਚੇ ਪੰਥ ਨੂੰ ਨਾਲ ਲੈ ਕੇ ਇਤਰਾਜ਼ਯੋਗ ਮੱਦਾਂ ਵਿੱਚ ਸੋਧ ਕਰਨੀ ਚਾਹੀਦੀ ਹੈ। ਉਨ੍ਹਾਂ ਇਹ ਵੀ ਆਰੋਪ ਲਗਾਇਆ ਕਿ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਕਰ ਰਹੀ ਹੈ ਅਤੇ ਲੋਕਾਂ ਦੇ ਅਸਲ ਮੁੱਦਿਆਂ ਜਿਵੇਂ ਕਾਨੂੰਨ-ਵਿਵਸਥਾ ਅਤੇ ਨੌਕਰੀਆਂ ਦੇਣ ਸਬੰਧੀ ਗੱਲ ਕਰਨ ਦੀ ਬਜਾਏ ਧਰਮ ਵਿੱਚ ਦਖ਼ਲ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੀਆਂ ਨਾਕਾਮੀਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਦੀ ਕੋਸ਼ਿਸ਼ ਕਰ ਰਹੀ ਹੈ।

## ਚੰਬਾ 'ਚ 500 ਮੀਟਰ ਖੱਡ 'ਚ ਡਿੱਗੀ ਗੱਡੀ, ਬੰਗਲੌਰ ਦੇ 8 ਸੈਲਾਨੀਆਂ ਦੀ ਮੌਤ, ਲਾਸ਼ਾਂ ਕੱਢਣ ਦਾ ਕੰਮ ਜਾਰੀ



**ਚੰਬਾ, 31 ਮਈ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਚੰਬਾ ਵਿੱਚ 'ਬੈਰਾਗੜ੍ਹ-ਸਚ ਪਾਸ-ਕਿਲਰ' ਰੂਟ 'ਤੇ ਇੱਕ ਵਾਹਨ ਦੇ ਹਾਦਸੇ ਵਿੱਚ ਦੋ ਬੱਚਿਆਂ ਸਮੇਤ ਅੱਠ ਲੋਕਾਂ ਦੀ ਮੌਤ ਹੋ ਗਈ। ਇਹ ਵਾਹਨ ਬੰਗਲੂਰੂ ਤੋਂ ਆਉਣ ਵਾਲੇ ਸੈਲਾਨੀਆਂ ਨੂੰ ਲੈ ਕੇ ਜਾ ਰਿਹਾ ਸੀ। ਉਨ੍ਹਾਂ ਦੀ ਕਾਰ ਸੜਕ ਤੋਂ ਲਗਭਗ 500 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਈ। ਪੁਲਿਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ, ਬੰਗਲੂਰੂ ਤੋਂ ਆਏ ਸੈਲਾਨੀਆਂ ਦੇ ਦੋ ਪਰਿਵਾਰਾਂ ਨੇ ਸ਼ੁੱਕਰਵਾਰ ਨੂੰ ਡਲਹੌਜ਼ੀ, ਚੰਬਾ ਤੋਂ ਇੱਕ ਟੈਕਸੀ (ਇੱਕ ਮਾਰੂਤੀ ਅਰਟੀਗਾ) ਬੁੱਕ ਕੀਤੀ। ਦੋਵੇਂ ਪਰਿਵਾਰ ਦੁਪਹਿਰ 12:00 ਵਜੇ ਦੇ ਕਰੀਬ ਸਾਚ ਪਾਸ ਜ਼ੋਟ ਖੇਤਰ ਵਿੱਚ ਬਰਫ਼ ਅਤੇ ਪਹਾੜਾਂ ਦਾ ਆਨੰਦ ਲੈਣ ਲਈ ਨਿਕਲੇ ਸਨ। ਜਦੋਂ ਟੈਕਸੀ ਕਾਫ਼ੀ ਸਮੇਂ ਬਾਅਦ ਡਲਹੌਜ਼ੀ ਵਾਪਸ ਨਹੀਂ ਪਰਤੀ, ਤਾਂ ਵਾਹਨ ਦੇ ਮਾਲਕ ਨੂੰ ਸ਼ੱਕ ਹੋਇਆ ਕਿ ਕੁਝ ਅਣਸੁਖਾਵਾਂ ਵਾਪਰਿਆ ਹੈ। ਸਬੰਧਤ ਮਾਲਕ ਨੇ ਵਾਹਨ ਦੀ GPS ਲੋਕੇਸ਼ਨ ਦੀ ਜਾਂਚ ਕੀਤੀ।

GPS ਡੇਟਾ ਦੇ ਅਨੁਸਾਰ, ਵਾਹਨ ਕਲਾਵਨ ਖੇਤਰ ਦੇ ਨੇੜੇ ਇੱਕ ਜਗ੍ਹਾ 'ਤੇ ਖੜ੍ਹਾ ਦਿਖਾਈ ਦਿੱਤਾ। ਕਿਸੇ ਵੀ ਤਰ੍ਹਾਂ ਦੀ ਹਰਕਤ ਦਾ ਕੋਈ ਸੰਕੇਤ ਨਹੀਂ ਮਿਲਿਆ। ਇਸ ਤੋਂ ਬਾਅਦ, ਇੱਕ ਸਥਾਨਕ ਖੋਜ ਮੁਹਿੰਮ ਸ਼ੁਰੂ ਕੀਤੀ ਗਈ। ਇਸ ਹਾਦਸੇ ਦੀ ਜਾਣਕਾਰੀ ਸ਼ਨੀਵਾਰ ਦੁਪਹਿਰ ਨੂੰ ਮਿਲੀ ਸੀ, ਜਿਸ ਸਮੇਂ ਸਥਾਨਕ ਪ੍ਰਸ਼ਾਸਨ ਨੂੰ ਰਸਮੀ ਤੌਰ 'ਤੇ ਸੂਚਿਤ ਕੀਤਾ ਗਿਆ ਸੀ। ਹਾਲਾਂਕਿ, ਬਹੁਤ ਹੀ ਖਸਤਾ ਇਲਾਕਾ, ਖੜ੍ਹੀਆਂ ਅਤੇ ਖਤਰਨਾਕ ਢਲਾਣਾਂ ਅਤੇ ਪ੍ਰਤੀਕੂਲ ਮੌਸਮ ਦੇ ਕਾਰਨ, ਕੱਲ੍ਹ ਲਾਸ਼ਾਂ ਨੂੰ ਖੱਡ ਤੋਂ ਨਹੀਂ ਕੱਢਿਆ ਜਾ ਸਕਿਆ।

ਨਤੀਜੇ ਵਜੋਂ, ਮ੍ਰਿਤਕਾਂ ਦੀਆਂ ਲਾਸ਼ਾਂ ਅੱਜ ਖੱਡ ਤੋਂ ਕੱਢੀਆਂ ਜਾ ਰਹੀਆਂ ਹਨ; ਪੋਸਟਮਾਰਟਮ ਜਾਂਚ ਤੋਂ ਬਾਅਦ, ਉਨ੍ਹਾਂ ਨੂੰ ਰਿਸ਼ਤੇਦਾਰਾਂ ਨੂੰ ਸੌਂਪ ਦਿੱਤਾ ਜਾਵੇਗਾ। ਸਥਾਨਕ ਪ੍ਰਸ਼ਾਸਨ ਨੇ ਲਾਸ਼ਾਂ ਨੂੰ ਕੱਢਣ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਹੈ। ਮਨੁੱਖੀ ਲੜੀ ਬਣਾ ਕੇ ਅਤੇ ਰੱਸੀਆਂ ਦੀ ਵਰਤੋਂ ਕਰਕੇ ਲਾਸ਼ਾਂ ਨੂੰ ਖੱਡ ਵਿੱਚੋਂ ਬਾਹਰ ਕੱਢਿਆ ਜਾ ਰਿਹਾ ਹੈ।

ਦੱਸ ਦਈਏ ਕਿ ਇਲਾਕਾ ਬਹੁਤ ਦੂਰ-ਦੁਰਾਡੇ ਹੋਣ ਕਾਰਨ, ਖੇਤਰ ਵਿੱਚ ਕੋਈ ਮੋਬਾਈਲ ਨੈੱਟਵਰਕ ਕਵਰੇਜ ਨਹੀਂ ਹੈ। ਨਤੀਜੇ ਵਜੋਂ, ਪ੍ਰਸ਼ਾਸਨ ਬਚਾਅ ਟੀਮ ਨਾਲ ਸੰਪਰਕ ਸਥਾਪਤ ਕਰਨ ਵਿੱਚ ਅਸਮਰੱਥ ਹੈ। ਇਸ ਦੌਰਾਨ, ਹਾਦਸੇ ਦੇ ਸਹੀ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਲਾਸ਼ਾਂ ਨੂੰ ਜਲਦੀ ਹੀ ਖੱਡ ਤੋਂ ਕੱਢ ਕੇ ਪੋਸਟਮਾਰਟਮ ਲਈ ਭੇਜੇ ਜਾਣ ਦੀ ਉਮੀਦ ਹੈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਪਰਿਵਾਰਾਂ ਨੂੰ ਸੌਂਪ ਦਿੱਤਾ ਜਾਵੇਗਾ।

## ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੇ ਐਸਸੀ ਭਾਈਚਾਰੇ ਤੋਂ ਮੰਗੀ ਮੁਆਫੀ

**ਚੰਡੀਗੜ੍ਹ, 31 ਮਈ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅੱਜ ਅੰਮ੍ਰਿਤਸਰ ਹਵਾਈ ਅੱਡੇ 'ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਮੀਡੀਆ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਆਪਣੇ ਵਿਵਾਦਤ ਬਿਆਨ 'ਤੇ



ਜਨਤਕ ਤੌਰ 'ਤੇ ਮੁਆਫ਼ੀ ਮੰਗੀ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਦੇ ਮੂੰਹ 'ਚੋਂ ਨਿਕਲੇ ਕੁਝ ਸ਼ਬਦਾਂ ਦੇ ਕਾਰਨ ਜੇਕਰ ਕਿਸੇ ਵੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਤਾਂ ਉਹ ਇਸ ਲਈ ਮੁਆਫੀ ਮੰਗਦੇ ਹਨ ਅਤੇ ਭਵਿੱਖ 'ਚ ਅਜਿਹੀ ਗਲਤੀ ਨਾ ਹੋਵੇ ਇਸਦੇ ਲਈ ਵਿਸ਼ੇਸ਼ ਸਾਵਧਾਨੀ ਵਰਤਣਗੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਕਮਿਸ਼ਨ ਜਾਂ ਸਬੰਧਤ ਅਥਾਰਟੀ ਉਨ੍ਹਾਂ ਨੂੰ ਤਲਬ ਕਰਦੀ ਹੈ, ਤਾਂ ਉਹ ਨਿੱਜੀ ਤੌਰ 'ਤੇ ਆਪਣਾ ਪੱਖ ਪੇਸ਼ ਕਰਨਗੇ ਅਤੇ ਜੇਕਰ ਲੋੜ ਪਈ ਤਾਂ ਲਿਖਤੀ ਰੂਪ ਵਿੱਚ ਮੁਆਫ਼ੀ ਮੰਗ ਸਕਦੇ ਹਨ। ਬਿੱਟੂ ਨੇ ਕਿਹਾ ਕਿ ਉਨ੍ਹਾਂ ਦਾ ਕਦੇ ਵੀ ਕਿਸੇ ਵੀ ਐੱਸਸੀ, ਓਬੀਸੀ, ਹਿੰਦੂ, ਸਿੱਖ ਜਾਂ ਕਿਸੇ ਹੋਰ ਭਾਈਚਾਰੇ ਦਾ ਅਪਮਾਨ ਕਰਨ ਦਾ ਇਰਾਦਾ ਨਹੀਂ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਵਿਵਾਦਪੂਰਨ ਬਿਆਨ ਦੇ ਸਮੇਂ ਮਾਹੌਲ ਬਹੁਤ ਤਣਾਅਪੂਰਨ ਸੀ, ਅਤੇ ਪੁਲਿਸ ਅਤੇ ਹੋਰਾਂ ਵਿਚਕਾਰ ਤਣਾਅ ਸੀ। ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਉਹ ਲੰਬੇ ਸਮੇਂ ਤੋਂ ਉਨ੍ਹਾਂ ਖੇਤਰਾਂ ਦੀ ਨੁਮਾਇੰਦਗੀ ਕਰਦੇ ਰਹੇ ਹਨ ਜਿੱਥੇ ਐੱਸਸੀ ਭਾਈਚਾਰੇ ਦੀ ਵੱਡੀ ਆਬਾਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਪਰਿਵਾਰਿਕ ਅਤੇ ਰਾਜਨੀਤਿਕ ਜੀਵਨ ਵਿੱਚ ਹਰ ਵਰਗ ਅਤੇ ਭਾਈਚਾਰੇ ਦਾ ਹਮੇਸ਼ਾ ਸਤਿਕਾਰ ਕੀਤਾ ਹੈ। ਉਨ੍ਹਾਂ ਯਾਦ ਕੀਤਾ ਕਿ ਉਨ੍ਹਾਂ ਨੇ ਸਾਰੇ ਭਾਈਚਾਰਿਆਂ ਦੇ ਲੋਕਾਂ ਨਾਲ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਵਿੱਚ ਹਿੱਸਾ ਲਿਆ ਹੈ ਅਤੇ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ ਹੈ। ਬਿੱਟੂ ਨੇ ਕਿਹਾ ਕਿ ਜੇਕਰ ਉਨ੍ਹਾਂ ਦੇ ਕਿਸੇ ਵੀ ਬਿਆਨ ਨਾਲ ਕਿਸੇ ਨੂੰ ਠੇਸ ਪਹੁੰਚੀ ਹੈ ਤਾਂ ਉਹ ਸਾਰੀਆਂ ਸਮਾਜਿਕ ਸੰਸਥਾਵਾਂ, ਐਨਜੀਓ, ਡੇਰਿਆਂ ਅਤੇ ਧਾਰਮਿਕ ਆਗੂਆਂ ਤੋਂ ਮੁਆਫ਼ੀ ਮੰਗਦੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣਾ ਦੁੱਖ ਪ੍ਰਗਟ ਕਰਨ ਲਈ ਕਿਸੇ ਵੀ ਧਾਰਮਿਕ ਸਥਾਨ ਜਾਂ ਡੇਰੇ ਜਾਣ ਲਈ ਤਿਆਰ ਹਨ, ਕਿਉਂਕਿ ਉਨ੍ਹਾਂ ਨੂੰ ਅਫਸੋਸ ਹੈ ਕਿ ਉਨ੍ਹਾਂ ਦੇ ਸ਼ਬਦਾਂ ਦੀ ਗਲਤ ਵਿਆਖਿਆ ਕੀਤੀ ਗਈ ਹੈ। ਪੰਜਾਬ ਭਾਜਪਾ ਦੀ ਅਗਵਾਈ ਬਾਰੇ ਕੈਪਟਨ ਅਮਰਿੰਦਰ ਸਿੰਘ ਦੇ ਬਿਆਨਾਂ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ, ਬਿੱਟੂ ਨੇ ਕਿਹਾ ਕਿ ਸਾਰੇ ਆਗੂ ਪਾਰਟੀ ਹਾਈ ਕਮਾਂਡ ਦੇ ਫੈਸਲੇ ਦਾ ਸਤਿਕਾਰ ਕਰਦੇ ਹਨ। ਉਨ੍ਹਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਤਜਰਬੇਕਾਰ ਅਤੇ ਸੀਨੀਅਰ ਆਗੂ ਹਨ, ਜਿਨ੍ਹਾਂ ਦਾ ਹਰ ਕੋਈ ਸਤਿਕਾਰ ਕਰਦਾ ਹੈ। ਉਨ੍ਹਾਂ ਅਨੁਸਾਰ, ਸੀਨੀਅਰ ਆਗੂ ਹਮੇਸ਼ਾ ਮਾਰਗਦਰਸ਼ਨ ਪ੍ਰਦਾਨ ਕਰਦੇ ਹਨ, ਅਤੇ ਉਨ੍ਹਾਂ ਦੇ ਵਿਚਾਰਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਬੋਲਦਿਆਂ, ਬਿੱਟੂ ਨੇ ਕਿਹਾ ਕਿ ਸੂਬੇ ਵਿੱਚ ਗੈਂਗਸਟਰਵਾਦ ਅਤੇ ਅਪਰਾਧਿਕ ਗਤੀਵਿਧੀਆਂ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਦਾਅਵਾ ਕੀਤਾ ਕਿ ਹਾਲ ਹੀ ਵਿੱਚ ਕਈ ਗੰਭੀਰ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਵਿੱਚ ਪੁਲਿਸ ਕਰਮਚਾਰੀਆਂ 'ਤੇ ਹਮਲੇ ਅਤੇ ਹਥਿਆਰ ਲੁੱਟ ਦੀਆਂ ਘਟਨਾਵਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਅਪਰਾਧੀਆਂ ਅਤੇ ਗੈਂਗਸਟਰਾਂ ਵਿਰੁੱਧ ਸਖ਼ਤ ਕਾਰਵਾਈ ਦੀ ਲੋੜ ਹੈ, ਅਤੇ ਸਮਾਜ ਦੇ ਹਰ ਵਰਗ ਨੂੰ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਸਹਿਯੋਗ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਪੁਲਿਸ ਅਪਰਾਧੀਆਂ ਖਿਲਾਫ ਕਾਰਵਾਈ ਕਰਦੀ ਹੈ, ਤਾਂ ਉਨ੍ਹਾਂ ਨੂੰ ਅਕਸਰ ਵੱਖ-ਵੱਖ ਪੱਧਰਾਂ 'ਤੇ ਵਿਰੋਧ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਕਾਰਨ ਕਾਨੂੰਨ ਵਿਵਸਥਾ ਬਣਾਈ ਰੱਖਣ ਵਿੱਚ ਮੁਸ਼ਕਿਲਾਂ ਪੈਦਾ ਹੁੰਦੀਆਂ ਹਨ। ਬਿੱਟੂ ਨੇ ਦਲੀਲ ਦਿੱਤੀ ਕਿ ਪੰਜਾਬ ਨੂੰ ਅਪਰਾਧ ਅਤੇ ਗੈਂਗਸਟਰਵਾਦ ਤੋਂ ਮੁਕਤ ਕਰਨ ਲਈ ਮਜ਼ਬੂਤ ਅਤੇ ਫੈਸਲਾਕੁੰਨ ਕਦਮ ਚੁੱਕਣ ਦੀ ਲੋੜ ਹੈ।

## ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਪੁਲਿਸ ਵੱਲੋਂ ਸਿੱਖ ਸ਼ਸਤਰ ਜ਼ਬਤ ਕਰਦਿਆਂ ਪਰਚੇ ਦਰਜ਼ ਕਰਨੇ ਬੇਹੱਦ ਮੰਦਭਾਗਾ- ਐਡਵੋਕੇਟ ਹਰਜਿੰਦਰ ਸਿੰਘ ਧਾਮੀ



**ਨਵੀਂ ਦਿੱਲੀ/ਅੰਮ੍ਰਿਤਸਰ, 31 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸਿੱਖ ਸ਼ਰਧਾਲੂਆਂ, ਸ਼ਸਤਰ ਵੇਚਣ ਵਾਲੇ ਦੁਕਾਨਦਾਰਾਂ ਅਤੇ ਧਾਰਮਿਕ ਪ੍ਰੰਪਰਾਵਾਂ ਨਾਲ ਜੁੜੇ ਵਿਅਕਤੀਆਂ ਖਿਲਾਫ਼ ਦਰਜ ਕੀਤੇ ਗਏ ਪਰਚਿਆਂ ਅਤੇ ਵੱਡੀ ਗਿਣਤੀ ਵਿਚ ਕਿਰਪਾਨਾਂ ਤੇ ਸ਼ਸਤਰਾਂ ਨੂੰ ਜਬਤ ਕੀਤੇ ਜਾਣ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੇਹੱਦ ਮੰਦਭਾਗਾ ਅਤੇ ਸਿੱਖ ਮਨਾਂ ਨੂੰ ਸੱਟ ਮਾਰਨ ਵਾਲੀ ਕਾਰਵਾਈ ਆਖਿਆ ਹੈ। ਜਾਰੀ ਪ੍ਰੈੱਸ ਬਿਆਨ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਧਰਮ ਅੰਦਰ ਸ਼ਸਤਰਾਂ ਦੀ ਅਹਿਮ ਮਹੱਤਤਾ ਹੈ ਅਤੇ ਗੁਰੂ ਸਾਹਿਬ ਨੇ ਹਰ ਸਿੱਖ ਨੂੰ ਸ਼ਸ਼ਤਰਧਾਰੀ ਹੋਣ ਦਾ ਆਦੇਸ਼ ਕੀਤਾ ਹੈ, ਇਸ ਲਈ ਸ਼ਸਤਰ ਸਿੱਖ ਰਹਿਣੀ ਦਾ ਅਹਿਮ ਅੰਗ ਹਨ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਉਹ ਪਾਵਨ ਅਸਥਾਨ ਹੈ, ਜਿਥੇ ਸ਼ਸ਼ਤਰਾਂ ਦੀ ਸੇਵਾ ਅਤੇ ਸਤਿਕਾਰ ਸਦੀਆਂ ਤੋਂ ਸਿੱਖ ਪ੍ਰੰਪਰਾਵਾਂ ਦਾ ਅਟੁੱਟ ਹਿੱਸਾ ਰਿਹਾ ਹੈ। ਅਜਿਹੇ ਵਿਚ ਸਿੱਖਾਂ ਦੀ ਆਸਥਾ ਨਾਲ ਜੁੜੇ ਅਸਥਾਨ 'ਤੇ ਪ੍ਰਸ਼ਾਸਨ ਵੱਲੋਂ ਸਿੱਖ ਪ੍ਰੰਪਰਾਵਾਂ ਨੂੰ ਨਜ਼ਰਅੰਦਾਜ਼ ਕਰਦਿਆਂ ਕੀਤੀ ਗਈ ਕਾਰਵਾਈ ਨੇ ਸਿੱਖ ਕੌਮ ਅੰਦਰ ਵੱਡਾ ਰੋਸ ਪੈਦਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਾਨੂੰਨ ਦੀ ਪਾਲਣਾ ਕਰਨਾ ਹਰ ਨਾਗਰਿਕ ਦਾ ਫ਼ਰਜ਼ ਹੈ, ਪ੍ਰੰਤੂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਸਿੱਖ ਧਰਮ ਦੀਆਂ ਧਾਰਮਿਕ ਭਾਵਨਾਵਾਂ, ਮਰਯਾਦਾ ਅਤੇ ਇਤਿਹਾਸਕ ਪ੍ਰੰਪਰਾਵਾਂ ਦਾ ਪੂਰਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਕੋਈ ਵੀ ਅਜਿਹੀ ਕਾਰਵਾਈ ਨਹੀਂ ਕਰਨੀ ਚਾਹੀਦੀ, ਜੋ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਹੋਵੇ। ਐਡਵੋਕੇਟ ਧਾਮੀ ਨੇ ਮਹਾਰਾਸ਼ਟਰ ਸਰਕਾਰ ਅਤੇ ਪ੍ਰਸ਼ਾਸਨ ਨੂੰ ਦਰਜ ਕੀਤੇ ਅਜਿਹੇ ਪਰਚੇ ਤੁਰੰਤ ਰੱਦ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਸਿੱਖ ਆਪਣੇ ਧਾਰਮਿਕ ਚਿੰਨ੍ਹਾਂ, ਸ਼ਸ਼ਤਰ ਪ੍ਰੰਪਰਾ ਅਤੇ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਵਿਲੱਖਣ ਪਛਾਣ 'ਤੇ ਹਮੇਸ਼ਾ ਦ੍ਰਿੜ੍ਹਤਾ ਨਾਲ ਪਹਿਰਾ ਦਿੰਦੇ ਹਨ ਅਤੇ ਸਰਕਾਰਾਂ ਨੂੰ ਵੀ ਸਿੱਖ ਪ੍ਰੰਪਰਾਵਾਂ ਦੀ ਮਾਣ-ਮਰਯਾਦਾ ਦਾ ਧਿਆਨ ਰੱਖਣਾ ਚਾਹੀਦਾ ਹੈ।

## ਬਾਬਾ ਬਕਾਲਾ ਸਾਹਿਬ ਵਿੱਖੇ ਪੰਥਕ ਕਾਨਫ਼ਰੰਸ 'ਚ ਬੁਲਾਰਿਆਂ ਨੇ

# ਸਰਕਾਰ ਨੂੰ ਐਕਟ 'ਚੋਂ ਇਤਰਾਜ਼ਯੋਗ ਮੱਦਾਂ ਤੁਰੰਤ ਹਟਾਉਣ ਲਈ ਆਖਿਆ

☛ ਸ਼ਹੀਦੀ ਹਫ਼ਤੇ ਮਗਰੋਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਲਿਆ ਜਾਵੇਗਾ ਸਖ਼ਤ ਫੈਸਲਾ: ਜਥੇਦਾਰ ਗੜਗੱਜ

☛ ਐਕਟ ਨੂੰ ਲੈ ਕੇ ਸਰਕਾਰ ਦਾ ਹੱਠੀ ਰਵੱਈਆ ਉਸ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ: ਐਡਵੋਕੇਟ ਧਾਮੀ



**ਗੁਰਦਾਸਪੁਰ, 31 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026" ਵਿਚ ਦਰਜ ਮੱਦਾਂ ਜਿਨ੍ਹਾਂ 'ਤੇ ਸਿੱਖ ਪੰਥ ਵੱਲੋਂ ਇਤਰਾਜ਼ ਜਿਤਾਏ ਜਾ ਰਹੇ ਹਨ, ਸਬੰਧੀ ਵਿਚਾਰਾਂ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫ਼ਰੰਸ ਹੋਈ। ਇਸ ਕਾਨਫ਼ਰੰਸ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ ਸਮੇਤ ਵੱਖ-ਵੱਖ ਸਿੱਖ ਸੰਪ੍ਰਦਾਵਾਂ, ਜਥੇਬੰਦੀਆਂ, ਸਿੱਖ ਬੁੱਧੀਜੀਵੀ ਅਤੇ ਪੰਜਾਬ ਭਰ ਤੋਂ ਵੱਡੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕੀਤੀ। ਪੰਥਕ ਕਾਨਫ਼ਰੰਸ 'ਚ ਵੱਖ-ਵੱਖ ਬੁਲਾਰਿਆਂ ਨੇ ਇਕਮਤ ਹੋ ਕੇ ਸਰਕਾਰ ਵੱਲੋਂ ਪਾਸ ਕੀਤੇ ਐਕਟ ਵਿਚਲੀਆਂ ਖਾਮੀਆਂ ਨੂੰ ਤੁਰੰਤ ਦੂਰ ਕੀਤੇ ਜਾਣ 'ਤੇ ਜ਼ੋਰ ਦਿੱਤਾ। ਬੁਲਾਰਿਆਂ ਕਿਹਾ ਕਿ ਜਿੜੀਆਂ ਮੱਦਾਂ 'ਤੇ ਪੰਥ ਨੂੰ ਇਤਰਾਜ਼ ਹੈ, ਸਰਕਾਰ ਨੂੰ ਆਪਣੇ ਹੱਠਧਰਮੀ ਛੱਡ ਕੇ ਸਿੱਖ ਭਾਵਨਾਵਾਂ ਅਨੁਸਾਰ ਸੋਧ ਕਰਨ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ। ਇਸੇ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰ ਦੁਆਰਾ ਪਾਸ ਕੀਤਾ ਇਹ ਕਾਨੂੰਨ ਮਿੱਠਾ ਜ਼ਿਹਰ ਹੈ, ਜੋ ਕੌਮ ਦੇ ਭਵਿੱਖ ਲਈ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਸਿੱਖ ਸੰਸਥਾਵਾਂ ਅੰਦਰ ਸਿੱਧੀ ਦਖ਼ਲਅੰਦਾਜ਼ੀ ਦੀ ਚਾਲ ਹੈ, ਜਿਸ ਨੂੰ ਕੌਮ ਭਲੀਭਾਂਤ ਸਮਝਦੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਨਾਲ ਖ਼ਾਲਸਾ ਪੰਥ ਸਹਿਮਤ ਹੈ, ਪਰ ਕਾਨੂੰਨ ਵਿਚ ਮਰਯਾਦਾ ਅਤੇ ਸੇਵਾਦਾਰਾਂ ਧਿਰਾਂ ਨਾਲ ਸਬੰਧਤ ਮੱਦਾਂ 'ਤੇ ਕੌਮ ਨੂੰ ਵੱਡਾ ਇਤਰਾਜ਼ ਹੈ। ਪੰਜਾਬ ਸਰਕਾਰ ਦੀ ਵਿਧਾਨ ਸਭਾ ਨੇ ਇਸ ਕਾਨੂੰਨ ਨਾਲ ਗੁਰੂ ਗ੍ਰੰਥ ਅਤੇ ਗੁਰੂ ਪੰਥ ਉੱਤੇ ਆਪਣਾ ਕੰਟ੍ਰੋਲ ਕਰਨ ਦਾ ਯਤਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਵਿਧਾਨ ਸਭਾ ਗੁਰੂ ਖ਼ਾਲਸਾ ਪੰਥ ਦੀ ਨੁਮਾਇੰਦਗੀ ਨਹੀਂ ਕਰਦੀ ਅਤੇ ਨਾ ਹੀ ਇਹ ਧਰਮ ਦੇ ਨਿਯਮ ਤੈਅ ਕਰ ਸਕਦੀ ਹੈ ਅਤੇ ਇਹ ਸਰਕਾਰ ਵੱਲੋਂ ਪੰਥ ਦੇ ਅਧਿਕਾਰ ਵਿਚ ਦਖ਼ਲ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰੰਤੂ ਸ੍ਰੀ ਅਕਾਲ ਤਖ਼ਤ ਸਾਹਿਬ ਸਦੀਵੀ ਹੈ। ਸਰਕਾਰ ਸਿੱਖਾਂ ਦੀ ਸਹਿਮਤੀ ਤੋਂ ਬਿਨਾਂ ਸਿੱਖਾਂ ਉੱਤੇ ਆਪਣੇ ਹਿਸਾਬ ਨਾਲ ਕਾਇਦੇ ਕਾਨੂੰਨ ਨਹੀਂ ਥੋਪ ਸਕਦੀ।

ਜਥੇਦਾਰ ਗੜਗੱਜ ਨੇ ਕਿਹਾ ਕਿ ਅਸਲ ਮਾਮਲਾ ਬੇਅਦਬੀ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾਵਾਂ ਦੇਣ ਦਾ ਸੀ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਉਹ ਕਿਹੜੀਆਂ ਸ਼ਕਤੀਆਂ ਹਨ ਜੋ ਲਗਾਤਾਰ ਲੰਮੇ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਸੱਟ ਮਾਰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ 2015 ਦੇ ਬੇਅਦਬੀ ਮਾਮਲਿਆਂ ਵਿੱਚ ਡੇਰਾ ਸਿਰਸਾ ਮੁਖੀ ਦਾ ਹੱਥ ਹੈ, ਲੇਕਿਨ ਸਰਕਾਰ ਨੇ ਅੱਜ ਤਕ ਉਸ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਨਹੀਂ ਲਿਆਂਦਾ ਤੇ ਨਾ ਸਜ਼ਾ ਦਿੱਤੀ। ਸਗੋਂ ਬੇਅਦਬੀ ਨਾਲ ਸਬੰਧਤ ਕੇਸ ਪੰਜਾਬ ਤੋਂ ਬਾਹਰ ਤਬਦੀਲ ਕਰਨ ਲਈ ਸਰਕਾਰ ਦੇ ਵਕੀਲਾਂ ਦੀ ਸਹਿਮਤੀ ਦੋਸ਼ੀਆਂ ਨੂੰ ਬਚਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ 15 ਦਿਨਾਂ ਦਾ ਸਮਾਂ ਦਿੱਤਾ ਸੀ, ਜੋ ਪੂਰਾ ਹੋ ਚੁੱਕਾ ਹੈ ਅਤੇ ਸਰਕਾਰ ਨੇ ਸਿੱਖਾਂ ਦੇ ਇਤਰਾਜ਼ਾਂ ਸਬੰਧੀ ਵਿਚਾਰ ਕਰਨ ਦੀ ਵੀ ਕੋਈ ਗੱਲ ਨਹੀਂ ਕੀਤੀ। ਇਸ ਦੇ ਉਲਟ ਮੁੱਖ ਮੰਤਰੀ ਵੱਲੋਂ ਹੈਂਕੜ ਭਰੇ ਪ੍ਰਗਟਾਵੇ ਕੀਤੇ ਜਾ ਰਹੇ ਹਨ, ਜੋ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਵੰਗਾਰ ਦੇ ਤੁੱਲ ਹੈ। ਉਨ੍ਹਾਂ ਕਿਹਾ ਕਿ ਜੂਨ 1984 ਘੱਲੂਘਾਰੇ ਦੇ ਸ਼ਹੀਦੀ ਹਫ਼ਤੇ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਸਰਕਾਰ ਦੇ ਇਸ ਰਵੱਈਆ ਦਾ ਨੋਟਿਸ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹੁਣ ਸਰਕਾਰ ਨੂੰ ਨਹੀਂ ਸਗੋਂ ਖ਼ਾਲਸਾ ਪੰਥ ਨੂੰ ਸੰਬੋਧਤ ਹੁੰਦਿਆਂ ਸਖ਼ਤ ਫ਼ੈਸਲਾ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਵੱਲੋਂ ਪਾਸ ਕੀਤੇ ਐਕਟ ਵਿਚ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਤੋਂ ਕਿਸੇ ਨੂੰ ਇਤਰਾਜ਼ ਨਹੀਂ, ਪ੍ਰੰਤੂ ਇਸ ਵਿਚਲੀਆਂ ਕੁਝ ਮੱਦਾਂ ਸਿੱਖ ਸੰਗਤਾਂ ਨੂੰ ਗੁਰਬਾਣੀ ਤੋਂ ਦੂਰ ਕਰਨ ਵਾਲੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਬੁੱਧੀਜੀਵੀਆਂ ਅਤੇ ਸੰਗਤਾਂ ਵੱਲੋਂ ਲਗਾਤਾਰ ਇਤਰਾਜ਼ ਕਰਨ ਤੋਂ ਬਾਅਦ ਵੀ ਸਰਕਾਰ ਦਾ ਹੱਠੀ ਰਵੱਈਆ ਉਸ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਇਸ ਵਿਸ਼ਾਲ ਇਕੱਠ ਨੇ ਸਾਬਤ ਕਰ ਦਿੱਤਾ ਹੈ ਕਿ ਸਿੱਖ ਆਪਣੇ ਧਾਰਮਿਕ ਮਾਮਲਿਆਂ 'ਚ ਸਰਕਾਰੀ ਦਖ਼ਲ ਨੂੰ ਬਰਦਾਸ਼ਤ ਨਹੀਂ ਕਰਨਗੇ। ਐਡਵੋਕੇਟ ਧਾਮੀ ਨੇ ਸਰਕਾਰ ਨੂੰ ਸਿੱਖ ਭਾਵਨਾਵਾਂ ਸਮਝਦਿਆਂ ਐਕਟ ਵਿਚਲੀਆਂ ਇਤਰਾਜ਼ਯੋਗ ਮੱਦਾਂ ਨੂੰ ਤੁਰੰਤ ਹਟਾਏ ਜਾਣ ਲਈ ਆਖਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਪੰਥਕ ਭਾਵਨਾਵਾਂ ਦੀ ਤਰਜ਼ਮਾਨੀ ਕਰਦਾ ਇਕ ਮਤਾ ਪੇਸ਼ ਕੀਤਾ, ਜਿਸ ਨੂੰ ਸਮੂਹ ਸਿੱਖ ਜਥੇਬੰਦੀਆਂ ਅਤੇ ਹਾਜ਼ਰ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ ਇਸੇ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਆਪਣੇ ਸਬੰਧਨ ਵਿਚ ਸਰਕਾਰ ਨੂੰ ਸਿੱਖ ਭਾਵਨਾਵਾਂ ਸਮਝਣ ਅਤੇ ਇਤਰਾਜ਼ ਮੱਦਾਂ ਨੂੰ ਹਟਾਏ ਜਾਣ ਲਈ ਆਖਿਆ। ਇਸ ਦੌਰਾਨ ਸੱਚਖੰਡ ਸੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਬਾਬਾ ਜੀਤ ਸਿੰਘ ਜੌਲਾਂ, ਐਡਵੋਕੇਟ ਪੂਰਨ ਸਿੰਘ ਹੁੰਦਲ, ਡਾ. ਪ੍ਰਿਤਪਾਲ ਸਿੰਘ, ਡਾ. ਕੇਹਰ ਸਿੰਘ, ਬਾਬਾ ਭਾਗ ਸਿੰਘ ਬੰਗੇ ਵਾਲੇ, ਬਾਬਾ ਅਮੀਰ ਸਿੰਘ ਜਵੱਦੀ ਕਲਾ, ਡਾ. ਗੁਰਨਾਮ ਸਿੰਘ, ਸ. ਇਮਾਨ ਸਿੰਘ ਮਾਨ, ਸਾਬਕਾ ਮੰਤਰੀ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਭਾਈ ਤਾਰਾ ਸਿੰਘ, ਭਾਈ ਗੁਰਜੀਤ ਸਿੰਘ, ਭਾਈ ਦਾਰਾ ਸਿੰਘ ਅਕਲੀਆਂ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਵੱਲੋਂ ਗਿਆਨੀ ਸੁਖਵਿੰਦਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਤੇ ਗਿਆਨੀ ਮਲਕੀਤ ਸਿੰਘ, ਗਿਆਨੀ ਜੋਗਿੰਦਰ ਸਿੰਘ ਹੈੱਡ ਗ੍ਰੰਥੀ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ, ਪ੍ਰਦਮਸ੍ਰੀ ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਸੁਖਵਿੰਦਰ ਸਿੰਘ ਕਾਰਸੇਵਾ ਭੂਰੀ ਵਾਲੇ, ਬਾਬਾ ਗੁਰਨਾਮ ਸਿੰਘ ਸਰਹਾਲੀ, ਬਾਬਾ ਜੋਗਿੰਦਰ ਸਿੰਘ ਬੜੂ ਸਾਹਿਬ ਵਾਲੇ, ਕਥਾਵਾਚਕ ਗਿਆਨੀ ਜਸਵੰਤ ਸਿੰਘ, ਬਾਬਾ ਹਾਕਮ ਸਿੰਘ ਨਿਰਮਲੇ ਸੰਪਰਦਾ, ਬਾਬਾ ਜੀਵਨ ਸਿੰਘ ਨਿਰਮਲੇ ਸੰਪਰਦਾ, ਬਾਬਾ ਸੁੱਖਾ ਸਿੰਘ ਬਾਬਾ ਹਾਕਮ ਸਿੰਘ ਸਿਰਹਾਲੀ ਸਾਹਿਬ ਵਾਲੇ, ਬਾਬਾ ਪ੍ਰਗਟ ਸਿੰਘ ਚੋਹਲਾ ਸਾਹਿਬ, ਬਾਬਾ ਚਰਨ ਸਿੰਘ ਦਿਆਲਪੁਰਾ, ਬਾਬਾ ਮਹਿੰਦਰ ਸਿੰਘ ਕਾਰਸੇਵਾ ਤਾਰਨ ਤਾਰਨ, ਮਹੰਤ ਜਗਰੂਪ ਸਿੰਘ ਨਿਰਮਲੇ, ਸੰਤ ਬਾਬਾ ਭਾਗ ਸਿੰਘ ਬੰਗੇਵਾਲੇ, ਬਾਬਾ ਸੁੱਖਾ ਸਿੰਘ ਕਾਰਸੇਵਾ ਵਾਲੇ ਸਰਹਾਲੀ ਵੱਲੋਂ ਬਾਬਾ ਤਾਰਾ ਸਿੰਘ, ਬਾਬਾ ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ, ਬਾਬਾ ਬਚਨ ਸਿੰਘ ਦਿਲੀ ਵਾਲੇ, ਬਾਬਾ ਭਾਗ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਗੜ੍ਹੀ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗਬਹਾਦਰ ਸਿੰਘ ਰਾਏ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਬਚਨ ਸਿੰਘ ਕਰਮੂਵਾਲਾ, ਸ. ਬਲਜੀਤ ਸਿੰਘ ਜਲਾਲ ਉਸਮਾ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਜਥੇਦਾਰ ਕੌਰ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਮੀਤ ਸਿੰਘ ਬੂਹ, ਭਾਈ ਅਜੈਬ ਸਿੰਘ ਅਭਿਆਸੀ, ਸ. ਨਵਤੇਜ ਸਿੰਘ ਕਾਉਣੀ, ਸ. ਰਣਜੀਤ ਸਿੰਘ ਕਾਹਲੋਂ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਸਮੇਰ ਸਿੰਘ ਲਾਛੜੂ, ਸ. ਗੁਰਨਾਮ ਸਿੰਘ ਜੱਸਲ, ਬਾਬਾ ਬਲਬੀਰ ਸਿੰਘ ਘੁੰਨਸ, ਸ. ਬਲਦੇਵ ਸਿੰਘ ਚੂੰਘਾਂ, ਬੀਬੀ ਕਿਰਨਜੋਤ ਕੌਰ, ਬੀਬੀ ਗੁਰਪ੍ਰੀਤ ਕੌਰ ਬੀਬੀ ਜਸਬੀਰ ਕੌਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਬੀਬੀ ਜਸਬੀਰ ਕੌਰ ਜੱਫਰਵਾਲ, ਸ. ਬਲਵਿੰਦਰ ਸਿੰਘ ਵੇਈਂ ਪੂਈਂ, ਬੀਬੀ ਗੁਰਿੰਦਰ ਕੌਰ, ਬੀਬੀ ਜਸਪ੍ਰੀਤ ਕੌਰ ਮਹਿਲਪੁਰ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਬਲਦੇਵ ਸਿੰਘ ਖੋਖ, ਸ. ਅਮਰਜੀਤ ਸਿੰਘ ਬੰਡਾਲਾ, ਸ. ਹਰਪਾਲ ਸਿੰਘ ਜੱਲ੍ਹਾ, ਸ. ਖੁਸਵਰਸ਼ ਸਿੰਘ ਪੰਨੂ, ਸ. ਦਰਸ਼ਨ ਸਿੰਘ ਸੇਰਖਾਂ, ਸ. ਪਰਮਜੀਤ ਸਿੰਘ ਲੱਖੇਵਾਲ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਹਰਜਿੰਦਰ ਸਿੰਘ ਪੁਆਤ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਤੇਜਿੰਦਰ ਸਿੰਘ ਪੱਡਾ, ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਸੁਖਬੀਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਅਜ਼ਾਦੀਪ ਸਿੰਘ, ਕਾਨੂਨੀ ਸਲਾਹਕਾਰ ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਮਲਕੀਤ ਸਿੰਘ, ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਰਾਜਿੰਦਰ ਸਿੰਘ ਰੂਬੀ, ਬਾਬਾ ਜੋਗਿੰਦਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਬਚਨ ਸਿੰਘ ਕਾਰਸੇਵਾ ਦਿੱਲੀ ਵਾਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਿੰਘ ਵਾਲੇ, ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ, ਬਾਬਾ ਹਰਜੀਤ ਸਿੰਘ ਬੜੂ ਸਾਹਿਬ ਵਾਲੇ, ਸ. ਮੋਹਕਮ ਸਿੰਘ, ਬਲਤੇਜ ਸਿੰਘ ਢਿੱਲੋਂ, ਜਥੇਦਾਰ ਬਾਬਾ ਦਲੀਪ ਸਿੰਘ ਮੱਲੂ ਨੰਗਲ, ਬਾਬਾ ਹਰਦੀਪ ਸਿੰਘ ਮਸਤੂਆਣਾ ਸਾਹਿਬ, ਸ. ਇੰਦਰਜੀਤ ਸਿੰਘ, ਬਾਬਾ ਹਰਜਿੰਦਰ ਸਿੰਘ ਮੋਗਾ, ਬਾਬਾ ਪ੍ਰਮਾਨੰਦ ਜੀ ਵੱਡਾ ਅਖਾੜਾ, ਅਨੂਪ ਦਾਸ ਜੰਡਿਆਲਾ ਗੁਰੂ, ਬਾਬਾ ਲੱਖਾ ਸਿੰਘ ਨਾਨਕਸਰ ਵੱਲੋਂ ਬਾਬਾ ਬਲਬੀਰ ਸਿੰਘ, ਮਹੰਤ ਕਰਮਜੀਤ ਸਿੰਘ, ਬਾਬਾ ਬਲਵੀਰ ਸਿੰਘ ਟਿੱਬੇਵਾਲੇ, ਮਹੰਤ ਮਹਾਬੀਰ ਸਿੰਘ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਸ. ਹਰਦੇਵ ਸਿੰਘ ਨਾਗੋਕੇ, ਸ. ਨਾਰੰਗ ਸਿੰਘ ਨਾਗੋਕੇ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਨਾਥ ਸਿੰਘ, ਬਾਬਾ ਸੁਰਜੀਤ ਸਿੰਘ ਗੰਗਾਨਗਰ, ਬਾਬਾ ਲਵਪ੍ਰੀਤ ਸਿੰਘ ਪੰਜਗਰਾਹੀ, ਬਾਬਾ ਮਨਜੀਤ ਸਿੰਘ ਨਿਰਮਲੇ, ਬਾਬਾ ਅਮਰ ਸਿੰਘ ਰਾੜਾ ਸਾਹਿਬ ਵਾਲੇ, ਬਾਬਾ ਸੁੱਖਾ ਸਿੰਘ ਖਿਆਲੇ ਵਾਲੇ, ਬਾਬਾ ਸੁਖਜੀਤ ਸਿੰਘ ਘਨਈਆ, ਸ. ਗੁਰਚਰਨ ਸਿੰਘ ਨਿਰਮਾਲੇ ਫਗਵਾੜੇ ਵਾਲੇ, ਬਾਬਾ ਤਰਲੋਕ ਸਿੰਘ, ਬੀਬੀ ਦਵਿੰਦਰ ਕੌਰ ਰਾਮਾ ਮੰਡੀ, ਬਾਬਾ ਅਮਰੀਕ ਸਿੰਘ, ਜਥੇਦਾਰ ਦਵਿੰਦਰ ਸਿੰਘ ਖੱਟੜਾ, ਸ. ਉਪਕਾਰ ਸਿੰਘ, ਜਥੇਦਾਰ ਬਾਬਾ ਜਗਮੋਹਨ ਸਿੰਘ, ਜਥੇਦਾਰ ਬਾਬਾ ਗੁਰਪ੍ਰੀਤ ਸਿੰਘ ਮਿਸਾਲ ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ, ਬਾਬਾ ਬੇਅੰਤ ਸਿੰਘ, ਜਥੇਦਾਰ ਸ਼ਮਸ਼ੇਰ ਸਿੰਘ ਤਰਨਾ ਦਲ, ਜਥੇਦਾਰ ਦਿਲਬਾਗ ਸਿੰਘ ਤਰਨਾ ਦਲ, ਮਾਤਾ ਜਸਬੀਰ ਕੌਰ, ਬਾਬਾ ਮੋਹਿੰਦਰ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਘੋਲਾ ਸਿੰਘ ਸਰਹਾਲੀ, ਬਾਬਾ ਰੇਸ਼ਮ ਸਿੰਘ, ਬਾਬਾ ਅਵਤਾਰ ਸਿੰਘ, ਗਲੋਬਲ ਸਿੱਖ ਕੌਂਸਿਲ ਡਾ. ਕਲਜੀਤ ਕੌਰ ਯੂਕੇ, ਸ. ਸਰਬਜੀਤ ਸਿੰਘ ਪ੍ਰਧਾਨ ਲੋਕਲ ਕਮੇਟੀ ਖਡੂਰ ਸਾਹਿਬ, ਸ. ਕੰਵਰਪਾਲ ਸਿੰਘ ਦਲ ਖਾਲਸਾ, ਸ. ਦਾਰਾ ਸਿੰਘ ਗ੍ਰੰਥੀ ਸਭਾ ਪੰਜਾਬ, ਭਾਈ ਬਲਜੀਤ ਸਿੰਘ ਆਜ਼ਾਦ, ਬਾਬਾ ਕੁਲਬੀਰ ਸਿੰਘ, ਗਿਆਨੀ ਪ੍ਰਤਾਪ ਸਿੰਘ, ਸ. ਸਰਬਜੀਤ ਸਿੰਘ ਢੋਟੀਆਂ ਹੈਡ ਪ੍ਰਚਾਰਕ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪਰਉਪਕਾਰੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

# ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ

# ਜਨਮ ਦਿਨ ਸਮਾਗਮ

# 2 ਜੂਨ ਨੂੰ ਪਿੰਡ ਰੋਡੇ ਪਹੁੰਚੋ



ਸੰਤ ਭਿੰਡਰਾਂਵਾਲੇ



**ਸਮਾਗਮ ਦਾ ਸਿੱਧਾ ਪ੍ਰਸਾਰਨ**

ਅੱਜ ਦੀ ਆਵਾਜ਼, ਮਿਸਟਰ ਸਿੰਘ ਪ੍ਰੋਡਕਸ਼ਨ ਟੀ.ਵੀ., ਚੜ੍ਹਦੀ ਕਲਾ ਟਾਈਮ ਟੀ.ਵੀ., ਅਕਾਲ ਚੈਨਲ, ਆਵਾਜ਼ਿ-ਏ-ਕੌਮ 'ਤੇ ਹੋਵੇਗਾ

ਸਮਾਂ-10 ਤੋਂ 3 ਵਜੇ ਤੱਕ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



**★ ਪ੍ਰਣਾਮ ਸ਼ਹੀਦਾਂ ਨੂੰ ★**

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ



ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ

--★ ਜਾਰੀ ਕਰਤਾ ★--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਵਿਦੇਸ਼ ਨਿਵਾਸੀ ਸਿੰਘਾਂ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਭਾਈ ਅਵਤਾਰ ਸਿੰਘ ਕੂੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਭਾਈ ਬਲਿਹਾਰ ਸਿੰਘ ਰੰਧਾਵਾ ਸਿੱਖ ਵਿਦਵਾਨ
ਭਾਈ ਤੇਜਿੰਦਰ ਸਿੰਘ ਜੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਜੀ ਬਿਆਸ ਪਿੰਡ ਵਾਲੇ, ਯੂ.ਕੇ.
ਭਾਈ ਮੋਹਨ ਸਿੰਘ ਜੀ ਯੂ.ਕੇ.
ਭਾਈ ਰੇਸ਼ਮ ਸਿੰਘ ਜੀ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਲਹਿੰਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਜੀ ਭਿੰਡਰ ਕਲਾਂ ਯੂ.ਏ.ਈ
ਭਾਈ ਜਸਵਿੰਦਰ ਸਿੰਘ ਜੀ ਕਿੱਲੀ ਚਾਹਲ
ਗਿਆਨੀ ਸੰਦੀਪ ਸਿੰਘ ਜੀ ਯੂ.ਐਸ.ਏ.
ਭਾਈ ਕੇਹਰ ਸਿੰਘ ਜੀ ਯੂ.ਕੇ.
ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਜਥੇਦਾਰ ਨਾਜਰ ਸਿੰਘ ਜੀ ਭਾਈ ਕੇ ਬਖਤੌਰ ਵਾਲੇ
ਪ੍ਰੋ. ਜਸਪਾਲ ਸਿੰਘ ਜੀ ਕੋਟਕਪੂਰਾ
ਸ੍ਰੀ ਤਰੁਣ ਜੈਨ ਬਾਵਾ ਪ੍ਰਧਾਨ ਵਪਾਰ ਮੰਡਲ ਭਾਰਤ
ਮੈਨੇਜਰ ਸ. ਬਲਜੀਤ ਸਿੰਘ ਗੁ. ਸ਼ਹੀਦ ਬਾਬਾ ਨਿਹਾਲ ਸਿੰਘ ਤੱਲਣ
ਬਾਬਾ ਹਰਮੇਲ ਸਿੰਘ ਜੀ ਸਰਦੂਲੇ ਵਾਲੇ
ਗਿਆਨੀ ਮੇਵਾ ਸਿੰਘ ਜੀ ਦਮਦਮੀ ਟਕਸਾਲ ਦਿੱਲੀ ਵਾਲੇ
ਭਾਈ ਸੁਖਰਾਜ ਸਿੰਘ ਨਿਆਮੀਵਾਲਾ ਸ਼ਹੀਦ ਪਰਿਵਾਰ
ਭਾਈ ਲਵਪ੍ਰੀਤ ਸਿੰਘ ਅੰਮ੍ਰਿਤਸਰ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਗਿਆਨੀ ਰਾਜਪਾਲ ਸਿੰਘ ਬੇਪਰਾਏ ਪ੍ਰਚਾਰਕ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸਤਨਾਮ ਸਿੰਘ ਅਲਗੋ ਖੁਰਦ ਵਾਲੇ
ਭਾਈ ਕਿਰਪਾਲ ਸਿੰਘ ਜੀ ਦਮਦਮੀ ਟਕਸਾਲ ਵਾਲੇ
ਗਿਆਨੀ ਰਣਜੋਧ ਸਿੰਘ ਜੀ ਭਦੌੜ ਵਾਲੇ
ਜਥੇਦਾਰ ਕੇਵਲ ਸਿੰਘ ਕੱਦੋਂ ਮਾਛੀਵਾੜਾ ਸਾਹਿਬ ਵਾਲੇ
ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ
ਜਥੇਦਾਰ ਬਹਾਦਰ ਸਿੰਘ ਭਾਰਟਾ ਸੀ: ਮੀਤ ਪ੍ਰਧਾਨ ਯੂਨਾਈਟਿਡ ਅਕਾਲੀ ਦਲ
ਭਾਈ ਬੇਅੰਤ ਸਿੰਘ ਸ਼ਹਿਰੀ ਪ੍ਰਧਾਨ ਫਿਰੋਜ਼ਪੁਰ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਦੀ ਜਥੇਬੰਦੀ
ਸੰਤ ਭਿੰਡਰਾਂਵਾਲੇ
ਭਾਈ ਰਘਬੀਰ ਸਿੰਘ ਵਾਲਸਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਭਾਈ ਪਰਮਜੀਤ ਸਿੰਘ ਢਾਡੀ ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ IPD
ਭਾਈ ਕਪਤਾਨ ਸਿੰਘ ਵੁਲਵਰੈਂਪਟਨ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ IPD
ਭਾਈ ਰਘਵੀਰ ਸਿੰਘ ਮਾਲੜੀ ਨੌਟਿੰਗਮ, ਚੀਫ ਆਰਗੇਨਾਈਜ਼ਰ IPD
ਬਾਬਾ ਬਘੇਲ ਸਿੰਘ ਬਰਮਿੰਘਮ ਜਥੇਦਾਰ ਧਾਰਮਿਕ ਵਿੰਗ IPD
ਭਾਈ ਮਨਜਿੰਦਰ ਸਿੰਘ ਕਵੈਂਟਰੀ ਸਾਊਥ ਆਰਗੇਨਾਈਜ਼ਰ IPD
ਭਾਈ ਰਘਵੀਰ ਸਿੰਘ ਬੀਰ੍ਹਾ ਬਰਮਿੰਘਮ ਮੀਤ ਪ੍ਰਧਾਨ IPD
ਭਾਈ ਚਰਨਜੀਤ ਸਿੰਘ ਡਰਬੀ ਨਾਰਥ ਆਰਗੇਨਾਈਜ਼ਰ IPD
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਹਰਜਿੰਦਰ ਸਿੰਘ ਬ੍ਰੈਡਫੋਰਡ ਸੀਨੀਅਰ ਮੀਤ ਪ੍ਰਧਾਨ IPD
ਭਾਈ ਸੰਤੋਖ ਸਿੰਘ ਕਵੈਂਟਰੀ ਸੀਨੀਅਰ ਮੀਤ ਸਕੱਤਰ IPD
ਭਾਈ ਸੁਰਿੰਦਰਪਾਲ ਸਿੰਘ ਵਾਲਸਾਲ ਮਿਡਲੈਂਡ ਆਰਗੇਨਾਈਜ਼ਰ IPD
ਭਾਈ ਬਿਕਰਮਜੀਤ ਸਿੰਘ ਵਾਲਸਾਲ ਮੀਤ ਸਕੱਤਰ IPD
ਭਾਈ ਮੱਖਣ ਸਿੰਘ ਇਰਾਨੀ ਬਰਮਿੰਘਮ ਸੀਨੀਅਰ ਮੈਂਬਰ IPD
ਭਾਈ ਗੁਰਵਿੰਦਰ ਸਿੰਘ ਬਾਜਵਾ ਕਵੈਂਟਰੀ ਸੀਨੀਅਰ ਮੈਂਬਰ IPD
ਭਾਈ ਜਸਪਾਲ ਸਿੰਘ ਲੈਸਟਰ ਖਜ਼ਾਨਚੀ IPD
ਭਾਈ ਅਪਿੰਦਰਪਾਲ ਸਿੰਘ ਹੈਪੀ ਬਰਮਿੰਘਮ ਮੀਤ ਖਜ਼ਾਨਚੀ IPD
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ





ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

"ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ........................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ........................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ, ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਹਿਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾਂ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾ ਇਨਾਮ | ਦੂਜਾ ਇਨਾਮ | ਤੀਜਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਦਰੇ ਦੀ ਕੁਸ਼ਤੀ ਗਗਨ ਖੰਨਾ ਅਤੇ ਇਕਬਾਲ ਇਰਾਨ ਵਿੱਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆਂ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਜਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 21 ਸਾਲ ਤੱਕ ਪਹਿਲਾ ਇਨਾਮ-7100, ਦੂਜਾ ਇਨਾਮ-6100 ਰੁਪਏ ਦਿੱਤੇ ਜਾਣਗੇ । ਜਰੂਰੀ ਹਦਾਇਤਾਂ ਆਪਣੇ ਨਾਲ ਦਸਤਾਰ, ਸ਼ੀਸ਼ਾ ਅਤੇ ਕਾਪਲ ਲੈ ਕੇ ਆਉਣ ।



24 ਜੂਨ ਦਿਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ ।



ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

### ਜੌਹਲ ਹਸਪਤਾਲ

ਦਲ ਖਿਡਾਰੀਆਂ ਅਤੇ ਬਾਹਰ ਆਏ ਦਰਸ਼ਕਾਂ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

**ਜ਼ਰੂਰੀ ਸ਼ਰਤਾਂ** 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆਂ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਬਾਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋ ਬਾਹਰ ਕੱਢ ਦਿੱਤਾ ਜਾਵੇਗਾ । 5. **ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ** । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. **ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।**



ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਦਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਦੱਖਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**


ਅਕਾਲੀ ਦਲ
ਵਾਰਿਸ ਪੰਜਾਬ ਦੇ
ਮਰਦ-ਏ-
ਮੁਜਾਹਿਦ
ਸੰਤ ਬਾਬਾ
ਜਰਨੈਲ ਸਿੰਘ ਜੀ
ਖ਼ਾਲਸਾ ਭਿੰਡਰਾਂਵਾਲਿਆਂ ਦੇ
ਜਨਮ ਦਿਵਸ ਤੇ
2 ਜੂਨ ਨੂੰ
ਰੋਡੇ ਪਹੁੰਚੋ
ਵੱਲੋਂ : ਬਾਪੂ ਤਰਸੇਮ ਸਿੰਘ ਜੀ
ਜਾਰੀ ਕਰਤਾ : ਸ਼ਮਸ਼ੇਰ ਸਿੰਘ ਪੱਧਰੀ
ਆਵਾਜ਼ਿ ਕੌਮ
AWAZE QAUM
International Newspaper & WEB TV




ਆਵਾਜ਼ਿ ਕੌਮ AWAZE QAUM International Newspaper & WEB TV

# ਕਵੈਟਰੀ ਇੰਗਲੈਂਡ

ਅਕਾਲੀ ਦਲ ਵਾਰਿਸ ਪੰਜਾਬ ਪਾਰਟੀ
ਦੇ ਸੇਵਾਦਾਰ ਭਾਈ ਜਗਰੂਪ ਸਿੰਘ,
ਭਾਈ ਗੁਰਵਿੰਦਰ ਸਿੰਘ, ਭਾਈ ਜਸਵੀਰ ਸਿੰਘ

ਭਾਈ ਹਰਵਿੰਦਰ ਸਿੰਘ, ਭਾਈ ਪ੍ਰਭਜੀਤ ਸਿੰਘ,ਦੀਪਾ ਸਿੰਘ, ਭਾਈ ਕੁਲਵੰਤ ਸਿੰਘ ਆਦਿ ਸਿੰਘ ਜੋ ਇੰਗਲੈਂਡ ਵਿੱਚ ਪਾਰਟੀ ਦਾ ਪ੍ਰਚਾਰ ਵਿਸਾਰ ਕਰ ਰਹੇ ਹਨ। ਕਵੈਟਰੀ, ਲੰਦਨ, ਡਰਬੀ,ਲੂਟਨ ਤੇ ਵੂਲਬਰਹਮਟਨ ਸ਼ਹਿਰਾਂ ਵਿੱਚੋਂ ਸਿੰਘਾ ਨੇ ਸੰਤਾਂ ਦੇ ਜਨਮ ਦਿਆੜੇ 2 ਜੂਨ ਸੰਗਤਾਂ ਨੂੰ ਵੱਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ ।

**ਇੰਗਲੈਂਡ ਤੋਂ ਹਮੇਸ਼ਾ ਹੀ ਵੱਡਾ ਸਹਿਯੋਗ ਦਿੱਤਾ ਜਾਂਦਾ ਹੈ ।**

**ਅਕਾਲੀ ਦਲ ਵਾਰਿਸ ਪੰਜਾਬ ਦੇ ਯੂ. ਕੇ. ਟੀਮ**



ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਵਿਦੇਸ਼ ਨਿਵਾਸੀ ਸਿੰਘਾਂ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਭਾਈ ਗੁਰਦੇਵ ਸਿੰਘ ਬਰਾੜ ਰੋਡੇ (ਯੂ.ਕੇ.)
ਭਾਈ ਸ਼ਮਸ਼ੇਰ ਬਹਾਦਰ ਸਿੰਘ, ਲੈਸਟਰ ਪ੍ਰੈਸ ਸਕੱਤਰ ਮੀਤ ਖਜਾਨਚੀ IPD
ਭਾਈ ਬਲਬੀਰ ਸਿੰਘ ਰੰਧਾਵਾ ਯੂ.ਕੇ.
ਭਾਈ ਅਮਰੀਕ ਸਿੰਘ ਤੂਰ, ਡਰਬੀ ਸੀਨੀਅਰ ਮੈਂਬਰ IPD
ਭਾਈ ਨਛੱਤਰ ਸਿੰਘ ਛੋਕਰ, ਡਰਬੀ ਸਹਿਯੋਗੀ IPD
ਭਾਈ ਬਲਜੀਤ ਸਿੰਘ ਕੰਗ ਬਰਮਿੰਘਮ ਸਹਿਯੋਗੀ IPD
ਭਾਈ ਹਰਜਿੰਦਰ ਸਿੰਘ ਖੇਲਾ ਯੂ.ਕੇ.
ਭਾਈ ਧੰਨਾ ਸਿੰਘ ਗੋਸਲ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਗਿਆਨੀ ਸੋਹਣ ਸਿੰਘ ਜੀ ਯੂ.ਕੇ.
ਗਿਆਨੀ ਸੁਖਰਾਜ ਸਿੰਘ ਜੀ ਯੂ.ਕੇ.
ਗਿਆਨੀ ਗੁਰਜਿੰਦਰ ਸਿੰਘ ਜੀ ਯੂ.ਕੇ.
ਭਾਈ ਸੁਖਬੀਰ ਸਿੰਘ ਜੀ ਯੂ.ਕੇ.
ਭਾਈ ਭਰਵਿੰਦਰ ਸਿੰਘ ਬੱਵੀ ਯੂ.ਕੇ.
ਭਾਈ ਹਰੀ ਸਿੰਘ ਜੀ ਯੂ.ਕੇ.
ਭਾਈ ਕਸ਼ਮੀਰ ਸਿੰਘ ਜੀ ਯੂ.ਕੇ.
ਭਾਈ ਅਮਨਬੀਰ ਸਿੰਘ ਗਰਚਾ ਯੂ.ਕੇ.
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਨੇ

# ਬਾਬਾ ਦੀਪ ਸਿੰਘ ਸਕੂਲ ਮਹਿਸਮਪੁਰ ਵਿਖੇ 30ਵਾਂ ਦੀਵਾਨ ਸਜਾਇਆ

## ਸ਼ਹੀਦਾਂ ਦੇ ਸਤਿਕਾਰ 'ਚ ਸੰਗਤਾਂ ਰੋਜਾਨਾਂ ਸਮਾਗਮਾਂ ਚ ਹਾਜਰੀ ਭਰਨ : ਬਾਬਾ ਹਰਨਾਮ ਸਿੰਘ








ਚੌਂਕ ਮਹਿਤਾ, 31 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ ਜੂਨ 1984 (ਘੱਲੂਘਾਰਾ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਅੱਜ 30ਵੇਂ ਦਿਨ ਬਾਬਾ ਦੀਪ ਸਿੰਘ ਜੀ ਪਬਲਿਕ ਸਕੂਲ (ਮਹਿਸਮਪੁਰ) ਵਿਖੇ ਸ਼ਾਮ ਦੇ ਦੀਵਾਨ ਸਜਾਏ ਗਏ। ਸਮਾਗਮ ਨੂੰ ਲੈਕੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ (ਜਲਾਲ ਉਸਮਾਂ), ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾਂ ਦੀ ਨਿਗਰਾਨੀ ਹੇਠ ਸਕੂਲ ਮੈਨੇਜਮੈਂਟ ਦੇ ਵੱਲੋਂ ਸੁੰਦਰ ਪ੍ਰਬੰਧ ਕੀਤੇ ਗਏ। ਇਸ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਜਥੇ ਨੇ ਰਸਭਿਨਾਂ ਕੀਰਤਨ ਕੀਤਾ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸੂਰਜ ਪ੍ਰਕਾਸ਼ ਗ੍ਰੰਥ ਦੇ ਵਿਚੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਲੜੀਵਾਰ ਕਥਾ ਦਾ ਪ੍ਰਸੰਗ ਸਰਵਨ ਕਰਵਾਇਆ ਅਤੇ ਸਮਾਗਮ ਵਿਚ ਮੌਜੂਦ ਬੇਅੰਤ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਕਥਾ ਵਿਚਾਰ ਦੌਰਾਨ ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਅਤੇ ਸਟੇਜ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਇਸ ਸਮੇਂ ਗਿਆਨੀ ਖਾਲਸਾ ਨੇ ਆਖਿਆ ਕਿ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਦੇ ਵਿੱਚ 1 ਤੋਂ 5 ਜੂਨ ਤਕ ਸ਼ਹੀਦੀ ਹਫਤੇ ਦੇ ਸਮਾਗਮ ਹੋਣਗੇ ਅਤੇ 6 ਜੂਨ ਨੂੰ 42ਵਾਂ ਮਹਾਨ ਸ਼ਹੀਦੀ ਸਮਾਗਮ ਅੰਤਰ ਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਗਿਆਨੀ ਖਾਲਸਾ ਨੇ ਸਮੂਹ ਸੰਗਤਾਂ ਨੂੰ ਇੰਨਾ ਸਮਾਗਮਾਂ ਵਿਚ ਹੁੰਮ ਹੁੰਮਾ ਕੇ ਹਾਜਰੀਆਂ ਭਰਨ ਅਤੇ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਦੀ ਅਪੀਲ ਕੀਤੀ। ਦੀਵਾਨ ਦੀ ਸਮਾਪਤੀ ਮੌਕੇ ਸੰਤ ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਮਾ ਸੁਖਦੇਵ ਸਿੰਘ ਜਲਾਲ, ਸਰਪੰਚ ਸਲਵਿੰਦਰ ਸਿੰਘ ਟੋਨਾ, ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾਂ ਅਤੇ ਹੋਰਨਾਂ ਪ੍ਰਬੰਧਕਾਂ ਦੇ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਮਾ ਦਲਜੀਤ ਸਿੰਘ, ਮਾ ਸਤਪਾਲ ਸਿੰਘ, ਰਣਜੀਤ ਸਿੰਘ ਰਾਣਾ, ਪ੍ਰਭਜੀਤ ਸਿੰਘ ਪੰਚ, ਹਰਦੇਵ ਸਿੰਘ ਰਣਜੀਤ ਸਿੰਘ ਫੌਜੀ, ਬਚਿੱਤਰ ਸਿੰਘ ਟਰਾਂਸਪੋਰਟਰ, ਇਕਬਾਲ ਸਿੰਘ ਮਾਨ, ਸਿਕੰਦਰ ਸਿੰਘ, ਨੰਬਰਦਾਰ ਜਗਤਾਰ, ਬਲਜਿੰਦਰ ਸਿੰਘ, ਗੁਰਮੀਤ ਸਿੰਘ ਮਾਨ, ਤੇਜਬੀਰ ਸਿੰਘ ਭਲਾਈਪੁਰ, ਮਾ ਸੁਖਦੇਵ ਸਿੰਘ, ਬਲਕਾਰ ਸਿੰਘ ਪੀ ਬੀ ਐੱਸ, ਅਵਤਾਰ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ ਤੇ ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





"ਬਿਨੁ ਕਰਤਾਰ ਨ ਕਿਰਤਮ ਮਾਨੋ" : ਡੇਰੇਦਾਰਾਂ ਦੇ ਚਮਤਕਾਰਾਂ ਉੱਤੇ ਗੁਰਬਾਣੀ ਦਾ ਕਰਾਰਾ ਵਾਰ": ਭਾਈ ਸ਼ੁਭਦੀਪ ਸਿੰਘ

# ਕੁਰਸੀਆਂ ਤੇ ਡੇਰੇ ਰਹਿ ਜਾਣਗੇ ਖਾਲੀ, ਗੁਰੂ ਦੀ ਬਾਣੀ ਰਹੇਗੀ ਸਦੀਵੀ



**ਨਵੀਂ ਦਿੱਲੀ 31 ਮਈ (ਮਨਪ੍ਰੀਤ ਸਿੰਘ ਖਾਲਸਾ)**:- ਅੱਜ ਦੇ ਯੁੱਗ ਦਾ ਸਭ ਤੋਂ ਵੱਡਾ ਰੋਗ ਇਹ ਨਹੀਂ ਕਿ ਮਨੁੱਖ ਨਾਸ਼ਿਤਕ ਹੋ ਗਿਆ ਹੈ, ਰੋਗ ਇਹ ਹੈ ਕਿ ਉਹ ਆਪਣੇ ਆਪ ਨੂੰ ਹੀ "ਕਰਤਾਰ" ਸਮਝ ਬੈਠਾ ਹੈ। ਕੋਈ ਕੁਰਸੀ 'ਤੇ ਬੈਠ ਕੇ ਲੋਕਾਂ ਦੀ ਕਿਸਮਤ ਲਿਖਣ ਦਾ ਦਾਅਵਾ ਕਰਦਾ ਹੈ, ਕੋਈ ਧਰਮ ਦੇ ਨਾਮ 'ਤੇ ਆਪਣੀ ਦੁਕਾਨ ਚਲਾਉਂਦਾ ਹੈ, ਕੋਈ ਸੋਸ਼ਲ ਮੀਡੀਆ ਦੇ ਦੋ ਮਿੰਟਾਂ ਦੇ ਸ਼ੋਰ ਨੂੰ ਸੱਚ ਦਾ ਤਖ਼ਤ ਸਮਝ ਬੈਠਾ ਹੈ। ਹਰ ਕੋਈ ਆਪਣੇ ਆਪ ਨੂੰ ਕੇਂਦਰ ਬਣਾਉਣ ਵਿੱਚ ਲੱਗਾ ਹੈ। ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸ਼ੁਭਦੀਪ ਸਿੰਘ ਨੇ ਕਿਹਾ ਗੁਰਬਾਣੀ ਦੀ ਇਹ ਪੰਕਤੀ "ਬਿਨੁ ਕਰਤਾਰ ਨ ਕਿਰਤਮ ਮਾਨੋ" ਅੱਜ ਦੇ ਸਮੇਂ ਉੱਤੇ ਇਕ ਤਿੱਖੀ ਚੋਟ ਹੈ। ਭਾਵ ਇਹ ਕਿ ਸਿਰਜਣਹਾਰ ਤੋਂ ਬਿਨਾਂ ਕਿਸੇ ਹੋਰ ਦੀ ਕਿਰਤ, ਤਾਕਤ ਜਾਂ ਔਕਾਤ ਨੂੰ ਅਸਲੀ ਨਾ ਮੰਨੋ। ਪਰ ਅੱਜ ਤਾਂ ਹਾਲਤ ਉਲਟੀ ਹੈ। ਲੋਕ "ਰੱਬ" ਨੂੰ ਨਹੀਂ, "ਰੁਤਬੇ" ਨੂੰ ਮੱਥਾ ਟੇਕਦੇ ਹਨ। ਸੱਚ ਨੂੰ ਨਹੀਂ, "ਟ੍ਰੈਂਡ" ਨੂੰ ਸਲਾਮ ਕਰਦੇ ਹਨ। ਸਭ ਤੋਂ ਵੱਡਾ ਦੁੱਖ ਇਹ ਹੈ ਕਿ ਪਿੰਡਾਂ ਦੀ ਸਾਦੀ- ਭੋਲੀ ਲੋਕਾਈ, ਜਿਸਨੂੰ ਗੁਰੂ ਘਰ ਨਾਲ ਜੁੜਨਾ ਸੀ, ਉਹ ਅੱਜ ਡੇਰਿਆਂ ਦੇ ਦਰਵਾਜ਼ਿਆਂ 'ਤੇ ਮੱਥੇ ਰਗੜ ਰਹੀ ਹੈ। ਜਿਸ ਸਿਰ ਨੇ ਕੇਵਲ ਅਕਾਲ ਪੁਰਖ ਵਾਹਿਗੁਰੂ ਅੱਗੇ ਝੁਕਣਾ ਸੀ, ਉਹ ਅੱਜ ਮਨੁੱਖਾਂ ਨੂੰ "ਜੀਵੰਤ ਰੱਬ" ਮੰਨ ਕੇ ਉਨ੍ਹਾਂ ਦੇ ਚਰਨਾਂ ਵਿੱਚ ਡਿੱਗ ਰਿਹਾ ਹੈ। ਉਨ੍ਹਾਂ ਦਸਿਆ ਕਿ ਗੁਰੂ ਸਾਹਿਬ ਨੇ ਤਾਂ ਸਾਫ਼ ਆਖਿਆ ਸੀ, "ਰਾਖਨਹਾਰੁ ਅਪਾਰੁ ਪ੍ਰਭੁ ਤਾ ਕਾ ਅੰਤੁ ਨ ਪਾਰਾਵਾਰੁ ॥" ਪਰ ਅੱਜ ਲੋਕ ਅਪਾਰ ਕਰਤਾਰ ਨੂੰ ਛੱਡ ਕੇ ਡੇਰਿਆਂ ਦੇ "ਚਮਤਕਾਰਾਂ" ਦੇ ਪਿੱਛੇ ਭੱਜ ਰਹੇ ਹਨ। ਕਿਸੇ ਨੂੰ ਪੁੱਤਰ ਚਾਹੀਦਾ, ਕਿਸੇ ਨੂੰ ਨੌਕਰੀ, ਕਿਸੇ ਨੂੰ ਬਿਮਾਰੀ ਦਾ ਡਰ ਅਤੇ ਡੇਰੇਦਾਰ ਇਨ੍ਹਾਂ ਡਰਾਂ ਨੂੰ ਹੀ ਆਪਣਾ ਵਪਾਰ ਬਣਾ ਬੈਠੇ ਹਨ। ਉਨ੍ਹਾਂ ਕਿਹਾ ਇਹ ਡੇਰੇ ਸਿਰਫ਼ ਇਮਾਰਤਾਂ ਨਹੀਂ ਰਹੇ, ਇਹ ਮਨੁੱਖੀ ਕਮਜ਼ੋਰੀਆਂ ਦੇ ਬਾਜ਼ਾਰ ਬਣ ਗਏ ਹਨ। ਜਿੱਥੇ ਸ਼ਰਧਾ ਨਹੀਂ ਵਿਕਦੀ, ਉੱਥੇ ਡਰ ਵੇਚਿਆ ਜਾਂਦਾ ਹੈ। ਜਿੱਥੇ ਨਾਮ ਨਹੀਂ ਮਿਲਦਾ, ਉੱਥੇ ਅੰਧਵਿਸ਼ਵਾਸ ਵੰਡਿਆ ਜਾਂਦਾ ਹੈ। ਪਿੰਡਾਂ ਵਿੱਚ ਅੱਜ ਇਹ ਹਾਲ ਹੈ ਕਿ ਲੋਕ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਘੱਟ ਪੜ੍ਹਦੇ ਹਨ, ਪਰ ਕਿਸੇ ਡੇਰੇਦਾਰ ਦੇ "ਬਚਨ" ਨੂੰ ਅੱਖਰਾਂ ਵਾਂਗ ਮੰਨਦੇ ਹਨ। ਘਰਾਂ ਵਿੱਚ ਨਿਤਨੇਮ ਦੀ ਆਵਾਜ਼ ਮੰਦ ਪੈ ਰਹੀ ਹੈ, ਪਰ ਡੇਰਿਆਂ ਦੇ ਜੈਕਾਰਿਆਂ ਲਈ ਲਾਊਡਸਪੀਕਰ ਗੂੰਜ ਰਹੇ ਹਨ। ਉਨ੍ਹਾਂ ਦਸਿਆ ਕਿ ਗੁਰੂ ਸਾਹਿਬ ਨੇ ਤਾਂ ਪਹਿਲਾਂ ਹੀ ਚੇਤਾਇਆ ਸੀ, "ਅੰਧਾ ਅੰਧੁ ਕਮਾਵਦਾ ਦੋਵੈ ਕੂਪਿ ਪਵਾਹਿ ॥" ਅੱਜ ਇੱਕ ਅੰਨਾ ਭਗਤ ਬਣਿਆ ਹੋਇਆ ਹੈ, ਤੇ ਦੂਜਾ "ਬਾਬਾ"। ਇੱਕ ਸੋਚਣਾ ਛੱਡ ਬੈਠਾ ਹੈ, ਤੇ ਦੂਜਾ ਉਸਦੀ ਸੋਚ ਉੱਤੇ ਰਾਜ ਕਰ ਰਿਹਾ ਹੈ। ਉਨ੍ਹਾਂ ਕਿਹਾ ਦੁੱਖ ਦੀ ਗੱਲ ਇਹ ਨਹੀਂ ਕਿ ਡੇਰੇ ਬਣ ਗਏ, ਦੁੱਖ ਇਹ ਹੈ ਕਿ ਗੁਰੂ ਦੇ ਸਿੱਖ ਨੇ ਗੁਰੂ ਨਾਲੋਂ ਡੇਰੇਦਾਰ ਨੂੰ ਵੱਡਾ ਮੰਨ ਲਿਆ। ਜਿਸ ਕੌਮ ਨੇ "ਮਨੁੱਖ ਦੀ ਪੂਜਾ" ਦੇ ਖ਼ਿਲਾਫ਼ ਇਤਿਹਾਸ ਰਚਿਆ ਸੀ, ਉਹੀ ਅੱਜ ਮਨੁੱਖਾਂ ਦੀਆਂ ਤਸਵੀਰਾਂ ਅੱਗੇ ਦੀਵੇ ਬਾਲ ਰਹੀ ਹੈ। ਉਨ੍ਹਾਂ ਕਿਹਾ ਗੁਰਬਾਣੀ ਸਾਫ਼ ਆਖਦੀ ਹੈ : "ਮਨ ਤੂੰ ਜੋਤਿ ਸਰੂਪੁ ਹੈ ਆਪਣਾ ਮੂਲੁ ਪਛਾਣੁ ॥" ਪਰ ਅੱਜ ਮਨੁੱਖ ਆਪਣੇ ਅੰਦਰਲੇ ਵਾਹਿਗੁਰੂ ਨੂੰ ਭੁੱਲ ਕੇ ਬਾਹਰਲੇ ਚਿਹਰਿਆਂ ਵਿੱਚ ਮੁਕਤੀ ਲੱਭ ਰਿਹਾ ਹੈ। ਉਨ੍ਹਾਂ ਕਿਹਾ ਇਹ ਸਮਾਂ ਚਿਹਰਿਆਂ ਦਾ ਨਹੀਂ, ਚਰਿੱਤਰ ਦਾ ਇਮਤਿਹਾਨ ਹੈ। ਅੱਜ ਲੋੜ ਇਸ ਗੱਲ ਦੀ ਨਹੀਂ ਕਿ ਕੌਣ ਕਿੰਨਾ ਉੱਚਾ ਬੋਲਦਾ ਹੈ; ਲੋੜ ਇਸ ਗੱਲ ਦੀ ਹੈ ਕਿ ਕੌਣ ਗੁਰੂ ਦੀ ਬਾਣੀ ਵੱਲ ਮੁੜਦਾ ਹੈ ਅਤੇ ਕੌਣ ਭੀੜਾਂ ਦੇ ਪਿੱਛੇ ਲੱਗ ਕੇ ਆਪਣੀ ਸੋਚ ਗੁਆ ਬੈਠਦਾ ਹੈ। ਭਾਈ ਸ਼ੁਭਦੀਪ ਸਿੰਘ ਦਸਿਆ ਕਿ "ਬਿਨੁ ਕਰਤਾਰ ਨ ਕਿਰਤਮ ਮਾਨੋ" ਇਹ ਸਿਰਫ਼ ਆਧਿਆਤਮਿਕ ਉਪਦੇਸ਼ ਨਹੀਂ, ਅੱਜ ਦੇ ਡੇਰਾਵਾਦ ਉੱਤੇ ਸਭ ਤੋਂ ਵੱਡਾ ਪ੍ਰਹਾਰ ਹੈ। ਅੰਤ ਵਿਚ ਉਨ੍ਹਾਂ ਕਿਹਾ ਕੁਰਸੀਆਂ ਡਿੱਗ ਜਾਣਗੀਆਂ, ਡੇਰੇ ਸੁੰਨੇ ਹੋ ਜਾਣਗੇ, ਭੀੜਾਂ ਛਿਟਕ ਜਾਣਗੀਆਂ, ਪਰ ਸੱਚਾ ਅਕਾਲ ਪੁਰਖ ਅਤੇ ਗੁਰੂ ਦੀ ਬਾਣੀ ਸਦੀਵ ਕਾਇਮ ਰਹੇਗੀ।

# ਦਿੱਲੀ ਕਮੇਟੀ 'ਤੇ ਨਜਾਇਜ਼ ਕਬਜ਼ਾ ਬਚਾਉਣ ਲਈ ਚੋਣਾਂ ਰੋਕ ਰਹੇ ਹਨ ਕਾਲਕਾ : ਪਰਮਜੀਤ ਸਿੰਘ ਸਰਨਾ

## ਸ਼੍ਰੋਮਣੀ ਕਮੇਟੀ ਦੀ ਚੋਣ ਨਾ ਕਰਵਾਉਣ ਲਈ ਕੇਂਦਰ ਸਰਕਾਰ ਜ਼ਿੰਮੇਵਾਰ



ਨਵੀਂ ਦਿੱਲੀ 31 ਮਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਜੋ ਕਿ ਦਿੱਲੀ ਦੀ ਸਿੱਖ ਸੰਗਤ ਦਾ ਅਧਿਕਾਰ ਹੈ । ਪਰ ਉਹਨਾਂ ਨੂੰ ਜਾਣ ਬੁੱਝ ਕੇ ਲਮਕਾਇਆ ਜਾ ਰਿਹਾ ਹੈ । ਦਿੱਲੀ ਦੀ ਸੰਗਤ ਅਤੇ ਕੌਮ ਦੇ ਸੇਵਾਦਾਰ ਹੋਣ ਨਾਤੇ ਇਹਨਾਂ ਚੋਣਾਂ ਲਈ ਤੇ ਪੰਥਕ ਮਸਲਿਆਂ ਲਈ ਆਵਾਜ਼ ਬੁਲੰਦ ਕਰਨਾ ਸਾਡਾ ਮੁਢਲਾ ਫ਼ਰਜ਼ ਹੈ । ਪਰ ਦਿੱਲੀ ਕਮੇਟੀ ਦੀ ਆਮ ਚੋਣਾਂ ਦੀ ਮੰਗ ਤੇ ਤਕਲੀਫ਼ ਮੰਨਦੇ ਹੋਏ ਮੌਜੂਦਾ ਕਾਬਜ਼ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੱਲੋਂ ਇਹ ਕਹਿਣਾ ਕਿ ਦਾਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਦੀ ਮੰਗ ਨਹੀਂ ਕਰਦਾ ਇਹ ਸਾਬਤ ਕਰਦਾ ਹੈ ਕਿ ਕਾਲਕਾ ਆਪਣੇ ਨਜਾਇਜ਼ ਕਬਜ਼ੇ ਨੂੰ ਜਾਇਜ਼ ਠਹਿਰਾਉਣਾ ਚਾਹੁੰਦੇ ਹਨ ਤੇ ਇਹ ਨਹੀਂ ਚਾਹੁੰਦੇ ਕਿ ਦਿੱਲੀ ਕਮੇਟੀ ਦੀ ਆਮ ਚੋਣ ਹੋਵੇ । ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪੱਤਰਕਾਰਾਂ ਨੂੰ ਜਾਰੀ ਕੀਤੇ ਪ੍ਰੈੱਸ ਨੋਟ ਰਾਹੀ ਕਿਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਆਮ ਚੋਣਾਂ ਬਾਰੇ ਹਰਮੀਤ ਸਿੰਘ ਕਾਲਕਾ ਨੂੰ ਦੱਸਣਾ ਚਾਹੁੰਦਾ ਹਾਂ ਕਿ ਉਹ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦਾ ਅਧਿਕਾਰ ਖੇਤਰ ਹੈ ਤੇ ਸ਼੍ਰੋਮਣੀ ਕਮੇਟੀ ਦੀ ਚੋਣ ਨਾ ਕਰਵਾਉਣ ਲਈ ਕੇਂਦਰ ਸਰਕਾਰ ਜ਼ਿੰਮੇਵਾਰ ਹੈ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਮ ਚੋਣ ਨੂੰ ਰੋਕਣ ਲਈ ਤੁਹਾਡੇ ਵਾਂਗ ਕੋਈ ਅੜਿੱਕੇ ਨਹੀਂ ਖੜੇ ਕੀਤੇ ਜਾ ਰਹੇ । ਦਾਸ ਨਿੱਜੀ ਤੌਰ ਤੇ ਵੀ ਤੇ ਸ਼੍ਰੋਮਣੀ ਅਕਾਲੀ ਦਲ ਦੀ ਵੱਲੋਂ ਵੀ ਇਹ ਸਪੱਸ਼ਟ ਕਰਦਾ ਹੈ ਕਿ ਕੇਂਦਰ ਸਰਕਾਰ ਜਦੋਂ ਮਰਜ਼ੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਕਰਵਾ ਲਵੇ ਸਾਨੂੰ ਕੋਈ ਇਤਰਾਜ਼ ਨਹੀਂ ।

ਪਰ ਕਾਲਕਾ ਸੰਗਤ ਨੂੰ ਸਪੱਸ਼ਟ ਕਰਨ ਕਿ ਉਹ ਦਿੱਲੀ ਕਮੇਟੀ ਦੀ ਚੋਣ ਨੂੰ ਰੋਕਣ ਲਈ ਅੜਿੱਕੇ ਕਿਉਂ ਖੜੇ ਕਰ ਰਹੇ ਹਨ ਤੇ ਉਹਨਾਂ ਨੇ ਦਿੱਲੀ ਕਮੇਟੀ ਦੀ ਆਮ ਚੋਣ ਲਈ ਦਿੱਲੀ ਸਰਕਾਰ ਤੋਂ ਕਦੋਂ ਮੰਗ ਕੀਤੀ ਹੈ ? ਤੇ ਜਦੋਂ ਉਹ ਸ਼੍ਰੋਮਣੀ ਅਕਾਲੀ ਦਲ ਦਾ ਹਿੱਸਾ ਸਨ । ਉਸ ਵੇਲੇ ਉਹਨਾਂ ਨੇ ਕਿੰਨੀ ਵਾਰ ਸ਼੍ਰੋਮਣੀ ਕਮੇਟੀ ਦੀ ਚੋਣ ਕਰਵਾਉਣ ਦੀ ਮੰਗ ਕੀਤੀ ਸੀ ? ਉਨ੍ਹਾਂ ਕਿਹਾ ਇਸ ਲਈ ਸ਼ਬਦਾਂ ਦੇ ਜਾਲ ਬੁਣਕੇ ਕਾਲਕਾ ਸੰਗਤ ਨੂੰ ਗੁੰਮਰਾਹ ਨਹੀਂ ਕਰ ਸਕਦੇ । ਸੰਗਤ ਦਾ ਸਾਹਮਣਾ ਤੇ ਉਹਨਾਂ ਨੂੰ ਕਰਨਾ ਹੀ ਪਵੇਗਾ । ਕਿਉਂਕਿ ਜੋ ਲੁੱਟ ਖਸੁੱਟ ਤੇ ਸਿਧਾਂਤਾਂ ਨਾਲ ਖਿਲਵਾੜ ਉਹਨਾਂ ਨੇ ਕੀਤਾ ਹੈ । ਆਪਣੇ ਪਾਪਾਂ ਤੋਂ ਡਰਦੇ ਹੋਏ ਹੁਣ ਕਾਲਕਾ ਤੇ ਉਹਨਾਂ ਦੀ ਜੁੰਡਲੀ ਸੰਗਤ ਦਾ ਸਾਹਮਣਾ ਕਰਨ ਤੋਂ ਡਰਦੀ ਹੋਈ ਚੋਣਾਂ ਨੂੰ ਬਚਣਾ ਚਾਹੁੰਦੇ ਹਨ ।

# ਅੱਜ ਕੀ ਦਿਸ਼ਾ ਹੈ ਲੋਕ ਹੱਕਾਂ ਦੇ ਰਾਖੇ ਸਿੱਖਾਂ ਦੀ ?

ਸਿੱਖਾਂ ਨੇ ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਤੱਕ ਜੋ ਮਾਨਵਤਾ ਲਈ ਜੂਝਣ ਦਾ ਸਿਧਾਂਤ ਪੱਲੇ ਲਿਆ । ਉਸ ਨੇ ਭਾਰਤ ਦੇ ਉੱਤਰੀ ਖ਼ਿੱਤੇ ਵਿੱਚ ਕਈ ਰਾਜਸੀ ਪਰਿਵਰਤਨ ਪੈਦਾ ਕੀਤੇ । ਅਫਗਾਨੀਆਂ , ਫ਼ਰੰਗੀਆਂ,ਤੁਰਕਾਂ , ਮੁਗਲਾਂ ਦੇ ਸਦੀਆਂ ਤੋਂ ਚੱਲੇ ਆ ਰਹੇ ਜੁਲਮੀਂ ਰਾਜਾਂ ਦਾ ਖ਼ਾਤਮਾ ਕੀਤਾ । ਇਸੇ ਸਿੱਟੇ ਅੱਧੀ ਸਦੀ ਤੋਂ ਵੱਧ ਸਮੇਂ ਦਾ ਸਿੱਖ ਰਾਜ(ਖ਼ਾਲਸਾ ਰਾਜ ) ਸਥਾਪਤ ਕੀਤਾ । ਪਰ ਅੱਜ ਪਿਛਲੇ ਸੌ ਸਾਲ ਦੇ ਸਮੇਂ ਤੋਂ ਸਿੱਖਾਂ ਨੇ ਆਪੰਣੀ ਉਹ ਪਹਿਚਾਣ ਭੁਲਾ ਦਿੱਤੀ ਲੱਗਦੀ ਹੈ , ਜੋ ਰਣਨੀਤੀ ਤੇ ਲੋਕ ਰੱਖਿਆ ਨੀਤੀ ਪੁਰਾਤਨ ਸਦੀਆਂ ਵਿੱਚ ਸਿਖ ਅਪਣਾਉਂਦੇ ਰਹੇ । ਉਹ ਸਿਦਕ, ਭਰੋਸੇ ,ਚੜ੍ਹਦੀਕਲਾ ਤੇ ਤਿਆਗੀ ਜ਼ਿੰਦਗੀ ਸੀ । ਉਸ ਸਮੇਂ ਦੇ ਸਿੱਖਾਂ , ਮਿਸਲਾਂ ਦੇ ਆਗੂਆਂ ਦਾ ਸਾਰਾ ਤਿਆਗ ਤੇ ਕੁਰਬਾਨੀ

ਆਵਾਜ਼ਿ ਕੌਮ AWAZE QAUM
International Newspaper & WEB TV

ਲੋਕ ਰੱਖਿਆ ਲਈ ਹੀ ਸਦਾ ਕਾਇਮ ਰਹਿੰਦਾ ਸੀ । ਉੱਤਰੀ ਭਾਰਤ ਤੇ ਖ਼ਾਸਕਰ ਪੰਜਾਬ ਵਿੱਚ ਸਿੱਖਾਂ ਦੀ ਘੱਟ ਘਿਣਤੀ ਦੇ ਬਾਵਜੂਦ ਵੀ ਸਿਖ ਰਾਜ ਹੋਂਦ ਵਿੱਚ ਆਇਆ । ਅਫ਼ਗਾਨੀ, ਦੁਰਾਨੀਆਂ ਤੋਂ ਸਤਾਈ ਹਿੰਦੂ ਤੇ ਮੁਸਲਮ ਆਬਾਦੀ ਬਹੁ ਗਿਣਤੀ ਹੋਣ ਦੇ ਬਾਵਜੂਦ ਵੀ ਉਹ ਸਮਝਦੇ ਤੇ ਜਾਣਦੇ ਸਨ ਕਿ ਸਿੱਖ ਹੀ ਉਹਨਾਂ ਦੇ ਰਾਖੇ ਹੋ ਸਕਦੇ ਹਨ । ਇਤਨਾ ਵਿਸ਼ਵਾਸ ਦਾ ਆਧਾਰ ਸੀ , ਉਸ ਸਮੇਂ ਦੇ ਸਿੱਖਾਂ ਤੇ ਆਗੂਆਂ ਤੇ । ਸਿੱਖ ਧਰਮਾਂ ਵਖਰਾਂ ਤੇ ਨਵਾਂ ਹੋਣ ਕਰਕੇ ਵੀ , ਇਨਸਾਨੀਅਤ ਗੇ ਰਾਖੇ , ਸਹੀ ਸਾਬਤ ਹੋਣ ਕਰਕੇ ਇਸ ਦੀਆਂ ਜੜਾਂ ਸਮਾਜ ਦੇ ਹਰ ਕੋਨੇ ਵਿੱਚ ਪੱਕੀ ਸਾਂਝ ਦਾ ਰੂਪ ਸਨ । ਜਿਵੇਂ ਮੈਂ ਲਿਖਿਆ ਕਿ ਮਿਸਲਾਂ, ਤੇ ਆਗੂ ਤਿਆਗੀ ਤੇ ਕੁਰਬਾਨੀ ਵਾਲੇ ਸਨ । ਇਹ ਸਮਾਂ ਬਾਬਾ ਬੰਦਾ ਸਿੰਘ ਬਹਾਦਰ, ਸਿੱਖ ਮਿਸਲਾਂ ਤੇ ਖ਼ਾਲਸਾ ਰਾਜ ਤੱਕ ਦਾ ਸਮਾਂ ਹੈ । ਇਹ ਸਬਰ, ਵਿਸ਼ਵਾਸ , ਕੁਰਬਾਨੀ ਤੇ ਤਿਆਗੀ ਆਗੂਆਂ ਤੇ ਸਿੱਖਾਂ ਵਰਗੀ ਕਾਬਲੀਅਤ ਅੱਜ ਦੇ ਸਿੱਖ ਆਗੂ ਤੇ ਆਮ ਸਿੱਖ ਵਿੱਚੋਂ ਭਾਲਣੀ ਬਹੁਤ ਮੁਸ਼ਕਲ ਹੈ । ਉਸ ਸਮੇਂ ਸਿੱਖ ਧਰਮ ਨੂੰ ਦੂਜੇ ਧਰਮ ਵੀ ਸਾਂਝ ਨਾਲ ਦੇਖਦੇ ਤੇ ਸਵੀਕਾਰ ਕਰਦੇ ਰਹੇ । ਸਿੱਖਾਂ ਨੇ ਆਪਣਾ ਖ਼ੂਨ ਡੋਲ ਕੇ ਸਵੈਮਾਣ ਕਾਇਮ ਕੀਤਾ ਹੋਇਆ ਸੀ । ਅੱਜ ਜੋ ਕਿ ਪਿਛਲੇ ਸੌ ਸਾਲ ਤੋਂ ਸਮਾਂ ਬੀਤ ਰਿਹਾ ਹੈ , ਸਿੱਖ ਤੇ ਸਿੱਖੀ ਦਾ ਆਲ਼ਾ ਦੁਆਲਾ , ਪ੍ਰਚਾਰ ਕੇਂਦਰ ਤੇ ਵਿਚਰਨ ਦੇ ਢੰਗ ਪਥਾਰਥੀ ਹੋ ਚੁੱਕੇ ਹਨ । ਸਤਿਗੁਰੂਆਂ ਦੀ ਸਿਧਾਂਤਕ ਬੋਲੀ ਵਿਚ ਸਿੱਖਾਂ ਨੇ ਪਥਾਰਥੀ ਤੇ ਢੌਂਗੀ ਢੰਗ ਗ੍ਰਹਿਣ ਧਾਰਨ ਕਰਕੇ ਵਿਗਾੜ ਪੈਦਾ ਕਰ ਦਿੱਤਾ ਹੈ । ਜੋ ਸਿੱਖ ਗੁਰੂ ਦੀ ਬਾਣੀ ਤੇ ਸਿਧਾਂਤ ਨੂੰ ਅਪਣਾ ਕੇ , ਬਾਹਰੀ ਸਮਾਜ ਵਿਚ ਅਲੌਕਿਕ, ਅਪਣੱਤ ਨਾਲ ਵਿਚਰਦੇ ਸਨ । ਅੱਜ ਵਿਰਾਸਤੀ ਦਾਅਵੇ ਨਾਲ ਇਕ ਅਨੋਖੇ ਹੰਕਾਰ ਤੇ ਢੌਂਗ ਨਾਲ ਵਿਚਰਦੇ ਹਨ । ਕੌਮ ਦੇ ਪ੍ਰਚਾਰਕਾਂ , ਆਗੂਆਂ, ਪ੍ਰਬੰਧਕਾਂ ਦਾ ਆਧਾਰ ਇਕ ਕਿੱਤਾ ਅਤੇ ਮਾਇਆ ਤੇ ਆਧਾਰਤ ਹੈ । ਅੱਜ ਸਾਡੀ ਆਦਤ ਆਮ ਹੀ ਬਣ ਗਈ ਹੈ ਕਿ , ਆਪਣੇ ਇਤਿਹਾਸ ਵਿਚੋਂ ਥੋੜਾ ਜਿਹਾ ਚੰਗਾ ਪੱਖ ਚੁਣ ਕੇ , ਉਸ ਆਸਰੇ ਵਿਆਖਿਆ ਦਾ ਮੁੱਦਾ ਬਣਾਉਣਾ ਬਣ ਗਿਆ ਹੈ । ਉਸੇ ਛੇਤੀ ਹੀ ਬਦਲ ਵਿੱਚ ਆ ਕੇ ਅਸੀਂ ਇਸੇ ਆਧਾਰ ਤੇ ਕੌਮ ਨੂੰ ਨਿੰਦਣ ਤੇ ਜ਼ੋਰ ਲਾ ਦਿੰਦੇ ਹਾਂ । ਇਸ ਆਸਰੇ ਇਤਿਹਾਸ ਦੱਸਦੇ ਹੋਏ ਸਾਡੇ ਸੂਝਵਾਨ ਕੌਮ ਦੇ ਗਦਾਰਾਂ ਦੀ ਲਿਸਟ ਪੜਨਾ ਸ਼ੁਰੂ ਕਰ ਦਿੰਦੇ ਹਨ । ਇਸ ਕਦਰ ਚਲਦੇ ਮਾਮਲਿਆਂ ਵਿੱਚ ਬੋਲੀ ਦਾ ਆਧਾਰ ਕਈ ਬਹੁਤ ਨੀਵੀਂ ਪੱਧਰ ਤੱਕ ਗਿਰ ਜਾਂਦਾ ਹੈ । ਅਜਿਹਾ ਕੁਝ ਪ੍ਰਚਾਰਕਾਂ ਤੇ ਢਾਡੀਆਂ ਰਾਹੀਂ ਗੁਰਦੁਆਰਾ ਸਟੇਜਾਂ ਤੋਂ ਸੁਣ ਕੇ ਤਾਂ , ਬਹੁਤ ਸ਼ਰਮ ਆਉਂਦੀ ਹੈ । ਕਿ ਇਤਿਹਾਸ ਨੂੰ ਪੜੇ ਤੇ ਪੜਚੋਲ ਕੀਤਿਆਂ ਬਿਨਾ , ਅਜਿਹੇ ਅਣਜਾਣ ਸਜਣ, ਕੁਝ ਸਵਾਰਨ ਨਾਲੋਂ , ਕੌਮ ਵਿੱਚ ਸ਼ਬਦਾਵਲੀ ਤੇ ਇਤਿਹਾਸ ਵਿੱਚ ਵਿਗਾੜ ਪੈਦਾ ਕਰਦੇ ਹਨ । ਉਦਾਹਰਣ ਵਜੋਂ ਇਕ ਨੌਜਵਾਨ ਤਾਜ਼ੇ ਪ੍ਰਚਾਰਕ ਦੀ ਵੀਡੀਓ , ਸੋਸ਼ਲ ਮੀਡੀਏ ਤੇ ਸੁਣ ਕੇ ਮੈਂ ਹੈਰਾਨ ਹੋਇਆ " ਇਸ ਪ੍ਰਚਾਰਕ ਦੇ ਪ੍ਰਬੰਧਕਾਂ ਨੇ ਟਾਈਮ ਵਿੱਚੋਂ ਕਿਸੇ ਕਾਰਨ ਕੁਝ ਮਿੰਟ ਕੱਟ ਦਿੱਤੇ - ਇਸ ਨੇ ਸੋਸ਼ਲ ਮੀਡੀਏ ਤੇ ਇਤਰਾਜ਼ ਕਰਦਿਆਂ ਕਹਿ ਦਿੱਤਾ ਕਿ " ਮੱਸਾ ਰੰਗੜ ਮਰ ਗਿਆ, ਪਿੱਛੇ ਅਜਿਹੇ ਪ੍ਰਬੰਧਕ ਛੱਡ ਗਿਆ " । ਹੁਣ ਇਸ ਕਥਾ ਵਾਚਕ ਨੂੰ ਜਾਂ ਮੱਸੇ ਰੰਗੜ ਦੇ ਇਤਿਹਾਸ ਦਾ ਹੀ ਨਹੀਂ ਪਤਾ । ਵਰਨਾ ਇਹ ਤੁਲਨਾ ਕਿਵੇਂ ? ਪਾਠਕ ਅੰਦਾਜ਼ਾ ਲਾਉਣ ਕਿ ਅਜਿਹਾ ਬਹੁਤ ਕੁਝ ਸਾਡੇ ਪੰਜਾਬੀ ਤੇ ਸਿੱਖਾਂ ਦੇ ਨਾਮ ਸਟੇਜਾਂ ਤੇ ਸੋਸ਼ਿਲ




ਮੀਡੀਆ ਤੇ ਸੁਣਾਇਆ ਜਾ ਰਿਹਾ ਹੈ , ਜੋ ਸਾਡੇ ਸਿੱਖ ਤੇ ਪੰਜਾਬੀਆਂ ਨੂੰ ਬਹੁਤ ਗ਼ਲਤ ਰੰਗਤ ਵਿੱਚ ਪੇਸ਼ ਕਰ ਰਿਹਾ ਹੈ । ਮਾੜੇ ਅੰਸ਼ਾਂ ਮਾਰੇ , ਬੇਕਦਰੀ ਬੋਲੀ , ਸੋਸ਼ਲ ਮੀਡੀਆ ਕੇ ਸਿੱਖ ਹੀ ਸਿੱਖਾਂ , ਪੰਜਾਬੀਆਂ ਨੂੰ ਦਲੇ ,ਬੁੱਧੂ, ਫੂ -,ਗਦਾਰ, ਭੈ- ਚੋ, ਕਹੀ ਜਾਣ। ਸਿਆਣੇ ਸੱਜਣ ਵੀ ਕਹਿੰਦੇ ਹੋਏ ਆਪਣੀ ਗੱਲ ਨੂੰ ਇਸ ਤਰਾਂ ਵਜ਼ਨਦਾਰ ਬਣਾਉਣ , ਬੜੀ ਸ਼ਰਮਨਾਕ ਗੱਲ ਹੈ । ਕੀ ਗੁਰੂ ਮਤ, ਮਾਪਿਆਂ , ਅਧਿਆਪਕਾਂ ਦੀ ਮੱਤ ਵਿੱਚ ਅਸੀਂ ਕੋਈ ਘਾਟਾ ਦੱਸ ਰਹੇ ਕਿ ਇਹੀ ਸਿੱਖਿਆ ਹੈ ।



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਸਿੱਖ ਕੌਮ ਦੇ ਗੁਰੂ ਇਤਿਹਾਸ ਤੇ ਆਧਾਰਿਤ ਬੰਦਾ ਬਹਾਦਰ, ਸਿੱਖ ਮਿਸਲਾਂ, ਖ਼ਾਲਸਾ ਰਾਜ ਦੀ ਸਥਾਪਤੀ ਤੱਕ ਦਾ ਮੁਕੰਮਲ ਇਤਿਹਾਸ ਨੂੰ ਜਾਨਣਾ ਅਤੀ ਜ਼ਰੂਰੀ ਹੈ । ਸਾਨੂੰ ਗਿਆਨ ਹੋ ਸਕੇ ਕਿ ਅੱਜ ਦਾ ਸਿੱਖ , ਪ੍ਰਚਾਰਕ ਤੇ ਆਗੂ ਲੋਕ ਆਪਣੇ ਰੂਪ ਵਿੱਚ ਕਿਤਨੇ ਢੌਂਗੀ ਤੇ ਪਦਾਰਥ ਵਾਦੀ ਹੋ ਚੁੱਕੇ ਹਨ । ਸਿੱਖ ਰਾਜ ਖ਼ਾਤਮੇ ਦੀ ਗੱਲ ਕਰਦੇ , ਗਦਾਰਾਂ ਦੇ ਨਾਮ ਗਿਣ ਕੇ , ਆਪਣਾ ਕਹਿਣਾ ਸੁਆਰਥ ਬਣਾ ਕੇ ਤੁਰਦਾ ਬਣਨ ਦੇ ਆਦੀ ਹੋ ਚੁੱਕੇ ਹਨ। ਇਸ ਤਰਾਂ ਔਗੁਣਾਂ ਦੀ ਗੱਲ ਕਰਦੇ , ਉਹਨਾਂ ਗੁਣਾ , ਸਵੈਮਾਣਦੀ ਗੱਲ ਨਹੀਂ , ਜਿਨਾਂ ਕਾਰਨਾ ਆਧਾਰਿਤ ਸਿੱਖ ਪੰਜਾਬ ਦੇ ਬਾਦਸ਼ਾਹ ਬਣੇ ਸਨ । ਉਸ ਸਮੇਂ ਸਿੱਖ ਖੁਦ ਪੰਜਾਬੀਆਂ ਦੀ ਆਬਾਦੀ ਹਿੰਦੂ, ਮੁਸਲਮਾਨਾਂ ਦੇ ਰੱਖਿਅਕ ਜਾਣੇ ਗਏ ਸਨ । ਉਸ ਸਮੇਂ ਦੇ ਦੁਸ਼ਮਨ ਧਾੜਵੀ ਅਫ਼ਗਾਨੀ , ਦੁਰਾਨੀ , ਤੁਰਕ ਇਤਆਦਿਕ , ਪੰਜਾਬੋ ਬਾਹਰਲੇ ਬਦੇਸ਼ੀ ਸਨ । ਦੇਸ਼ ਵਿਚ ਮੁਗਲਾਂ ਦਾ ਰਾਜ ਸੀ । ਰਾਜ ਦੇ ਥਾਪੇ ਚੌਧਰੀ , ਸੂਬੇਦਾਰ ਪ੍ਰਬੰਧ ਚਲਾਉਂਦੇ ਸਨ । ਮਿਸਲਾਂ ਵਿੱਚ ਵਿਚਰਦੇ ਸਿੱਖ ਇਹਨਾਂ ਚੌਧਰੀਆਂ ਤੇ ਪੜਤਾਲੀਆ ਅੱਖ ਰੱਖਦੇ ਸਨ । ਤਾ ਕਿ ਮੁਗਲਾਂ ਦਾ ਚੌਧਰੀ ਲਾਣਾ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਤੰਗੀ ਤੇ ਤਲਖ਼ੀ ਨਾ ਪੈਦਾ ਕਰੇ । ਇਹੀ ਕਾਰਨ ਸੀ ਇਸ ਤਰਾਂ ਮਿਸਲਾਂ ਦੀ ਤਾਕਤ ਵਧੀ ਤੇ ਲੋਕ ਵੀ ਇਹਨਾ ਨੂੰ ਸੂਰਮੇਂ ਮੰਨਦੇ ਸਨ । ਇਹ ਦੌਰ ਕਈ ਦਹਾਕਿਆਂ ਤੱਕ ਚੱਲਦਾ ਰਿਹਾ । ਕਈ ਹਾਲਾਤ ਵਿੱਚ ਸਿੱਖਾਂ ਦਾ ਇਹ ਵੀ ਕਾਫ਼ੀ ਸਮਾਂ ਜੰਗਲਾਂ ਵਿੱਚ ਬੀਤਿਆ ਸੀ । ਇਹੀ ਮੁਢਲੇ ਕਾਰਨ ਸਨ ਕਿ ਕੋਈ ਦੱਸੀ ਜਾਂਦੀ 12 ਪ੍ਰਤੀਸ਼ਤ ਆਬਾਦੀ ਹੋਣ ਦੇ ਬਾਵਜੂਦ ਵੀ ਬਹੁਮਤ ਹਿੰਦੂ , ਮੁਸਲਮ ਆਬਾਦੀ ਨੇ ਸਿੱਖਾਂ ਦੀ ਰਾਜ ਸੱਤਾ , ਇੱਕ ਸਹੀ ਰੱਖਿਅਕ ਤੌਰ ਤੇ ਕਬੂਲਿਆ । ਇਹ ਉਹੀ ਸਮਾਂ ਸੀ ਜਦ ਸਿੱਖ ਗੁਰੂ ਉਪਦੇਸ਼ ਤੇ ਸਿਰਜੇ ਇਤਿਹਾਸ ਤੇ ਮਾਣ ਕਰਕੇ ਜ਼ਿੰਦਗੀ ਦੇ ਰਾਹ ਨੂੰ ਤੋਰਦਾ ਸੀ । ਅਜੋਕੇ ਮਰਿਆਦਾ ਦੇ ਢੰਗਾਂ ਦੀ ਉਸ ਨੂੰ ਲੋੜ ਨਹੀਂ ਸੀ । ਸਿੱਖ ਧਰਮ ਦੀ ਸਮੁੱਚੇ ਸਮਾਜ ਨਾਲ ਇੱਕ ਸਮਾਂਤਰ ਸਾਂਝ ਸੀ । ਪਿਛਲੀ ਇੱਕ ਸਦੀ ਤੋਂ ਸਿੱਖਾਂ ਨੇ ਮਰਿਆਦਾ ਬਣਾਈ , ਪਰ ਇਰ ਢੰਗ ਕਿਸੇ ਚੰਗੇ ਰਾਹ ਭਾਲਣ ਨਾਲੋਂ ਇੱਕ ਸਿੱਖ ਹੀ ਦੂਜੇ ਸਿੱਖ ਵਿਰੁੱਧ ਇਸ ਨੂੰ ਹਥਿਆਰ ਵਜੋਂ ਵਰਤਦਾ ਹੈ। ਕੌਮੀ ਜਥੇਦਾਰਾਂ ਤੱਕ ਆਪਣੀ ਜ਼ਬਾਨ ਵਿੱਚੋਂ ਗਾਲਾਂ ਦੀ ਭੱਦੀ ਸ਼ਬਦਾਵਲੀ ਨੂੰ ਵੀ ਤਕੀਆ ਕਲਾਮ ਦੱਸ ਕੇ ਹੌਲੇ ਜਿਹੇ ਸਪਸ਼ਟ ਕਰ ਦਿੰਦੇ ਹਨ । ਅੱਤ ਸ਼ਰਮ ਦੀ ਗੱਲ ਹੈ । ਸਿਖ ਸੋਚ ਤੇ ਕਰਦਾਰ ਨੂੰ ਨੀਵਾਂ ਕਰਦੇ ਹਨ । ਧਰਮ ਬਾਰੇ,ਪ੍ਰਚਾਰ ਸਿੱਖਿਆ ਨੂੰ ਵੀ ਪੈਸੇ ਦੀ ਆਮਦਨ ਦਾ ਸਾਧਨ ਬਣਾ ਕੇ , ਬਨਾਰਸ ਦੇ ਪੰਡਤਾਂ ਦਾ ਰਸਤਾ ਅਪਣਾ ਚੁੱਕੇ ਹਨ । ਇਹ ਸਭ ਕੁਝ ਪਿਛਲੀ ਇੱਕ ਸਦੀ ਦੇ ਸਮੇਂ ਤੋਂ ਹੋ ਰਿਹਾ ਹੈ । ਇਹ ਪਦਾਰਥਵਾਦੀ ਮੌਜੂਦਾ ਸਿੱਖੀ ਪ੍ਰਚਾਰ ਦਾ ਢਾਂਚਾ ਸਿੱਖੀ ਸੋਚ ਤੋਂ ਉਲਟ ਦਿਸ ਰਿਹਾ ਹੈ । ਇਹ ਢਾਂਚਾ ਪੰਜਾਬ ਵਿੱਚ ਬਾਕੀ ਭਾਈਚਾਰਿਆਂ ਨਾਲ ਕਿਸੇ ਵੀ ਪੱਖ ਦੀ ਨੇੜਤਾ ਨਹੀਂ ਪਾਲ ਰਿਹਾ । ਵਿਰਾਸਤ ਦੇ ਦਾਅਵੇਦਾਰ ਬਣ ਕੇ ਖ਼ੁਦ ਹੀ ਅਪਰਾਧਾਂ ਨੂੰ ਪਾਲ ਰਹੇ ਹਨ । ਬੇਅਦਬੀਆਂ ਦੇ ਕਾਂਢਾਂ ਦੀ ਗਾਥਾ ਇਹਨਾਂ ਦੇ ਚੁਗਿਰਦੇ ਵਿੱਚ ਹੀ ਜੁੜੀ ਹੋਈ ਹੈ। ਇਹਨਾਂ ਜਥੇਦਾਰਾਂ ਤੇ ਜੁਮੇਵਾਰ ਆਗੂਆਂ, ਵੱਲੋਂ ਸਮੇਂ ਸਮੇਂ ਬੋਲੇ ਜਾ ਰਹੇ ਝੂਠ , ਸਾਬਤ ਕਰਦੇ ਹਨ , ਕਿ ਇਹ ਗੁਰੂ ਦੇ ਸਤਿਕਾਰ ਨੂੰ ਹਮੇਸ਼ਾ ਅਖੋਂ ਪਰੋਖੇ ਕਰ ਰਹੇ ਹਨ । ਇਹ ਹੀ ਸਮੇਂ ਦੇ ਪਰਿਵਰਤਨ ਤੇ ਕਾਰਨ ਹਨ , ਸਿੱਖ ਆਪਣਾ ਸਵੈਮਾਣ ਕਿਉਂ ਗੁਆ ਰਹੇ ਹਨ। ਅੰਗਰੇਜ਼ ਸਮੇਂ ਚੱਲੀਆਂ ਗੁਰਦੁਆਰਾ ਸਧਾਰ ਲਹਿਰਾਂ ਨੇ ਸਿੱਖਾਂ ਨੂੰ ਗੁਰਦੁਆਰਾ ਪ੍ਰਬੰਧ , ਆਪਣੇ ਹੱਥੀਂ ਲੈਣ ਦਾ ਜੋ ਸੁਪਨਾ ਲਿਆ ਤੇ ਸਾਕਾਰ ਕੀਤਾ ਸੀ । ਉਸੇ ਪ੍ਰਬੰਧ ਨੂੰ ਸਿੱਖ ਇੱਕ ਵੱਡੀ ਭੁੱਲ ਕਰਕੇ ਸਿੱਖੀ ਦੀ ਵਿਚਾਰਧਾਰਾ, ਮਨੁੱਖੀ ਸਾਂਝੀ ਸੋਚ ਦਾ ਹੀ ਰੂਪ ਸਮਝ ਬੈਠੇ । ਇਸ ਨੂੰ ਸਿੱਖ ਵਿਰਾਸਤ ਦਾ ਰੂਪ ਸਮਝ ਕੇ ਹੱਕ ਜਿਤਾਉਣ ਦਾ ਇਰਾਦਾ ਹੀ 'ਸਿੱਖੀ ' ਰੂਪ ਕਹਿਕੇ ਮੰਨ ਕੇ , ਸਿੱਖ ਪਰੀਭਾਸ਼ਾ, ਪਹਿਚਾਣ ਨੂੰ ਆਪਣੇ ਖ਼ਾਨਦਾਨਾਂ ਤੱਕ ਹੀ ਸੀਮਤ ਕਰ ਲਿਆ । ਅੱਜ ਸਿੱਟੇ ਸਾਹਮਣੇ ਹਨ । 1947 ਤੋਂ ਪੰਜਾਬ ਵਿੱਚ ਕਿਸੇ ਵੀ ਮੋਰਚੇ ਜਾਂ ਮੰਗ ਨੂੰ ਇਹ ਹਮੇਸ਼ਾਂ ਆਪਣਾ ਹੀ ਘਰੇਲੂ ਰੂਪ ਹੀ ਦਿੰਦੇ ਰਹੇ । ਜੋ ਲੋਕ ਸਾਂਝੀ ਸੋਚ ਜਾਂ ਪੰਜਾਬ ਪ੍ਰਤੀ ਖੁੱਲੇ ਬਹੁਪੱਖੀ ਸਮਾਜ ਲਈ ਚਿੰਤਤ ਸਮਝੇ ਜਾਂਦੇ ਸਨ , ਉਹਨਾਂ ਨੇ ਆਪਣੀ ਤਵਾ , ਪਰਾਤ ਨੂੰ ਹੀ ਮੁੱਖ ਰੂਪ ਦੇ ਦਿੱਤਾ ।

ਅੱਜ ਦੇ ਇਹੀ ਹਾਲਾਤ ਕਾਰਨ , ਸਾਡੇ ਮਾਮਲੇ ਤੇ ਨਾਅਰੇ ਕਿਸੇ ਸੁਹਿਰਦਤਾ ਵਿੱਚੋਂ ਜਨਮ ਨਹੀਂ ਲੈ ਰਹੇ । ਜੇਕਰ ਅਸੀਂ ਕੌਮੀ ਤੌਰ ਤੇ ਕੋਈ ਸਹੀ ਰਸਤਾ ਅਪਣਾਉਣਾ ਹੈ ,ਤਦ ਅਵੱਸ਼ ਹੀ ਸਾਨੂੰ ਬੀਤੇ ਸਮੇਂ ਦੇ ਦੌਰ ਵਿੱਚ ਝਾਕਣਾ ਪਵੇਗਾ । ਵਰਨਾ ਗੁਰਗੁਆਰਾ ਪ੍ਰਬੰਧਾਂ ਨੇ ਹੋ ਸਕਦਾ , ਸਾਨੂੰ ਬਨਾਰਸੀ ਪੰਡਤਾਂ ਵਾਂਗ , ਪੈਸਾ , ਚੜਾਵਾ ਤੇ ਹੰਕਾਰ ਦੀ ਚੌਧਰ ਦੇ ਰਸਤੇ ਪਾ ਦਿੱਤਾ ਹੈ । ਜਿਸ ਨੂੰ ਅਸੀਂ ਆਪਣੀ ਮੱਤ ਤੇ ਇੱਛਾ ਮੁਤਾਬਕ ਸਿੱਖੀ ਦਾ ਸੰਪੂਰਣ ਰੂਪ ਹੋਣ ਦਾ ਦਾਅਵਾ ਕਰੀ ਜਾ ਰਹੇ ਹਾਂ। ••

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੀ.ਕੇ.ਐਸ. ਇੰਟਰਨੈਸ਼ਨਲ ਸਕੂਲ ਬੱਲੂਆਣਾ ਵਿਖੇ ਕਰਵਾਈ ਧਾਰਮਿਕ ਪ੍ਰੀਖਿਆ

# ਮੈਰਿਟ ਲਿਸਟ 'ਚ ਆਏ 70 ਵਿਦਿਆਰਥੀ



**ਬਠਿੰਡਾ, 31 ਮਈ (ਗੁਰਜੰਟ ਸਿੰਘ ਨਥੇਹਾ)**-ਅੱਜ ਦੇ ਦੌਰ ਵਿੱਚ ਜਿੱਥੇ ਬੱਚੇ ਮੋਬਾਈਲਾਂ ਅਤੇ ਕਿਤਾਬਾਂ ਦੇ ਬੋਝ ਹੇਠ ਦੱਬੇ ਨਜ਼ਰ ਆਉਂਦੇ ਹਨ, ਉੱਥੇ ਪੀ.ਕੇ.ਐਸ. ਇੰਟਰਨੈਸ਼ਨਲ ਸਕੂਲ ਬੱਲੂਆਣਾ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਇੱਕ ਅਜਿਹੀ ਮਿਸਾਲ ਪੇਸ਼ ਕੀਤੀ ਹੈ, ਜੋ ਹਰ ਇੱਕ ਦਾ ਦਿਲ ਜਿੱਤ ਰਹੀ ਹੈ। ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਬੱਚਿਆਂ ਨੂੰ ਆਪਣੀ ਵਿਰਾਸਤ ਅਤੇ ਇਖ਼ਲਾਕ ਨਾਲ ਜੋੜਨ ਲਈ ਇੱਕ 'ਗੁਰਮਤਿ ਪ੍ਰੀਖਿਆ' ਕਰਵਾਈ ਗਈ ਸੀ, ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਕਮਾਲ ਦਾ ਪ੍ਰਦਰਸ਼ਨ ਕੀਤਾ ਹੈ। ਇਸ ਟੈਸਟ ਵਿੱਚ ਸਕੂਲ ਦੇ ਕੁੱਲ 70 ਬੱਚਿਆਂ ਨੇ ਬੜੇ ਚਾਅ ਤੇ ਉਤਸ਼ਾਹ ਨਾਲ ਹਿੱਸਾ ਲਿਆ। ਸਭ ਤੋਂ ਪਿਆਰੀ ਗੱਲ ਇਹ ਰਹੀ ਕਿ ਇਹਨਾਂ ਵਿੱਚੋਂ 66 ਬੱਚੇ ਪਹਿਲੀ ਅਤੇ ਦੂਜੀ ਜਮਾਤ ਦੇ ਸਨ, ਜਦਕਿ 4 ਬੱਚੇ ਦਸਵੀਂ ਕਲਾਸ ਦੇ ਸਨ। ਇਹਨਾਂ ਛੋਟੇ-ਛੋਟੇ ਬੱਚਿਆਂ ਨੇ ਕਾਪੀਆਂ 'ਤੇ ਇੰਨੇ ਸੋਹਣੇ ਤਰੀਕੇ ਨਾਲ ਜਵਾਬ ਲਿਖੇ ਕਿ ਦੇਖਣ ਵਾਲੇ ਵੀ ਹੈਰਾਨ ਰਹਿ ਗਏ। ਜਦੋਂ ਨਤੀਜਾ ਆਇਆ ਤਾਂ ਸਕੂਲ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ -ਸਾਰੇ ਦੇ ਸਾਰੇ 70 ਬੱਚੇ ਹੀ ਮੈਰਿਟ ਵਿੱਚ ਆਏ ਅਤੇ ਸਾਰਿਆਂ ਨੇ ਬਹੁਤ ਵਧੀਆ ਨੰਬਰ ਹਾਸਲ ਕੀਤੇ। ਬੱਚਿਆਂ ਦੀ ਇਸ ਕਾਮਯਾਬੀ ਪਿੱਛੇ ਉਹਨਾਂ ਦੇ ਅਧਿਆਪਕ ਰਮਨਦੀਪ ਸਿੰਘ ਦੀ ਦਿਨ-ਰਾਤ ਦੀ ਮਿਹਨਤ ਹੈ। ਰਮਨਦੀਪ ਸਿੰਘ ਨੇ ਬੱਚਿਆਂ ਨੂੰ ਬਹੁਤ ਹੀ ਪਿਆਰ ਅਤੇ ਸੌਖੇ ਤਰੀਕੇ ਨਾਲ ਇਸ ਪ੍ਰੀਖਿਆ ਲਈ ਤਿਆਰ ਕੀਤਾ ਸੀ। ਅੱਜ ਉਹਨਾਂ ਦੀ ਇਹ ਸੇਵਾ ਰੰਗ ਲਿਆਈ ਹੈ ਅਤੇ ਹਰ ਕੋਈ ਉਹਨਾਂ ਦੀ ਤਾਰੀਫ਼ ਕਰ ਰਿਹਾ ਹੈ। ਬੱਚਿਆਂ ਦੀ ਇਸ ਪ੍ਰਾਪਤੀ 'ਤੇ ਸਕੂਲ ਵਿੱਚ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਮਨਜੋਤ ਕੌਰ ਅਤੇ ਅਕੈਡਮਿਕ ਡਾਇਰੈਕਟਰ ਇੰਦਰਜੀਤ ਕੌਰ ਨੇ ਮੈਰਿਟ ਵਿੱਚ ਆਏ ਸਾਰੇ ਬੱਚਿਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਵੰਡੇ। ਇਸ ਖ਼ੁਸ਼ੀ ਦੇ ਮੌਕੇ ਬੱਚਿਆਂ ਦੇ ਹੌਸਲੇ ਨੂੰ ਵਧਾਉਣ ਲਈ ਅਧਿਆਪਕ ਰਮਨਦੀਪ ਸਿੰਘ ਵੀ ਉੱਥੇ ਮੌਜੂਦ ਸਨ। ਬੱਚਿਆਂ ਦੀ ਇਸ ਸ਼ਾਨਦਾਰ ਸਫ਼ਲਤਾ 'ਤੇ ਗੱਲਬਾਤ ਕਰਦਿਆਂ ਸਕੂਲ ਦੇ ਚੇਅਰਮੈਨ ਡਾ. ਮਹਿੰਦਰ ਸਿੰਘ ਨੇ ਕਿਹਾ ਕਿ ਪੜ੍ਹਾਈ ਵਿੱਚ ਨੰਬਰ ਲੈਣਾ ਇੱਕ ਵੱਖਰੀ ਗੱਲ ਹੈ, ਪਰ ਬਚਪਨ ਵਿੱਚ ਹੀ ਚੰਗੇ ਸੰਸਕਾਰ ਅਤੇ ਆਪਣੇ ਇਤਿਹਾਸ ਦੀ ਸਮਝ ਹੋਣਾ ਬੇਹੱਦ ਜ਼ਰੂਰੀ ਹੈ। ਇਹ ਨਤੀਜਾ ਸਾਬਤ ਕਰਦਾ ਹੈ ਕਿ ਸਾਡੇ ਬੱਚੇ ਨਾ ਸਿਰਫ਼ ਪੜ੍ਹਾਈ ਵਿੱਚ ਹੁਸ਼ਿਆਰ ਹਨ, ਬਲਕਿ ਇੱਕ ਚੰਗੇ ਇਨਸਾਨ ਬਣਨ ਦੇ ਰਾਹ 'ਤੇ ਵੀ ਹਨ। ਉਨ੍ਹਾਂ ਨੇ ਅਧਿਆਪਕ ਰਮਨਦੀਪ ਸਿੰਘ ਅਤੇ ਸਮੁੱਚੇ ਸਟਾਫ਼ ਨੂੰ ਮੁਬਾਰਕਬਾਦ ਦਿੱਤੀ। ਇਸ ਪ੍ਰਾਪਤੀ ਤੋਂ ਬਾਅਦ ਜਿੱਥੇ ਬੱਚਿਆਂ ਦੇ ਚਿਹਰਿਆਂ 'ਤੇ ਖ਼ੁਸ਼ੀ ਸੀ, ਉੱਥੇ ਹੀ ਮਾਪੇ ਵੀ ਸਕੂਲ ਦੇ ਇਸ ਉਪਰਾਲੇ ਅਤੇ ਅਧਿਆਪਕਾਂ ਦੀ ਮਿਹਨਤ ਤੋਂ ਬੇਹੱਦ ਸੰਤੁਸ਼ਟ ਨਜ਼ਰ ਆਏ।

### ਰਿਕਾਰਡ ਵੋਟਾਂ ਨਾਲ ਜੇਤੂ ਰਹੇ ਸੀਤਾ ਨੂੰ ਧੰਨਵਾਦੀ ਦੌਰੇ ਦੌਰਾਨ ਲੋਕਾਂ ਚੁੱਕਿਆ ਹੱਥਾਂ 'ਤੇ

# ਵਾਰਡ ਨੰਬਰ ਇਕ ਤੋਂ 224 ਵੋਟਾਂ ਨਾਲ ਜੇਤੂ ਰਹੇ ਨੇ ਸੀਤਾ ਪਤਨੀ ਸੁਵਿੰਦਰ



**ਫ਼ਿਰੋਜ਼ਪੁਰ, 31 ਮਈ (ਮਨੋਹਰ ਲਾਲ)** :— ਨਗਰ ਕੌਂਸਲ ਫਿਰੋਜ਼ਪੁਰ ਦੀਆਂ ਚੋਣਾਂ ਦੇ ਨਤੀਜੇ ਪੂਰੀ ਤਰ੍ਹਾਂ ਸਪਸ਼ਟ ਹੋ ਚੁੱਕੇ ਹਨ ਅਤੇ ਉਮੀਦਵਾਰ ਸੀਤਾ ਪਤਨੀ ਸੁਵਿੰਦਰ ਬੀਜੇਪੀ ਵਾਰਡ ਨੰਬਰ 1 ਤੋਂ ਉਮੀਦਵਾਰ ਬਲਵਿੰਦਰ ਕੌਰ ਪਤਨੀ ਜਸਪਾਲ ਸਿੰਘ ਕੌਮੀ ਸੀਨੀਅਰ ਮੀਤ ਪ੍ਰਧਾਨ ਫੈਡਰੇਸ਼ਨ (ਮਹਿਤਾ) ਆਮ ਆਦਮੀ ਪਾਰਟੀ ਨੂੰ 224 ਵੋਟਾਂ ਦੀ ਸਖਤ ਟੱਕਰ ਦਿੰਦੇ ਹੋਏ ਜੇਤੂ ਕਰਾਰ ਦਿੱਤੇ ਗਏ ਹਨ। ਇੱਥੇ ਦੱਸਣਯੋਗ ਬਣਦਾ ਹੈ ਕਿ ਵਾਰਡ ਨੰਬਰ ਇਕ ਦੇ ਨਤੀਜੇ ਸਾਹਮਣੇ ਆਉਣ ਤੋਂ ਬਾਅਦ ਸੀਤਾ ਪਤਨੀ ਸੁਵਿੰਦਰ ਨੇ ਵਾਰਡ ਨੰਬਰ ਇਕ ਦੇ ਵੋਟਰਾਂ ਦਾ ਧੰਨਵਾਦੀ ਦੌਰਾ ਕੀਤਾ, ਜਿਥੇ ਸਮਰਥਕਾਂ ਨੇ ਢੋਲ ਤੇ ਧਮਾਕੇ ਪਾਏ ਅਤੇ ਪਟਾਕੇ ਚਲਾ ਕੇ ਜਸ਼ਨ ਮਨਾਏ। ਇਸ ਦੌਰਾਨ ਜੇਤੂ ਉਮੀਦਵਾਰ ਸੀਤਾ ਪਤਨੀ ਸੁਵਿੰਦਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਾਰਡ ਨੰਬਰ ਇਕ ਦੇ ਵੋਟਰਾਂ ਦਾ ਦਿਲੋਂ ਧੰਨਵਾਦ ਕਰਦੇ ਹਾਂ। ਉਨ੍ਹਾਂ ਕਿਹਾ ਕਿ ਵਾਰਡ ਦੇ ਵੋਟਰਾਂ ਨੇ ਜਿਸ ਉਮੀਦ ਨਾਲ ਉਨ੍ਹਾਂ ਨੂੰ ਵੋਟਾਂ ਪਾਈਆਂ ਹਨ ਉਸ ਭਰੋਸੇ ਤੇ ਉਹ ਪੂਰੇ ਉਤਰਨਗੇ, ਉਮੀਦਵਾਰ ਨੇ ਵਾਅਦਾ ਕੀਤਾ ਕਿ ਵਾਰਡ ਨੰਬਰ ਇਕ ਦੀਆਂ ਬੁਨਿਆਦੀ ਸਹੂਲਤਾਂ ਜਿਵੇਂ ਕਿ ਸਾਫ ਪੀਣ ਵਾਲਾ ਪਾਣੀ, ਸੜਕਾਂ ਦੀ ਮੁਰੰਮਤ, ਸਫਾਈ ਵਿਵਸਥਾ, ਸਟਰੀਟ ਲਾਈਟਾਂ ਦੇ ਸੁਧਾਰ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ। ਅੰਤ ਵਿੱਚ ਸਾਗਰ ਤੇਜੀ ਜੋ ਕਿ ਵਾਰਡ ਨੰਬਰ ਇਕ ਦੇ ਜੇਤੂ ਉਮੀਦਵਾਰ ਸੀਤਾ ਦੇ ਬੇਟੇ ਹਨ, ਨੇ ਕਿਹਾ ਕਿ ਮੈਂ ਬਲਵਿੰਦਰ ਸਿੰਘ ਕਲਸੀ ਰਿਟਾਇਰਡ ਡੀ.ਐਸ.ਪੀ ਗੋਪਾਲ ਚੰਦ ਭੰਡਾਰੀ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ, ਬਾਬਾ ਬਲਕਾਰ ਸਿੰਘ ਰਾਜਪੂਤ, ਸਵਰਨ ਸਿੰਘ ਕਲਸੀ, ਅਮਰ ਸਿੰਘ ਗਾਬੜੀਆ, ਰਾਮਾ ਪ੍ਰਧਾਨ, ਬਿਛੂ ਪ੍ਰਧਾਨ ਦੁਲਾਈ ਮੁਖੀਆ ਫੂਲਣ ਦੇਵੀ, ਚਰਨਜੀਤ ਸਿੰਘ ਅਟਵਾਲ, ਕਿਸ਼ਨ ਲਾਲ, ਬਾਬਾ ਗੋਬਾ ਨਾਥ, ਜਰਨੈਲ ਸਿੰਘ, ਜਗਸੀਤ ਸਿੰਘ, ਸਲਵਿੰਦਰ ਸਿੰਘ ਵੀਰੂ ਭੱਟੀ, ਬਗੀਚਾ ਸਿੰਘ ਪੱਪੂ ਭੱਟੀ, ਕੁਲਦੀਪ ਸਿੰਘ ਪ੍ਰਧਾਨ ਅਤੇ ਹੋਰ ਪਤਵੰਤੇ ਸੱਜਣਾਂ ਨੇ ਜਿਸ ਤਰ੍ਹਾਂ ਸਾਡੇ ਵਾਰਡ ਵਿਚੋਂ ਸਾਨੂੰ ਜਿਤਾਉਣ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ ਹੈ ਮੈਂ ਉਨ੍ਹਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


## ਨਗਰ ਕੌਂਸਲ ਚੋਣਾਂ ਹਲਕਾ ਜੰਡਿਆਲਾ ਗੁਰੂ ਵਿੱਚ ਸ਼ਾਨਦਾਰ ਹੋਈ ਜਿੱਤ: ਚੇਅਰਮੈਨ ਜਲਾਲ ਉਸਮਾ, ਪ੍ਰਧਾਨ ਗੁਰਜਿੰਦਰ ਸਿੰਘ ਕੁਹਾੜਵਿੰਡ

**ਚੌਂਕ ਮਹਿਤਾ, 31 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਗੁਰਜਿੰਦਰ ਸਿੰਘ ਕੁਹਾੜਵਿੰਡ





ਮੈਂਬਰ ਬਲਾਕ ਸੰਮਤੀ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਮੁਬਾਰਕਾ ਦੇਣ ਲਈ ਪਾਉਂਚੇ। ਇੱਕ ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਕਾਰਗੁਜ਼ਾਰੀ ਤੋਂ ਬਹੁਤ ਖੁਸ਼ ਹਨ ਅਤੇ ਆਮ ਆਦਮੀ ਪਾਰਟੀ ਵੱਲ ਉਮੀਦ ਨਾਲ ਦੇਖ ਰਹੇ ਹਨ। ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਪ੍ਰਧਾਨ ਗੁਰਜਿੰਦਰ ਸਿੰਘ ਕੁਹਾੜਵਿੰਡ ਮੈਂਬਰ ਬਲਾਕ ਸੰਮਤੀ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਪਾਰਟੀ ਨੂੰ ਵੱਡਾ ਸਮਰਥਨ ਪ੍ਰਾਪਤ ਹੋਇਆ ਹੈ ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਨਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕ ਭਲਾਈ ਅਤੇ ਵਿਕਾਸ ਦੀ ਰਾਜਨੀਤੀ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਲੋਕ ਆਮ ਆਦਮੀ ਨੂੰ ਪੂਰਾ ਸਮਰਥਨ ਦੇਣਗੇ।

## ਵਣ ਰੇਂਜ ਅਫਸਰ ਸਤਿੰਦਰਜੀਤ ਸਿੰਘ ਦੀ ਹੋਈ ਸ਼ਾਨਦਾਰ ਸੇਵਾਮੁਕਤੀ



**ਫ਼ਿਰੋਜ਼ਪੁਰ, 31 ਮਈ (ਮਨੋਹਰ ਲਾਲ)** :— ਸ਼੍ਰੀ ਸਤਿੰਦਰਜੀਤ ਸਿੰਘ ਵਣ ਰੇਂਜ ਅਫ਼ਸਰ ਅਬੋਹਰ ਦੀ ਸੇਵਾ ਮੁਕਤੀ ਨੂੰ ਸਮਰਪਿਤ ਸਮਾਗਮ ਮਹਾ ਲੱਛਮੀ ਪੈਲੇਸ ਸ਼੍ਰੀ ਮੁਕਤਸਰ ਸਾਹਿਬ ਰੋਡ ਕੋਟਕਪੂਰਾ ਵਿਖੇ ਕਰਵਾਇਆ, ਜਿਸ ਵਿਚ ਵੱਡੀ ਗਿਣਤੀ ਵਿਭਾਗ ਦੇ ਅਧਿਕਾਰੀਆਂ, ਮੁਲਾਜ਼ਮਾਂ ਨੇ ਸ਼ਿਰਕਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਸ਼ਾਨਦਾਰ ਵਿਦਾਇਗੀ ਸਮਾਰੋਹ ਵਿਚ ਵੱਖ—ਵੱਖ ਰੇਂਜ ਦੇ ਮੁਲਾਜਮ, ਰਿਸਤੇਦਾਰ ਅਤੇ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਇਸ ਸਮੇਂ ਬਲਜੀਤ ਸਿੰਘ ਬਰਾੜ ਸਾਬਕਾ ਵਣ ਮੰਡਲ ਅਫ਼ਸਰ ਸ਼੍ਰੀ ਮੁਕਤਸਰ ਸਾਹਿਬ, ਗੁਰਜੀਤ ਸਿੰਘ ਬਰਾੜ, ਸੱਤਪਾਲ ਸਿੰਘ, ਅਵਨਾਸ਼ ਕੁਮਾਰ, ਜੱਗਾ ਸਿੰਘ, ਗੁਰਪ੍ਰੀਤ ਸਿੰਘ ਮੰਡਲ ਮੁੱਖੀ, ਬੋਹੜ ਸਿੰਘ, ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਰਸ਼ਪਲ ਸਿੰਘ ਬਠਿੰਡਾ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ, ਗੁਰਪ੍ਰੀਤ ਸਿੰਘ ਵਣ ਬਲਾਕ ਅਫ਼ਸਰ, ਜਗਦੀਪ ਸਿੰਘ ਮੰਡਲ ਪ੍ਰਧਾਨ ਸ਼੍ਰੀ ਮੁਕਤਸਰ ਸਾਹਿਬ ਆਦਿ ਨੇ ਸੰਬੋਧਨ ਕਰਦਿਆਂ ਸ਼੍ਰੀ ਸਤਿੰਦਰਜੀਤ ਸਿੰਘ ਦੀ ਜੀਵਨੀ, ਵਿਭਾਗੀ ਕਮਾਂ ਕਾਰਾ, ਪਰਿਵਾਰਕ ਜ਼ੁੰਮੇਵਾਰੀ ਅਤੇ ਸਮਾਜਿਕ ਯੋਗਦਾਨ ਬਾਰੇ ਪਾਏ ਯੋਗਦਾਨ ਬਾਰੇ ਚਾਨਣਾ ਪਾਇਆ। ਇਸ ਸਮੇਂ ਸ਼੍ਰੀ ਸਤਿੰਦਰਜੀਤ ਸਿੰਘ ਨੂੰ ਮੋਮੈਂਟੋ ਅਤੇ ਕੀਮਤੀ ਤੋਹਫ਼ੇ ਵੱਡੀ ਗਿਣਤੀ ਵਿੱਚ ਦਿੱਤੇ ਗਏ। ਇਸ ਸਮੇਂ ਪੰਜਾਬ ਦੇ ਵਤਾਤਰਨ ਨੂੰ ਹਰਾ ਭਰਾ ਬਣਾਉਣ ਲਈ ਵੱਧ ਤੋਂ ਵੱਧ ਪੌਂਦੇ ਲਾਉਣ ਅਤੇ ਰੁੱਖਾਂ ਦੀ ਰਾਖੀ ਕਰਨ, ਪ੍ਰਦੂਸ਼ਣ ਘਟਾਉਣ, ਪਾਣੀ ਦੀ ਸੰਜਮ ਨਾਲ਼ ਵਰਤੋਂ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਗਿਆ। ਇਸ ਦੌਰਾਨ ਬੋਲਦਿਆਂ ਅਰੁਨ ਕੁਮਾਰ ਵਣ ਵਿਭਾਗ ਦੇ ਮਜ਼ਦੂਰ, ਡਾਕਟਰ ਬਲਜੀਤ ਸ਼ਰਮਾ ਗੋਲੇਵਾਲਾ, ਗੁਰਭਜਨ ਸਿੰਘ ਸੰਧੂ ਬੈਂਕ ਮੈਨੇਜਰ, ਹਰਿੰਦਰ ਸਿੰਘ ਰੂਬੀ ਪਿੰਡ ਤੂਤ, ਗੁਰਕੀਰਤ ਸਿੰਘ, ਬੋਹੜ ਸਿੰਘ, ਧਨੀ ਵਿਰਕ ਸਾਬਕਾ ਚੇਅਰਮੈਨ ਜਿਮਕੋ ਨੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਵਣ ਵਿਭਾਗ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਅੰਤ ਵਿੱਚ ਸ਼੍ਰੀ ਸਤਿੰਦਰ ਜੀਤ ਸਿੰਘ ਨੇ ਸਮੂਹ ਹਾਜਰ ਰਿਸ਼ਤੇਦਾਰ, ਮੁਲਜ਼ਮਾਂ ਅਤੇ ਪੈਨਸ਼ਨਰਜ ਐਸੋਸੀਏਸ਼ਨ ਦੇ ਸਾਥੀਆਂ ਦਾ ਧੰਨਵਾਦ ਕੀਤਾ।

## ਫ਼ਿਰੋਜ਼ਪੁਰ ਵਿਖੇ ਸ਼੍ਰੀ ਅਰੂਟ ਜੀ ਮਹਾਰਾਜ ਦਾ ਜਨਮ ਦਿਨ ਸ਼ਰਧਾ ਨਾਲ ਮਨਾਇਆ ਗਿਆ

ਫ਼ਿਰੋਜ਼ਪੁਰ, 31 ਮਈ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰ ਵਿੱਚ ਸ਼੍ਰੀ ਅਰੂਟ ਜੀ ਮਹਾਰਾਜ ਦਾ ਜਨਮ ਦਿਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਸਮਾਗਮ ਵਿੱਚ ਅਰੋੜਾ ਮਹਾਂਸਭਾ



ਦੇ ਉੱਘੇ ਨੁਮਾਇੰਦਿਆਂ ਅਤੇ ਹੋਰ ਸਮਾਜਿਕ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਅਰੋੜਾ ਮਹਾਂਸਭਾ ਦੇ ਚੇਅਰਮੈਨ ਸ਼੍ਰੀ ਅਸ਼ੋਕ ਪਸਰੀਚਾ ਅਤੇ ਪ੍ਰਧਾਨ ਸ਼੍ਰੀ ਤਿਲਕ ਰਾਜ ਅਰੋੜਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਅਤੇ ਨਾਲ ਹੀ ਪੰਜਾਬ ਦੇ ਜਨਰਲ ਸਕੱਤਰ ਐਡਵੋਕੇਟ ਅਸ਼ਵਨੀ ਧੀਂਗੜਾ ਅਤੇ ਅਰੋੜਾ ਮਹਾਂਸਭਾ ਦੇ ਵਾਈਸ ਪ੍ਰੈਜ਼ੀਡੈਂਟ (ਐਸ.ਡੀ.ਈ) ਸਤੀਸ਼ ਅਰੋੜਾ ਵੀ ਮੌਜੂਦ ਸਨ। ਸਮਾਗਮ ਦੇ ਮੁੱਖ ਆਕਰਸ਼ਣ ਵਜੋਂ ਸ਼੍ਰੀ ਸਤੀਸ਼ ਅਰੋੜਾ ਨੇ ਸ਼੍ਰੀ ਅਰੂਟ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਚਾਨਣਾ ਪਾਇਆ। ਆਪਣੇ ਸੰਬੋਧਨ ਵਿੱਚ ਉਨ੍ਹਾਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਦਾ ਜ਼ਿਕਰ ਕਰਦਿਆਂ ਇਨ੍ਹਾਂ ਨੂੰ ਜੜ੍ਹੋਂ ਖਤਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਮਹਾਰਾਜ ਜੀ ਦੇ ਦਰਸਾਏ ਮਾਰਗ ਤੇ ਚੱਲ ਕੇ ਹੀ ਇੱਕ ਬਿਹਤਰ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ ਅਤੇ ਸਮਾਜਿਕ ਬੁਰਾਈਆਂ ਨੂੰ ਦੂਰ ਕਰਕੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਇਸ ਮੌਕੇ ਸ਼ਹਿਰ ਦੇ ਕਈ ਹੋਰ ਪਤਵੰਤੇ ਸੱਜਣਾਂ ਨੇ ਵੀ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿੱਚ ਵਿਜੇ ਮੌਂਗਾ, ਸਤਪਾਲ ਬਜਾਜ, ਰਾਜਾ ਕੁਮਾਰ, ਅਜੇ ਕਠਪਾਲ, ਸੁਰਿੰਦਰ ਸ਼ਿੰਦਾ, ਪ੍ਰਤਾਪ ਸਿੰਘ ਸੋਨੂੰ, ਮੋਹਿਤ ਗਾਂਧੀ, ਕੌਸ਼ਲ ਵਿਜੇ ਗਾਂਧੀ, ਵਿਜੇ ਕੁਮਾਰ ਅਰੋੜਾ ਅਤੇ ਅਨਮੋਲ ਗਾਂਧੀ ਸਮੇਤ ਕਈ ਅਰੋੜਵੰਸ਼ੀ ਭਾਈਚਾਰੇ ਦੇ ਮੈਂਬਰ ਹਾਜ਼ਰ ਸਨ। ਸਾਰੇ ਹਾਜ਼ਰੀਨ ਨੇ ਸ਼੍ਰੀ ਅਰੂਟ ਜੀ ਮਹਾਰਾਜ ਅੱਗੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਅਜ਼ਾਦੀ ਕਾਹਦੀ ਅਜ਼ਾਦੀ ?

# 1947 ਵਿੱਚ ਅੰਗਰੇਜ਼ ਗਏ ਸਨ, ਪਰ ਕੀ ਹਰ ਗੁਲਾਮੀ ਸਾਡੇ ਵਿੱਚੋਂ ਗਈ ਹੈ ?






15 ਅਗਸਤ 1947 ਭਾਰਤ ਦੇ ਇਤਿਹਾਸ ਦਾ ਉਹ ਸੁਨਹਿਰੀ ਦਿਨ ਹੈ ਜਿਸ ਦਿਨ ਦੇਸ਼ ਨੇ ਲਗਭਗ ਦੋ ਸਦੀਆਂ ਦੀ ਅੰਗਰੇਜ਼ੀ ਗੁਲਾਮੀ ਤੋਂ ਮੁਕਤੀ ਹਾਸਲ ਕੀਤੀ ਸੀ। ਲੱਖਾਂ ਦੇਸ਼ਭਗਤਾਂ, ਕ੍ਰਾਂਤੀਕਾਰੀਆਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੇ ਸਾਨੂੰ ਉਹ ਅਜ਼ਾਦੀ ਦਿਵਾਈ ਜਿਸ ਦਾ ਸੁਪਨਾ ਹਰ ਭਾਰਤੀ ਨੇ ਦੇਖਿਆ ਸੀ। ਹਰ ਸਾਲ ਅਸੀਂ ਤਿਰੰਗਾ ਲਹਿਰਾਉਂਦੇ ਹਾਂ, ਦੇਸ਼ ਭਗਤੀ ਦੇ ਗੀਤ ਗਾਉਂਦੇ ਹਾਂ ਅਤੇ ਅਜ਼ਾਦੀ ਦਿਵਸ ਦਾ ਜਸ਼ਨ ਮਨਾਉਂਦੇ ਹਾਂ। ਪਰ ਅੱਜ ਜਦੋਂ ਅਸੀਂ ਅਜ਼ਾਦੀ ਦੇ ਕਈ ਦਹਾਕੇ ਪੂਰੇ ਕਰ ਚੁੱਕੇ ਹਾਂ ਤਾਂ ਇੱਕ ਸਵਾਲ ਹਰ ਜਾਗਰੂਕ ਨਾਗਰਿਕ ਦੇ ਮਨ ਵਿੱਚ ਉੱਠਦਾ ਹੈ ਕਿ ਅਸੀਂ ਸੱਚਮੁੱਚ ਅਜ਼ਾਦ ਹਾਂ ? ਜੇ ਅਸੀਂ ਸਿਰਫ਼ ਵਿਦੇਸ਼ੀ ਸ਼ਾਸਨ ਤੋਂ ਮੁਕਤੀ ਨੂੰ ਹੀ ਅਜ਼ਾਦੀ ਮੰਨ ਲਈਏ ਤਾਂ ਸ਼ਾਇਦ ਜਵਾਬ ਹਾਂ ਹੋ ਸਕਦਾ ਹੈ। ਪਰ ਜੇ ਅਜ਼ਾਦੀ ਦਾ ਅਰਥ ਹਰ ਕਿਸਮ ਦੇ ਡਰ, ਸ਼ੋਸ਼ਣ, ਅਨਿਆਂ, ਭੇਦਭਾਵ ਅਤੇ ਗੁਲਾਮੀ ਤੋਂ ਮੁਕਤੀ ਹੈ ਤਾਂ ਅੱਜ ਵੀ ਸਾਡਾ ਸਮਾਜ ਕਈ ਅਦਿੱਖ ਜ਼ੰਜੀਰਾਂ ਵਿੱਚ ਜਕੜਿਆ ਹੋਇਆ ਨਜ਼ਰ ਆਉਂਦਾ ਹੈ। ਅੱਜ ਵੀ ਸਾਡੇ ਸਮਾਜ ਵਿੱਚ ਅੰਗਰੇਜ਼ੀ ਬੋਲਣ ਵਾਲੇ ਵਿਅਕਤੀ ਨੂੰ ਵਧੇਰੇ ਸਿਆਣਾ ਅਤੇ ਯੋਗ ਸਮਝਿਆ ਜਾਂਦਾ ਹੈ। ਕਈ ਮਾਪੇ ਆਪਣੇ ਬੱਚਿਆਂ ਨੂੰ ਮਾਂ-ਬੋਲੀ ਨਾਲੋਂ ਅੰਗਰੇਜ਼ੀ ਸਿਖਾਉਣ ਨੂੰ ਜ਼ਿਆਦਾ ਮਹੱਤਵ ਦਿੰਦੇ ਹਨ। ਸਰਕਾਰੀ ਅਤੇ ਨਿੱਜੀ ਨੌਕਰੀਆਂ ਵਿੱਚ ਅੰਗਰੇਜ਼ੀ ਨੂੰ ਕਈ ਵਾਰ ਯੋਗਤਾ ਦਾ ਮੁੱਖ ਮਾਪਦੰਡ ਬਣਾ ਦਿੱਤਾ ਜਾਂਦਾ ਹੈ। ਇਹ ਗੱਲ ਸਹੀ ਹੈ ਕਿ ਅੰਗਰੇਜ਼ੀ ਇੱਕ ਅੰਤਰਰਾਸ਼ਟਰੀ ਭਾਸ਼ਾ ਹੈ ਅਤੇ ਇਸ ਦਾ ਗਿਆਨ ਲਾਭਦਾਇਕ ਹੈ, ਪਰ ਜਦੋਂ ਆਪਣੀ ਮਾਂ-ਬੋਲੀ ਨੂੰ ਹੀਣ ਸਮਝਿਆ ਜਾਣ ਲੱਗੇ ਤਾਂ ਇਹ ਮਾਨਸਿਕ ਗੁਲਾਮੀ ਦੀ ਨਿਸ਼ਾਨੀ ਹੈ। ਜਾਪਾਨ, ਚੀਨ, ਫਰਾਂਸ ਅਤੇ ਜਰਮਨੀ ਵਰਗੇ ਦੇਸ਼ ਆਪਣੀ ਭਾਸ਼ਾ ਵਿੱਚ ਤਰੱਕੀ ਕਰ ਸਕਦੇ ਹਨ ਤਾਂ ਅਸੀਂ ਕਿਉਂ ਨਹੀਂ ? ਭ੍ਰਿਸ਼ਟਾਚਾਰ ਅੱਜ ਦੇਸ਼ ਦੀਆਂ ਸਭ ਤੋਂ ਵੱਡੀਆਂ ਸਮੱਸਿਆਵਾਂ ਵਿੱਚੋਂ ਇੱਕ ਹੈ। ਜਨਮ ਸਰਟੀਫਿਕੇਟ ਤੋਂ ਲੈ ਕੇ ਕਈ ਹੋਰ ਸਰਕਾਰੀ ਕੰਮਾਂ ਤੱਕ, ਆਮ ਆਦਮੀ ਨੂੰ ਕਈ ਵਾਰ ਰਿਸ਼ਵਤ ਜਾਂ ਸਿਫ਼ਾਰਸ਼ ਦਾ ਸਹਾਰਾ ਲੈਣਾ ਪੈਂਦਾ ਹੈ। ਜਦੋਂ ਹੱਕ ਪੈਸੇ ਜਾਂ ਪਹੁੰਚ ਦੇ ਆਧਾਰ 'ਤੇ ਮਿਲਣ ਲੱਗਣ ਤਾਂ ਅਜ਼ਾਦੀ ਦਾ ਅਸਲ ਮਤਲਬ ਹੀ ਖੋ ਜਾਂਦਾ ਹੈ। ਭ੍ਰਿਸ਼ਟਾਚਾਰ ਸਿਰਫ਼ ਸਰਕਾਰੀ ਦਫ਼ਤਰਾਂ ਤੱਕ ਸੀਮਿਤ ਨਹੀਂ। ਇਹ ਸਾਡੇ ਸਮਾਜਿਕ ਜੀਵਨ, ਸਿੱਖਿਆ, ਰਾਜਨੀਤੀ ਅਤੇ ਕਾਰੋਬਾਰ ਤੱਕ ਫੈਲ ਚੁੱਕਾ ਹੈ। ਜਦੋਂ ਤੱਕ ਇਮਾਨਦਾਰੀ ਨੂੰ ਮਾਣ ਅਤੇ ਬੇਈਮਾਨੀ ਨੂੰ ਸ਼ਰਮ ਨਹੀਂ ਸਮਝਿਆ ਜਾਂਦਾ, ਤਦ ਤੱਕ ਅਸੀਂ ਇਸ ਗੁਲਾਮੀ ਤੋਂ ਮੁਕਤ ਨਹੀਂ ਹੋ ਸਕਦੇ।

ਇੱਕ ਪਾਸੇ ਦੇਸ਼ ਦੁਨੀਆ ਦੀਆਂ ਵੱਡੀਆਂ ਅਰਥਵਿਵਸਥਾਵਾਂ ਵਿੱਚ ਸ਼ਾਮਲ ਹੋਣ ਦਾ ਦਾਅਵਾ ਕਰਦਾ ਹੈ, ਦੂਜੇ ਪਾਸੇ ਕਰੋੜਾਂ ਲੋਕ ਅੱਜ ਵੀ ਦੋ ਵਕਤ ਦੀ ਰੋਟੀ ਲਈ ਸੰਘਰਸ਼ ਕਰ ਰਹੇ ਹਨ। ਹਰ ਰੋਜ਼ ਵਧਦੀਆਂ ਕੀਮਤਾਂ ਨੇ ਆਮ ਆਦਮੀ ਦਾ ਬਜਟ ਵਿਗਾੜ ਦਿੱਤਾ ਹੈ। ਮਹਿੰਗਾਈ ਸਿਰਫ਼ ਅੰਕੜਿਆਂ ਦਾ ਵਿਸ਼ਾ ਨਹੀਂ, ਸਗੋਂ ਇੱਕ ਮਜ਼ਦੂਰ ਦੇ ਖਾਲੀ ਬਟੂਏ, ਇੱਕ ਕਿਸਾਨ ਦੀ ਚਿੰਤਾ ਅਤੇ ਇੱਕ ਮੱਧ ਵਰਗੀ ਪਰਿਵਾਰ ਦੀਆਂ ਘਟਦੀਆਂ ਲੋੜਾਂ ਦੀ ਕਹਾਣੀ ਹੈ। ਜਦੋਂ ਨਾਗਰਿਕ ਆਪਣੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਹੀ ਲੜਦਾ ਰਹੇ ਤਾਂ ਅਜ਼ਾਦੀ ਦਾ ਅਨੰਦ ਕਿਵੇਂ ਮਾਣ ਸਕਦਾ ਹੈ ? ਗਰੀਬੀ ਸਿਰਫ਼ ਪੈਸੇ ਦੀ ਕਮੀ ਨਹੀਂ, ਸਗੋਂ ਮੌਕਿਆਂ ਦੀ ਕਮੀ ਹੈ। ਗਰੀਬ ਬੱਚੇ ਚੰਗੀ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ, ਇਲਾਜ ਨਹੀਂ ਕਰਵਾ ਸਕਦੇ ਅਤੇ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਤੋਂ ਪਹਿਲਾਂ ਹੀ ਹਾਲਾਤਾਂ ਅੱਗੇ ਹਾਰ ਜਾਂਦੇ ਹਨ। ਜਦੋਂ ਇੱਕ ਪਾਸੇ ਕੁਝ ਲੋਕਾਂ ਕੋਲ ਅਸੀਮ ਦੌਲਤ ਹੋਵੇ ਅਤੇ ਦੂਜੇ ਪਾਸੇ ਲੋਕ ਭੁੱਖ ਨਾਲ ਲੜ ਰਹੇ ਹੋਣ ਤਾਂ ਇਹ ਅਸਮਾਨਤਾ ਅਸਲ ਅਜ਼ਾਦੀ 'ਤੇ ਸਵਾਲ ਖੜ੍ਹੇ ਕਰਦੀ ਹੈ। ਗੱਲ ਕਰੀਏ ਜਾਤ-ਪਾਤ, ਭੇਦਭਾਵ ਦੀ। ਸੰਵਿਧਾਨ ਨੇ ਸਾਰਿਆਂ ਨੂੰ ਬਰਾਬਰੀ ਦਾ ਅਧਿਕਾਰ ਦਿੱਤਾ ਹੈ, ਪਰ ਅੱਜ ਵੀ ਜਾਤ, ਧਰਮ, ਵਰਗ ਅਤੇ ਲਿੰਗ ਦੇ ਆਧਾਰ 'ਤੇ ਭੇਦਭਾਵ ਦੇ ਮਾਮਲੇ ਸਾਹਮਣੇ ਆਉਂਦੇ ਹਨ। ਕਈ ਥਾਵਾਂ 'ਤੇ ਲੋਕਾਂ ਦੀ ਪਛਾਣ ਉਨ੍ਹਾਂ ਦੇ ਚਰਿੱਤਰ ਨਾਲ ਨਹੀਂ, ਸਗੋਂ ਉਨ੍ਹਾਂ ਦੀ ਜਾਤ ਜਾਂ ਧਰਮ ਨਾਲ ਕੀਤੀ ਜਾਂਦੀ ਹੈ। ਜਦੋਂ ਤੱਕ ਮਨੁੱਖ ਮਨੁੱਖ ਨੂੰ ਬਰਾਬਰ ਨਹੀਂ ਸਮਝਦਾ, ਤਦ ਤੱਕ ਅਜ਼ਾਦੀ ਅਧੂਰੀ ਰਹੇਗੀ। ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਨਸ਼ਾ ਇੱਕ ਗੰਭੀਰ ਸਮੱਸਿਆ ਬਣ ਚੁੱਕਾ ਹੈ। ਨੌਜਵਾਨ ਜੋ ਦੇਸ਼ ਦੀ ਤਾਕਤ ਹਨ, ਕਈ ਵਾਰ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਆਪਣਾ ਭਵਿੱਖ ਬਰਬਾਦ ਕਰ ਲੈਂਦੇ ਹਨ। ਜੋ ਨੌਜਵਾਨ ਆਪਣੇ ਸੁਪਨਿਆਂ ਦਾ ਗੁਲਾਮ ਹੋਣਾ ਚਾਹੀਦਾ ਸੀ, ਉਹ ਨਸ਼ੇ ਦਾ ਗੁਲਾਮ ਬਣ ਜਾਵੇ ਤਾਂ ਇਹ ਸਮਾਜ ਲਈ ਖ਼ਤਰੇ ਦੀ ਘੰਟੀ ਹੈ।

ਕਿਸੇ ਵੀ ਦੇਸ਼ ਦੀ ਅਸਲ ਤਰੱਕੀ ਦਾ ਮਾਪਦੰਡ ਉਸ ਦੇਸ਼ ਦੀਆਂ ਔਰਤਾਂ ਦੀ ਸਥਿਤੀ ਹੁੰਦੀ ਹੈ। ਅੱਜ ਵੀ ਕਈ ਔਰਤਾਂ ਭੇਦਭਾਵ, ਹਿੰਸਾ ਅਤੇ ਅਸੁਰੱਖਿਆ ਦਾ ਸਾਹਮਣਾ ਕਰਦੀਆਂ ਹਨ। ਜਦੋਂ ਇੱਕ ਧੀ ਡਰ ਤੋਂ ਬਿਨਾਂ ਘਰੋਂ ਬਾਹਰ ਨਾ ਨਿਕਲ ਸਕੇ ਤਾਂ ਇਹ ਵੀ ਅਧੂਰੀ ਅਜ਼ਾਦੀ ਦੀ ਨਿਸ਼ਾਨੀ ਹੈ। ਅੱਜ ਦਾ ਮਨੁੱਖ ਸਰੀਰਕ ਤੌਰ 'ਤੇ ਨਹੀਂ, ਸਗੋਂ ਮਾਨਸਿਕ ਤੌਰ 'ਤੇ ਵੀ ਗੁਲਾਮ ਹੁੰਦਾ ਜਾ ਰਿਹਾ ਹੈ। ਲੋਕ ਆਪਣੀ ਅਸਲ ਜ਼ਿੰਦਗੀ ਨਾਲੋਂ ਸੋਸ਼ਲ ਮੀਡੀਆ ਦੀ ਦੁਨੀਆ ਵਿੱਚ ਵੱਧ ਰਹਿੰਦੇ ਹਨ। ਲਾਈਕਾਂ, ਫਾਲੋਅਰਾਂ ਅਤੇ ਦਿਖਾਵੇ ਦੀ ਦੌੜ ਨੇ ਇਨਸਾਨ ਨੂੰ ਆਪਣੇ ਆਪ ਤੋਂ ਦੂਰ ਕਰ ਦਿੱਤਾ ਹੈ।

ਇਸ ਗੁਲਾਮੀ ਤੋਂ ਅਜ਼ਾਦ ਕਿਵੇਂ ਹੋਇਆ ਜਾ ਸਕਦਾ ਹੈ ? ਸਾਨੂੰ ਸੋਚਣਾ ਪਵੇਗਾ, ਸਾਨੂੰ ਇਕੱਲਾ ਸੋਚਣਾ ਹੀ ਨਹੀਂ ਸਾਨੂੰ ਕੁਝ ਕਰਨਾ ਪਵੇਗਾ, ਸਾਨੂੰ ਜਾਗਰੂਕ ਹੋਣਾ ਪਵੇਗਾ। ਅਸਲ ਅਜ਼ਾਦੀ ਕਿਸੇ ਇੱਕ ਦਿਨ ਜਾਂ ਇੱਕ ਸਰਕਾਰ ਨਾਲ ਨਹੀਂ ਮਿਲਦੀ। ਇਹ ਇੱਕ ਲਗਾਤਾਰ ਪ੍ਰਕਿਰਿਆ ਹੈ। ਸਾਨੂੰ ਆਪਣੀ ਮਾਂ-ਬੋਲੀ ਅਤੇ ਸੰਸਕ੍ਰਿਤੀ ਦਾ ਸਨਮਾਨ ਕਰਨਾ ਹੋਵੇਗਾ। ਸਾਨੂੰ ਭ੍ਰਿਸ਼ਟਾਚਾਰ ਖ਼ਿਲਾਫ਼ ਜ਼ੀਰੋ ਸਹਿਣਸ਼ੀਲਤਾ ਦੀ ਨੀਤੀ ਅਪਣਾਉਣੀ ਹੋਵੇਗੀ। ਸਿੱਖਿਆ ਨੂੰ ਹਰ ਘਰ ਤੱਕ ਪਹੁੰਚਾਉਣਾ ਹੋਵੇਗਾ। ਜਾਤ-ਪਾਤ ਅਤੇ ਭੇਦਭਾਵ ਤੋਂ ਉੱਪਰ ਉੱਠ ਕੇ ਮਨੁੱਖਤਾ ਨੂੰ ਅਪਣਾਉਣਾ ਹੋਵੇਗਾ। ਨੌਜਵਾਨਾਂ ਨੂੰ ਰੁਜ਼ਗਾਰ, ਖੇਡਾਂ ਅਤੇ ਹੁਨਰ ਵਿਕਾਸ ਨਾਲ ਜੋੜਨਾ ਹੋਵੇਗਾ। ਔਰਤਾਂ ਨੂੰ ਸੁਰੱਖਿਅਤ ਅਤੇ ਬਰਾਬਰ ਮੌਕੇ ਦੇਣੇ ਹੋਣਗੇ। ਹਰ ਨਾਗਰਿਕ ਨੂੰ ਆਪਣੇ ਫਰਜ਼ਾਂ ਪ੍ਰਤੀ ਜਾਗਰੂਕ ਹੋਣਾ ਹੋਵੇਗਾ। ਦੇਸ਼ ਨੂੰ ਅੰਗਰੇਜ਼ਾਂ ਤੋਂ ਅਜ਼ਾਦ ਕਰਵਾਉਣ ਲਈ ਸਾਡੇ ਸ਼ਹੀਦਾਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ। ਹੁਣ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਭ੍ਰਿਸ਼ਟਾਚਾਰ, ਗਰੀਬੀ, ਨਸ਼ਿਆਂ, ਭੇਦਭਾਵ, ਅਗਿਆਨਤਾ ਅਤੇ ਮਾਨਸਿਕ ਗੁਲਾਮੀ ਤੋਂ ਦੇਸ਼ ਨੂੰ ਅਜ਼ਾਦ ਕਰੀਏ। ਉਸ ਦਿਨ ਤਿਰੰਗਾ ਹੋਰ ਵੀ ਉੱਚਾ ਲੱਗੇਗਾ, ਜਦੋਂ ਹਰ ਭਾਰਤੀ ਮਾਣ ਨਾਲ ਕਹਿ ਸਕੇਗਾ "ਅਸੀਂ ਸਿਰਫ਼ ਅੰਗਰੇਜ਼ਾਂ ਤੋਂ ਹੀ ਨਹੀਂ, ਸਗੋਂ ਹਰ ਕਿਸਮ ਦੀ ਗੁਲਾਮੀ ਤੋਂ ਅਜ਼ਾਦ ਹਾਂ।" ਅਸਲ ਅਜ਼ਾਦੀ ਉਹ ਨਹੀਂ ਜੋ 1947 ਵਿੱਚ ਮਿਲੀ ਸੀ, ਅਸਲ ਅਜ਼ਾਦੀ ਉਹ ਹੋਵੇਗੀ ਜੋ ਹਰ ਭੁੱਖੇ ਨੂੰ ਰੋਟੀ, ਹਰ ਬੱਚੇ ਨੂੰ ਸਿੱਖਿਆ, ਹਰ ਔਰਤ ਨੂੰ ਸਨਮਾਨ, ਹਰ ਨੌਜਵਾਨ ਨੂੰ ਰੁਜ਼ਗਾਰ ਅਤੇ ਹਰ ਇਨਸਾਨ ਨੂੰ ਬਰਾਬਰੀ ਦੇਵੇਗੀ।

**-ਗੁਰਜੰਟ ਸਿੰਘ ਨਥੇਹਾ, ਪੱਤਰਕਾਰ, ਤਲਵੰਡੀ ਸਾਬੋ**
**ਸੰਪਰਕ: 8968727272**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਰਾਜਨੀਤੀ ਨੂੰ ਲੈ ਕੇ ਜਸਬੀਰ ਸਿੰਘ ਭੁੱਲਰ ਦਾ ਅਹਿਮ ਬਿਆਨ



ਫ਼ਿਰੋਜ਼ਪੁਰ, 31 ਮਈ (ਮਨੋਹਰ ਲਾਲ) :— ਅਕਾਲੀ ਦਲ ਪੁਨਰ ਸੁਰਜੀਤ ਮੁਹਿੰਮ ਦੇ ਹਲਕਾ ਇਨਚਾਰਜ (ਫਿਰੋਜ਼ਪੁਰ ਸ਼ਹਿਰੀ) ਜਸਬੀਰ ਸਿੰਘ ਭੁੱਲਰ ਨੇ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿਤੀ ਬਾਰੇ ਇੱਕ ਗੰਭੀਰ ਟਿੱਪਣੀ ਕਰਦਿਆਂ ਇਕਬਾਲ ਸਿੰਘ ਝੂੰਦਾਂ ਦੇ ਬਿਆਨ ਨਾਲ ਪੂਰਨ ਸਹਿਮਤੀ ਪ੍ਰਗਟ ਕਰਦਿਆਂ ਸੂਬੇ ਦੇ ਭਵਿੱਖ ਲਈ ਚਿੰਤਾ ਜ਼ਾਹਰ ਕੀਤੀ ਹੈ। ਗੱਲਬਾਤ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੀ ਰਾਜਨੀਤੀ ਹਮੇਸ਼ਾ ਪੰਜਾਬੀਆਂ ਦੇ ਹਿੱਤਾਂ ਨੂੰ ਮੁੱਖ ਰੱਖ ਕੇ ਹੋਣੀ ਚਾਹੀਦੀ ਹੈ। ਉਨ੍ਹਾਂ ਅਨੁਸਾਰ ਸਿਆਸੀ ਲਾਭ ਜਾਂ ਨਿੱਜੀ ਮੁਫਾਦਾਂ ਲਈ ਸੂਬੇ ਦੇ ਹਿੱਤਾਂ ਨਾਲ ਸਮਝੌਤਾ ਕਰਨਾ ਕਿਸੇ ਵੀ ਤਰ੍ਹਾਂ ਸਵੀਕਾਰਯੋਗ ਨਹੀਂ ਹੈ।

ਗੱਲਬਾਤ ਕਰਦਿਆਂ ਸ੍ਰੀ ਭੁੱਲਰ ਨੇ ਚੇਤਾਵਨੀ ਦਿੱਤੀ ਕਿ ਪੰਜਾਬ ਦੀਆਂ ਸਾਰੀਆਂ ਸਿਆਸੀ ਤਾਕਤਾਂ ਨੂੰ ਅਜਿਹੇ ਗਠਜੋੜਾਂ ਜਾਂ ਸਿਆਸੀ ਸਮੀਕਰਨਾਂ ਤੋਂ ਬਹੁਤ ਸੁਚੇਤ ਰਹਿਣ ਦੀ ਲੋੜ ਹੈ, ਜੋ ਸੂਬੇ ਅਤੇ ਪੰਥਕ ਹਿੱਤਾਂ ਨੂੰ ਨਜ਼ਰਅੰਦਾਜ਼ ਕਰਦੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਕਈ ਵਾਰ ਸੱਤਾ ਪ੍ਰਾਪਤੀ ਦੀ ਦੌੜ ਵਿੱਚ ਰਾਜਨੀਤਿਕ ਪਾਰਟੀਆਂ ਉਹ ਕਦਮ ਚੁੱਕ ਲੈਂਦੀਆਂ ਹਨ ਜੋ ਪੰਜਾਬ ਦੀ ਮੂਲ ਵਿਚਾਰਧਾਰਾ ਅਤੇ ਲੋਕਾਂ ਦੇ ਭਲੇ ਦੇ ਖਿਲਾਫ ਹੁੰਦੇ ਹਨ। ਆਪਣੇ ਸੰਬੋਧਨ ਵਿੱਚ ਉਨ੍ਹਾਂ ਪੰਜਾਬੀ ਸਿਆਸਤਦਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੇ ਸਿਆਸੀ ਲਾਲਚਾਂ ਤੋਂ ਉਪਰ ਉੱਠ ਕੇ ਸੋਚਣ। ਉਨ੍ਹਾਂ ਕਿਹਾ ਕਿ ਸਮੇਂ ਦੀ ਮੰਗ ਹੈ ਕਿ ਸਿਆਸੀ ਆਗੂ ਕੇਵਲ ਉਨ੍ਹਾਂ ਨੀਤੀਆਂ ਦਾ ਸਮਰਥਨ ਕਰਨ ਜੋ ਸਪਸ਼ਟ ਤੌਰ ਤੇ ਪੰਜਾਬ ਅਤੇ ਪੰਜਾਬੀਅਤ ਦੇ ਹੱਕ ਵਿੱਚ ਹੋਣ। ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਇਨਚਾਰਜ ਜ਼ਸਬੀਰ ਸਿੰਘ ਭੁੱਲਰ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਪੰਜਾਬ ਵਿੱਚ ਰਾਜਨੀਤਿਕ ਸਮੀਕਰਨ ਤੇਜ਼ੀ ਨਾਲ ਬਦਲ ਰਹੇ ਹਨ ਅਤੇ ਅਕਾਲੀ ਦਲ ਅੰਦਰ ਪੁਨਰ ਸੁਰਜੀਤ ਦੀਆਂ ਕੋਸ਼ਿਸ਼ਾਂ ਤੇਜ਼ ਹਨ। ਭੁੱਲਰ ਦਾ ਇਹ ਬਿਆਨ ਪੰਜਾਬ ਦੀਆਂ ਆਉਣ ਵਾਲੀਆਂ ਰਾਜਨੀਤਿਕ ਦਿਸ਼ਾਵਾਂ ਲਈ ਇੱਕ ਅਹਿਮ ਸੰਕੇਤ ਮੰਨਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਜੇਠ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ





**ਫ਼ਿਰੋਜ਼ਪੁਰ, 31 ਮਈ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਜੇਠ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਕਥਾ ਕੀਰਤਨ ਕਰਦਿਆਂ ਆਖਿਆ ਕਿ ਇਸ ਭਿਆਨਕ ਕਲਯੁੱਗ ਵਿਚ ਸਿਰਫ ਤੇ ਸਿਰਫ ਨਾਮ ਸ਼ਬਦ ਹੀ ਬਚਾ ਸਕਦਾ ਹੈ, ਨਹੀਂ ਤਾਂ ਇਹ ਭਿਆਨਕ ਕਲਯੁੱਗ ਤੁਹਾਨੂੰ ਕਾਮ ਕਰੋਧ, ਮੋਹ ਲੋਭ ਹੰਕਾਰ ਵਿਚ ਫਸਾ ਕੇ ਰੱਖਦਾ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ, ਗੁਰਬਾਣੀ ਪੜਨ ਨਾਲ ਗੁਰਬਾਣੀ



ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਪ੍ਰਵਚਨਾਂ ਦੀ ਵਰਖਾ ਕਰਦਿਆਂ ਕਿਹਾ ਕਿ ਸਾਨੂੰ ਵਹਿਮਾਂ ਭਰਮਾਂ, ਮੜੀਆਂ ਮਸਾਣਿਆਂ ਤੇ ਮੱਥਾ ਟੇਕਣ ਦੀ ਬਜਾਏ ਪੱਕਾ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ ਤਾਂ ਹੀ ਤੁਹਾਡਾ ਜੀਵਨ ਸਫਲ ਹੋ ਸਕਦਾ ਹੈ, ਪਰ ਸਾਡੇ ਬੱਚੇ ਸਿੱਖਾਂ ਦੇ ਘਰ ਵਿਚ ਜਨਮ ਲੈ ਕੇ ਸਿੱਖੀ ਤੋਂ ਦੂਰ ਹੋ ਕੇ ਕੇਸ ਕਟਵਾ ਰਹੇ ਹਨ, ਜਿਨ੍ਹਾਂ ਨੂੰ ਸੇਧ ਦੇ ਕੇ ਚੰਗੇ ਰਸਤੇ ਪਾਉਣ ਦੀ ਲੋੜ ਹੈ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਅੱਗੇ ਕਿਹਾ ਕਿ ਅੱਜ ਸਾਡੇ ਨੌਜਵਾਨ ਰਿਸੋ ਰੀਸ ਵਿਦੇਸ਼ਾਂ ਨੂੰ ਭੱਜ ਰਹੇ ਹਨ ਅਤੇ ਪਿਛੇ ਬੁੱਢੇ ਮਾਂ ਬਾਪ ਦੁੱਖ ਭੁਗਤ ਰਹੇ ਹਨ, ਉਨ੍ਹਾਂ ਨੌਜਵਾਨਾਂ ਨੂੰ ਵੀ ਸੇਧ ਦੇਣੀ ਚਾਹੀਦਾ ਹੈ। ਇਸ ਮੌਕੇ ਤੇ ਭਾਹੀ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਸਟੇਜ਼ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਅੱਗੇ ਕਿਹਾ ਕਿ 2 ਜੂਨ ਨੂੰ ਵੀਹਵੀਂ ਸਦੀ ਦੇ ਮਹਾਨ ਸੰਤ ਬਾਬਾ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ ਵੱਡੇ ਪੱਧਰ ਤੇ ਪਿੰਡ ਰੋਡੇ ਵਿਖੇ ਮਨਾਇਆ ਜਾ ਰਿਹਾ ਹੈ, ਇਸ ਲਈ ਸੰਗਤਾਂ ਸਵੇਰੇ 8 ਵਜੇ ਗੁਰਦੁਆਰਾ ਛੱਪੜੀ ਸਾਹਿਬ ਵਿਖੇ ਪਹੁੰਚੋ ਤਾਂ ਜ਼ੋ ਬੱਸਾਂ ਰਾਹੀਂ ਸੰਗਤਾਂ ਜਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਾਕਾ ਨੀਲਾ ਤਾਰਾ ਸਿੱਖ ਕੌਮ ਦੀ ਰੂਹ 'ਤੇ ਹਮਲਾ ਸੀ, ਪਰ

# ਟੈਂਕਾਂ ਤੇ ਤੋਪਾਂ ਅੱਗੇ ਡਟੇ ਸਿੰਘਾਂ ਨੇ ਲਿਖਿਆ ਬੇਮਿਸਾਲ ਇਤਿਹਾਸ: ਭਾਈ ਭਿਓਰਾ



ਨਵੀਂ ਦਿੱਲੀ 31 ਮਈ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਸਿਰਫ਼ ਇੱਕ ਮਹੀਨਾ ਨਹੀਂ, ਸਿੱਖ ਕੌਮ ਦੇ ਇਤਿਹਾਸ ਦਾ ਉਹ ਜ਼ਖ਼ਮ ਹੈ ਜੋ ਹਰ ਸਾਲ 1 ਤੋਂ 6 ਜੂਨ ਤੱਕ ਮੁੜ ਤਾਜ਼ਾ ਹੋ ਜਾਂਦਾ ਹੈ। ਸ਼੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਅਨੇਕਾਂ ਗੁਰੂ

ਆਵਾਜ਼ਿ ਕੌਮ AWAZE QAUM International Newspaper & WEB TV

ਘਰਾਂ ਉੱਤੇ ਫੌਜੀ ਚੜ੍ਹਾਈ ਕਰਕੇ ਹਕੂਮਤ ਨੇ ਸਿੱਖਾਂ ਦੀ ਆਤਮਾ ਨੂੰ ਲਲਕਾਰਿਆ ਸੀ, ਪਰ ਕੌਮ ਦੇ ਸੂਰਮਿਆਂ ਨੇ ਵੀ ਅਡਿੱਗ ਹੌਸਲੇ, ਚੜ੍ਹਦੀ ਕਲਾ ਅਤੇ ਬੇਮਿਸਾਲ ਕੁਰਬਾਨੀ ਨਾਲ ਇਤਿਹਾਸ ਲਿਖ ਦਿੱਤਾ। ਬੁੜੈਲ ਜੇਲ੍ਹ ਅੰਦਰ ਬੰਦ ਬੰਦੀ ਸਿੰਘ ਭਾਈ ਪਰਮਜੀਤ ਸਿੰਘ ਭਿਓਰਾ ਨੇ ਇਕ ਮੁਲਾਕਾਤ ਦੌਰਾਨ ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸੁਬੇਗ ਸਿੰਘ, ਬਾਬਾ ਠਾਰਾ ਸਿੰਘ ਅਤੇ ਅਣਗਿਣਤ ਸਿੰਘ- ਸਿੰਘਣੀਆਂ ਨੇ ਧਰਮ, ਅਣਖ਼ ਤੇ ਕੌਮੀ ਸਵਾਭਿਮਾਨ ਲਈ ਆਪਣੀਆਂ ਸ਼ਹਾਦਤਾਂ ਦਿੱਤੀਆਂ। ਉਹਨਾਂ ਦੇ ਹੌਸਲੇ ਨੇ ਦੁਨੀਆ ਨੂੰ ਦੱਸ ਦਿੱਤਾ ਕਿ ਸਿੱਖ ਨਾ ਜੁਲਮ ਅੱਗੇ ਝੁਕਦਾ ਹੈ ਤੇ ਨਾ ਹੀ ਆਪਣੇ ਇਤਿਹਾਸ ਨੂੰ ਭੁੱਲਦਾ ਹੈ।

ਉਨ੍ਹਾਂ ਕਿਹਾ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਸਿੱਖਾਂ ਦੇ ਧਾਰਮਿਕ, ਸਮਾਜਿਕ ਅਤੇ ਮਨੁੱਖੀ ਹੱਕਾਂ ਲਈ ਧਰਮ ਯੁੱਧ ਮੋਰਚਾ ਲਗਾਇਆ ਗਿਆ ਸੀ।

ਉਹਨਾਂ ਨੇ ਕੌਮ ਨੂੰ ਆਪਣੇ ਹੱਕਾਂ ਲਈ ਜਾਗਰੂਕ ਹੋਣ, ਗੁਰੂ ਨਾਲ ਜੁੜਨ ਅਤੇ ਜੁਲਮ ਦੇ ਖ਼ਿਲਾਫ਼ ਡਟਣ ਦਾ ਹਲੂਣਾ ਦਿੱਤਾ। ਪਰ ਹਕੂਮਤ ਨੇ ਸਿੱਖਾਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨ ਦੀ ਬਜਾਏ ਉਹਨਾਂ ਨਾਲ ਗੁਲਾਮਾਂ ਵਾਲਾ ਵਤੀਰਾ ਕੀਤਾ ਅਤੇ ਵਾਰ-ਵਾਰ ਇਹ ਅਹਿਸਾਸ ਕਰਵਾਇਆ ਕਿ ਉਹ ਆਪਣੇ ਹੀ ਦੇਸ਼ ਵਿੱਚ ਦੂਜੇ ਦਰਜੇ ਦੇ ਸ਼ਹਿਰੀ ਹਨ। ਸਾਕਾ ਨੀਲਾ ਤਾਰਾ ਦੌਰਾਨ ਸ਼੍ਰੀ ਦਰਬਾਰ ਸਾਹਿਬ ਕੰਪਲੈਕਸ ਸਮੇਤ ਅਨੇਕਾਂ ਗੁਰਦੁਆਰਿਆ ਉੱਤੇ ਭਾਰੀ ਫੌਜੀ ਹਮਲਾ ਕਰਦਿਆਂ ਮਨੁੱਖਤਾ ਅਤੇ ਸੰਸਾਰਕ ਅਸੂਲਾਂ ਨੂੰ ਵੀ ਅਣਡਿੱਠਾ ਕੀਤਾ ਗਿਆ। ਉਸ ਵੇਲੇ ਹੋਈ ਕਾਰਵਾਈ ਨੂੰ ਲੈ ਕੇ ਅੱਜ ਤੱਕ ਅਨੇਕ ਸਵਾਲ ਖੜ੍ਹਦੇ ਹਨ ਕਿ ਪਵਿੱਤਰ ਅਸਥਾਨਾਂ ਉੱਤੇ ਟੈਂਕਾਂ, ਭਾਰੀ ਹਥਿਆਰਾਂ ਅਤੇ ਪਾਬੰਦੀਸ਼ੁਦਾ ਗੈਸਾਂ ਵਰਗੇ ਤਰੀਕਿਆਂ ਦੀ ਵਰਤੋਂ ਕਰਕੇ ਕੌਮ ਦੇ ਜਜ਼ਬਾਤਾਂ ਨੂੰ ਗਹਿਰਾ ਝਟਕਾ ਦਿੱਤਾ ਗਿਆ। ਸੰਤ ਭਿੰਡਰਾਂਵਾਲਿਆਂ ਅਤੇ ਜਨਰਲ ਸੁਬੇਗ ਸਿੰਘ ਵੱਲੋਂ ਬਣਾਈ ਗਈ ਰਣਨੀਤੀ ਨੇ ਹਕੂਮਤ ਦੀਆਂ ਨੀਂਹਾਂ ਤੱਕ ਹਿਲਾ ਦਿੱਤੀਆਂ ਸਨ। ਜਨਰਲ ਸੁਬੇਗ ਸਿੰਘ ਦੀ ਫੌਜੀ ਸਮਝ ਅਤੇ ਸੰਤਾਂ ਦੀ ਨਿਡਰ ਅਗਵਾਈ ਹੇਠ ਸਿੱਖ ਯੋਧਿਆਂ ਨੇ ਜਿਸ ਸੂਰਮਗਤੀ ਅਤੇ ਦਲੇਰੀ ਨਾਲ ਭਾਰਤੀ ਫੌਜ ਦਾ ਮੁਕਾਬਲਾ ਕੀਤਾ, ਉਹ ਇਤਿਹਾਸ ਦਾ ਇਕ ਨਿਵੇਕਲਾ ਅਧਿਆਇ ਬਣ ਗਿਆ। ਉਨ੍ਹਾਂ ਕਿਹਾ ਗਿਣਤੀ, ਹਥਿਆਰਾਂ ਅਤੇ ਸਰਕਾਰੀ ਤਾਕਤ ਵਿੱਚ ਘੱਟ ਹੋਣ ਦੇ ਬਾਵਜੂਦ ਉਂਗਲਾਂ ਤੇ ਗਿਣੇ ਜਾਣ ਵਾਲੇ ਸਿੰਘਾਂ ਨੇ ਚੜ੍ਹਦੀ ਕਲਾ ਅਤੇ ਅਟੱਲ ਹੌਸਲੇ ਨਾਲ ਇਹ ਸਾਬਤ ਕੀਤਾ ਕਿ ਖਾਲਸਾ ਆਪਣੀ ਅਨਖ ਅਤੇ ਧਰਮ ਦੀ ਰੱਖਿਆ ਲਈ ਹਰ ਕੁਰਬਾਨੀ ਦੇਣ ਨੂੰ ਤਿਆਰ ਰਹਿੰਦਾ ਹੈ। ਉਹ ਮੁਕਾਬਲਾ ਸਿਰਫ਼ ਇੱਕ ਜੰਗ ਨਹੀਂ ਸੀ, ਸਗੋਂ ਸਿੱਖ ਕੌਮ ਦੀ ਆਤਮਿਕ ਤਾਕਤ, ਵਿਸ਼ਵਾਸ ਅਤੇ ਸ਼ਹਾਦਤ ਦੇ ਜਜ਼ਬੇ ਦੀ ਮਿਸਾਲ ਬਣ ਗਿਆ। ਉਨ੍ਹਾਂ ਕਿਹਾ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਸਿਰਫ਼ ਇੱਕ ਵਿਅਕਤੀ ਨਹੀਂ ਸਨ, ਸਗੋਂ ਸਿੱਖ ਕੌਮ ਦੀ ਚੜ੍ਹਦੀ ਕਲਾ, ਨਿਡਰਤਾ ਅਤੇ ਗੁਰਸਿੱਖੀ ਜੀਵਨ ਦੇ ਪ੍ਰਤੀਕ ਬਣ ਕੇ ਉਭਰੇ। ਉਹਨਾਂ ਨੇ ਨੌਜਵਾਨੀ ਨੂੰ ਅੰਮ੍ਰਿਤ, ਬਾਣੀ ਅਤੇ ਸਿੱਖੀ ਨਾਲ ਜੋੜਨ ਦਾ ਸੰਦੇਸ਼ ਦਿੱਤਾ ਅਤੇ ਜੁਲਮ ਅੱਗੇ ਨਾ ਝੁਕਣ ਦੀ ਪ੍ਰੇਰਣਾ ਦਿੱਤੀ। ਸੰਤਾਂ ਦੀ ਦਲੇਰੀ ਅਤੇ ਅਡੋਲਤਾ ਨੇ ਹਕੂਮਤੀ ਤਾਕਤਾਂ ਨੂੰ ਵੀ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਖਾਲਸੇ ਦੀ ਰੂਹ ਨੂੰ ਗੋਲੀਆਂ ਜਾਂ ਟੈਂਕਾਂ ਨਾਲ ਨਹੀਂ ਹਰਾਇਆ ਜਾ ਸਕਦਾ। ਸਰਕਾਰਾਂ ਨੇ ਸੋਚਿਆ ਸੀ ਕਿ ਤਾਕਤ ਅਤੇ ਬਰੂਦ ਦੇ ਜੋਰ ਨਾਲ ਸਿੱਖ ਕੌਮ ਦੀ ਆਵਾਜ਼ ਨੂੰ ਦਬਾ ਲਿਆ ਜਾਵੇਗਾ, ਪਰ ਖਾਲਸੇ ਦੀ ਰੂਹ ਨਾ ਕਦੇ ਡਰੀ ਹੈ ਤੇ ਨਾ ਹੀ ਕਦੇ ਮਿਟੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਹੋਏ ਹਮਲੇ ਨੇ ਹਰ ਸਿੱਖ ਦੇ ਦਿਲ ਵਿੱਚ ਇਕ ਅੱਗ ਜਗਾਈ, ਜੋ ਅੱਜ ਵੀ ਕੌਮੀ ਅਨਖ, ਇਨਸਾਫ਼ ਅਤੇ ਹੱਕਾਂ ਲਈ ਧੜਕਦੀ ਹੈ। ਉਨ੍ਹਾਂ ਕਿਹਾ ਇਹ ਘਲੂਘਾਰਾ ਸਾਨੂੰ ਯਾਦ ਦਿਵਾਉਂਦਾ ਹੈ ਕਿ ਜਦੋਂ ਵੀ ਧਰਮ ਅਤੇ ਅਸੂਲਾਂ ਉੱਤੇ ਵਾਰ ਹੁੰਦਾ ਹੈ, ਤਦੋਂ ਕੌਮ ਦੇ ਸੂਰਮੇ ਆਪਣੀਆਂ ਜਾਨਾਂ ਵਾਰ ਕੇ ਵੀ ਸੱਚ ਦਾ ਪੱਖ ਨਹੀਂ ਛੱਡਦੇ। ਜੂਨ 1984 ਦੇ ਦਿਹਾੜੇ ਸਿਰਫ਼ ਇਤਿਹਾਸ ਦੇ ਸਫ਼ੇ ਨਹੀਂ, ਸਗੋਂ ਕੌਮ ਦੀ ਰੂਹ ਵਿੱਚ ਵੱਸਿਆ ਉਹ ਦਰਦ ਹਨ ਜੋ ਹਰ ਸਿੱਖ ਨੂੰ ਆਪਣੀ ਜ਼ਿੰਮੇਵਾਰੀ ਯਾਦ ਕਰਾਉਂਦੇ ਹਨ। ਸ਼ਹੀਦਾਂ ਦਾ ਲਹੂ ਸਾਨੂੰ ਇਕਤਾ, ਬਾਣੀ-ਬਾਣੇ ਨਾਲ ਜੁੜਨ ਅਤੇ ਗੁਰੂ ਦੇ ਰਾਹ ਉੱਤੇ ਅਡੋਲ ਰਹਿਣ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਅੱਜ ਲੋੜ ਹੈ ਕਿ ਨੌਜਵਾਨ ਪੀੜ੍ਹੀ ਆਪਣੇ ਇਤਿਹਾਸ ਨੂੰ ਪੜ੍ਹੇ, ਸ਼ਹੀਦਾਂ ਦੀ ਕੁਰਬਾਨੀ ਨੂੰ ਸਮਝੇ ਅਤੇ ਕੌਮ ਦੀ ਚੜ੍ਹਦੀ ਕਲਾ ਲਈ ਆਪਣੇ ਫਰਜ਼ ਨੂੰ ਪਛਾਣੇ। 1 ਤੋਂ 6 ਜੂਨ ਦੇ ਘਲੂਘਾਰੇ ਦਿਹਾੜੇ ਸਾਨੂੰ ਸਿਰਫ਼ ਦੁੱਖ ਹੀ ਨਹੀਂ, ਸਗੋਂ ਆਪਣੀ ਕੌਮੀ ਏਕਤਾ, ਗੁਰਮਤਿ ਸੋਚ ਅਤੇ ਸੰਘਰਸ਼ ਦੀ ਯਾਦ ਵੀ ਦਿਵਾਉਂਦੇ ਹਨ। ਸ਼ਹੀਦੀ ਪਾ ਗਏ ਸਮੂਹ ਸੂਰਮਿਆਂ ਨੂੰ ਕੇਸਰੀ ਸਲਾਮ। ਆਓ, ਉਹਨਾਂ ਦੇ ਪੂਰਨਿਆਂ 'ਤੇ ਚੱਲਦਿਆਂ ਕੌਮ ਦੀ ਚੜ੍ਹਦੀ ਕਲਾ, ਏਕਤਾ ਅਤੇ ਸਿੱਖੀ ਅਸੂਲਾਂ ਨਾਲ ਜੁੜੇ ਰਹੀਏ। "ਦੇਹ ਸ਼ਿਵਾ ਬਰ ਮੋਹਿ ਇਹੈ, ਸ਼ੁਭ ਕਰਮਨ ਤੇ ਕਬਹੂੰ ਨ ਟਰੋਂ।"

# ਗਾਇਕ ਹਿੰਮਤ ਸੰਧੂ ਦਾ ਕਸ਼ਮੀਰ ਸਿੰਘ ਦੇ ਗ੍ਰਹਿ ਵਿਖੇ ਸਨਮਾਨ



ਚੌਕ ਮਹਿਤਾ ,31 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)ਸਰਕਲ ਮਹਿਤਾ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਜ਼ਿਲਾ ਕਾਂਗਰਸ ਕਮੇਟੀ ਦਿਹਾਤੀ ਦੇ ਮੀਤ ਪ੍ਰਧਾਨ ਚੇਅਰਮੈਨ ਕਸ਼ਮੀਰ ਸਿੰਘ ਕਾਲਾ ਸਾਬਕਾ ਸਰਪੰਚ ਮਹਿਤਾ ਦੇ ਗ੍ਰਹਿ ਵਿਖੇ ਪੰਜਾਬ ਦੇ ਨਾਮਵਰ ਗਾਇਕ ਹਿੰਮਤ ਸੰਧੂ ਵਿਸ਼ੇਸ਼

ਆਵਾਜ਼ਿ ਕੌਮ AWAZE QAUM International Newspaper & WEB TV

ਤੌਰ 'ਤੇ ਪੁੱਜੇ। ਇਸ ਦੌਰਾਨ ਰੰਧਾਵਾ ਪਰਿਵਾਰ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਸਨਮਾਨ ਵਜੋਂ ਸਿਰਪਾਓ ਭੇਟ ਕੀਤਾ ਗਿਆ। ਇਸ ਮੌਕੇ ਜੁਗਰਾਜ ਸਿੰਘ ਰੰਧਾਵਾ, ਮਨਿੰਦਰਜੀਤ ਸਿੰਘ ਰੰਧਾਵਾ ਤੇ ਹਰਸ਼ ਗਿੱਲ ਵੀ ਨਾਲ ਮੌਜੂਦ ਸਨ।

### ਨਗਰ ਕੌਂਸਲ ਚੋਣਾਂ ਹਲਕਾ ਜੰਡਿਆਲਾ ਗੁਰੂ ਵਿੱਚ

# ਸ਼ਾਨਦਾਰ ਹੋਈ ਜਿੱਤ: ਚੇਅਰਮੈਨ ਜਲਾਲ ਉਸਮਾ, ਪ੍ਰਧਾਨ ਗੁਰਜਿੰਦਰ ਸਿੰਘ ਕੁਹਾੜਵਿੰਡ

**ਚੌਕ ਮਹਿਤਾ,30 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ**)-ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ , ਗੁਰਜਿੰਦਰ ਸਿੰਘ ਕੁਹਾੜਵਿੰਡ ਮੈਂਬਰ ਬਲਾਕ ਸੰਮਤੀ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਮੁਰਾਬਕਾ ਦੇਣ ਲਈ ਪਾਉਂਚੇ। ਇੱਕ

ਆਵਾਜ਼ਿ ਕੌਮ AWAZE QAUM International Newspaper & WEB TV

ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਕਾਰਗੁਜ਼ਾਰੀ ਤੋਂ ਬਹੁਤ ਖੁਸ਼ ਹਨ ਅਤੇ ਆਮ ਆਦਮੀ ਪਾਰਟੀ ਵੱਲ ਉਮੀਦ ਨਾਲ ਦੇਖ ਰਹੇ ਹਨ। ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਪ੍ਰਧਾਨ ਗੁਰਜਿੰਦਰ ਸਿੰਘ ਕੁਹਾੜਵਿੰਡ ਮੈਂਬਰ ਬਲਾਕ ਸੰਮਤੀ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਪਾਰਟੀ ਨੂੰ ਵੱਡਾ ਸਮਰਥਨ



ਪ੍ਰਾਪਤ ਹੋਇਆ ਹੈ ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਨਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕ ਭਲਾਈ ਅਤੇ ਵਿਕਾਸ ਦੀ ਰਾਜਨੀਤੀ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਲੋਕ ਆਮ ਆਦਮੀ ਨੂੰ ਪੂਰਾ ਸਮਰਥਨ ਦੇਣਗੇ।

# ਗੁਰੂ ਘਰਾਂ ਦੀ ਸੁਰੱਖਿਆ ਲਈ 'ਪਹਿਰੇਦਾਰ ਕਮੇਟੀਆਂ' ਦਾ ਗਠਨ ਹੋਵੇ ਅਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ: ਕਰਨੈਲ ਸਿੰਘ ਪੀਰ ਮੁਹੰਮਦ

**ਅੰਮ੍ਰਿਤਸਰ/ਬਾਬਾ ਬਕਾਲਾ, 31 ਮਈ (ਆਵਾਜ਼ਿ ਕੌਮ ਬਿਊਰੋ**)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਪੰਥਕ ਇਕੱਠ ਦੀ ਰੌਸ਼ਨੀ ਵਿੱਚ ਗੁਰਦੁਆਰਾ ਸਾਹਿਬਾਨ ਦੀ ਸੁਰੱਖਿਆ ਨੂੰ ਲੈ ਕੇ ਅਹਿਮ ਸੁਝਾਅ ਦਿੱਤੇ ਹਨ। ਉਨ੍ਹਾਂ ਕਿਹਾ ਕਿ ਬੇਅਦਬੀ ਦੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਲਈ ਕੇਵਲ ਕਾਨੂੰਨ ਹੀ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਸੁਚੇਤ ਪਹਿਰੇਦਾਰੀ ਦੀ ਵੀ ਲੋੜ ਹੈ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਅਪੀਲ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਮੁੱਚੀ ਕੌਮ ਅਤੇ ਪ੍ਰਬੰਧਕੀ ਕਮੇਟੀਆਂ ਨੂੰ ਸਖ਼ਤ ਹੁਕਮ ਜਾਰੀ ਕੀਤੇ ਜਾਣ ਤਾਂ ਜੋ ਗੁਰੂ ਘਰਾਂ ਦੀ ਮਰਿਆਦਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਲੋਕਲ ਕਮੇਟੀਆਂ ਅਤੇ ਇਤਿਹਾਸਕ ਗੁਰਦੁਆਰਿਆਂ ਦੇ ਪ੍ਰਬੰਧਕਾਂ ਨੂੰ ਕਿਹਾ ਕਿ ਹਰ ਗੁਰੂ ਘਰ ਵਿੱਚ ਵਿਸ਼ੇਸ਼ ਪਹਿਰੇਦਾਰ ਕਮੇਟੀਆਂ' ਦਾ ਗਠਨ ਕੀਤਾ ਜਾਵੇ। ਇਸ ਦੇ ਨਾਲ ਹੀ ਸਮੁੱਚੇ ਕੰਪਲੈਕਸਾਂ ਵਿੱਚ ਉੱਚ-ਗੁਣਵੱਤਾ ਵਾਲੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਨਿਗਰਾਨੀ ਲਈ ਪੁਖ਼ਤਾ ਇੰਤਜ਼ਾਮ ਕੀਤੇ ਜਾਣ। ਉਨ੍ਹਾਂ ਜ਼ੋਰ ਦਿੱਤਾ ਕਿ ਜੇਕਰ ਗੁਰੂ ਘਰਾਂ ਵਿੱਚ ਹਰ ਵਕਤ ਸੁਚੇਤ ਪਹਿਰੇਦਾਰੀ ਹੋਵੇਗੀ, ਤਾਂ ਬੇਅਦਬੀ ਵਰਗੀਆਂ ਘਿਨੌਣੀਆਂ



ਆਵਾਜ਼ਿ ਕੌਮ AWAZE QAUM International Newspaper & WEB TV

ਹਰਕਤਾਂ ਨੂੰ ਅੰਜਾਮ ਦੇਣ ਵਾਲੇ ਸਾਜ਼ਿਸ਼ੀ ਲੋਕ ਕਦੇ ਵੀ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋ ਸਕਣਗੇ। ਪੀਰ ਮੁਹੰਮਦ ਨੇ ਮੁੜ ਦੁਹਰਾਇਆ ਕਿ ਸਰਕਾਰ ਅਤੇ ਪੰਥਕ ਜਥੇਬੰਦੀਆਂ ਵਿਚਾਲੇ ਟਕਰਾਅ ਕਿਸੇ ਮਸਲੇ ਦਾ ਹੱਲ ਨਹੀਂ ਹੈ। ਇੱਕ ਸਾਂਝੀ ਤਾਲਮੇਲ ਕਮੇਟੀ ਬਣਾ ਕੇ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ' ਵਿੱਚ ਮੌਜੂਦ ਤੌਖਲਿਆਂ ਨੂੰ ਦੂਰ ਕਰਕੇ ਇਸ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਡੇਰਾ ਸਿਰਸਾ ਮੁਖੀ ਅਤੇ ਉਸ ਦੇ ਸਹਿਯੋਗੀਆਂ ਵਿਰੁੱਧ ਪੁਰਾਣੇ ਕੇਸਾਂ ਨੂੰ ਮੁੜ ਖੋਲ੍ਹਣ ਅਤੇ ਬੇਅਦਬੀ ਦੇ ਮਾਮਲਿਆਂ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਵੀ ਕੀਤੀ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਪੰਥਕ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਸਾਨੂੰ ਸਾਰਿਆਂ ਨੂੰ ਇਕਜੁੱਟ ਹੋ ਕੇ ਗੁਰੂ ਸਾਹਿਬ ਦੇ ਸਤਿਕਾਰ ਦੀ ਬਹਾਲੀ ਅਤੇ ਸੁਰੱਖਿਆ ਲਈ ਅੱਗੇ ਆਉਣਾ ਚਾਹੀਦਾ ਹੈ।

# ਸਰਕਾਰੀ ਮਿਡਲ ਸਕੂਲ ਮਾਨਵਾਲਾ ਵਿੱਚ ਬੱਚਿਆਂ ਨੂੰ ਸਕੂਲ ਬੈਗ ਵੰਡੇ



**ਧੂਰੀ ( ਰਣਜੀਤ ਸਿੰਘ ਪੇਧਨੀ** )-ਸਰਕਾਰੀ ਮਿਡਲ ਸਕੂਲ ਮਾਨਵਾਲਾ ਵਿਖੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੇਗਾਪੇਟੀਐਮ ਕਰਵਾਈ ਗਈ ਜਿਸ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਬਾਰੇ ਦੱਸਿਆ ਗਿਆ ਵਿਭਾਗ ਵੱਲੋਂ ਭੇਜੇ ਵੱਖ-ਵੱਖ ਸਰਟੀਫਿਕੇਟ ਵੀ ਦਿੱਤੇ ਗਏ। ਇਸ ਮੌਕੇ ਮੈਡਮ ਜਸਪ੍ਰੀਤ ਕੌਰ ਐਸ ਐਸ ਮਿਸਟਰਸ

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ ਬੇਟੇ ਦੇ ਜਨਮਦਿਨ ਦੀ ਖੁਸ਼ੀ ਵਿੱਚ ਸਾਰੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ। ਇਸ ਵਿੱਚ ਸਾਰੇ ਅਧਿਆਪਕਾਂ ਅਤੇ ਸਾਰੇ ਵਿਦਿਆਰਥੀਆਂ ਨੇ ਭਾਗ ਲਿਆ ਇਸ ਮੌਕੇ ਸਕੂਲ ਇੰਚਾਰਜ ਪਰਮਵੀਰ ਸ਼ਰਮਾ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ ਇਸ ਮੌਕੇ ਤੇ ਮੀਨਾਕਸ਼ੀ ਰਾਣੀ ਮਨਜੀਤ ਕੌਰ ਅਤੇ ਵਸੀਮ ਅਕਰਮ ਤੇ ਚੇਅਰਮੈਨ ਅਮਨਦੀਪ ਕੌਰ ਅਤੇ ਸਮੂਹ ਐਸਐਮਸੀ ਕਮੇਟੀ ਹਾਜ਼ਰ ਰਹੇ ਇਸ ਮੌਕੇ ਸਕੂਲ ਇੰਚਾਰਜ ਪਰਮਵੀਰ ਸ਼ਰਮਾ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਧੂਰੀ ਵਾਲਿਆਂ ਨੇ ਭਗਵੰਤ ਮਾਨ ਦੇ ਕੀਤੇ ਕੰਮਾਂ ਕਰਕੇ 21 ਚੋਂ 19 ਵਾਰਡਾਂ ਵਿੱਚ ਆਪ ਉਮੀਦਵਾਰ ਜਿੱਤੇ ਕਾਝਲਾਂ

**ਧੂਰੀ ( ਰਣਜੀਤ ਸਿੰਘ ਪੇਧਨੀ** )-ਧੂਰੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਦਰਜ ਕੀਤੀ ਗਈ ਸ਼ਾਨਦਾਰ ਜਿੱਤ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਕੀਤੇ ਇਤਿਹਾਸਕ ਕੰਮਾਂ ਤੇ ਮੋਹਰ ਲਗਾਈ।



ਇਨਾ ਵਿਚਾਰਾਂ ਦਾ ਪ੍ਰਗਟਾਵਾ ਜੀ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਝਲਾਂ ਮੈਂਬਰ ਜਿਲਾ ਜ਼ਿਲਾ ਪ੍ਰੀਸ਼ਦ ਨੇ ਕੀਤਾ । ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ ਹੁਣ ਨਗਰ ਕੌਂਸਲ ਚੋਣਾਂ ਵਿੱਚ ਵੀ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫ਼ਤਵਾ ਦੇ ਕੇ ਇਹ ਸਾਬਤ ਕਰ ਦਿੱਤਾ ਹੈ ਕਿ

ਆਵਾਜ਼ਿ ਕੌਮ AWAZE QAUM International Newspaper & WEB TV

ਉਹ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਤਰਜੀਹ ਦਿੰਦੇ ਹਨ । ਉਹਨਾਂ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਪ੍ਰੋਜੈਕਟਾਂ ਨੂੰ ਅਮਲੀ ਜਾਮਾ ਪਹਿਨਾਇਆ। ਉਨਾ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਦੇ ਨਵੀਨੀਕਰਨ, ਪੀਣ ਵਾਲੇ ਸਾਫ਼ ਪਾਣੀ ਦੀ ਬਿਹਤਰ ਸਪਲਾਈ, ਸਫ਼ਾਈ, ਸ਼ਹਿਰ ਨੂੰ ਸ਼ਾਨਦਾਰ ਹਸਪਤਾਲ ਬਣਾ ਕੇ ਦੇਣਾ ਤੋਂ ਇਲਾਵਾ ਹੋਰ ਪ੍ਰਬੰਧਾਂ ਵਿੱਚ ਸੁਧਾਰ ਅਤੇ ਹੋਰ ਅਨੇਕਾਂ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਸਲਿਆਂ ਨੂੰ ਪਿਛਲੀਆਂ ਸਰਕਾਰਾਂ ਵੱਲੋਂ ਲੰਬੇ ਸਮੇਂ ਤੱਕ ਅਣਗੌਲਿਆ ਕੀਤਾ ਜਾਂਦਾ ਰਿਹਾ, ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਦੀ ਅਗਵਾਈ ਹੇਠ ਹੱਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਵਿੱਚ ਪਾਰਟੀ ਦੇ ਉਮੀਦਵਾਰਾਂ ਨੂੰ ਮਿਲੀ ਵੱਡੀ ਜਿੱਤ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਲੋਕ ਵਿਕਾਸ ਦੀ ਰਾਜਨੀਤੀ ਨਾਲ ਖੜ੍ਹੇ ਹਨ।

### ਕੈਨੇਡੀਅਨ ਸਿੱਖਾਂ ਵਲੋਂ ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਪਟਨਾਇਕ ਨੂੰ "ਪਰਸੋਨਾ ਨਾਨ ਗ੍ਰਾਟਾ" ਅਧੀਨ

# ਕੈਨੇਡਾ ਤੋਂ ਕਢਣ ਦੀ ਮੰਗ ਕਰਦਾ ਭਾਰੀ ਵਿਰੋਧ ਪ੍ਰਦਰਸ਼ਨ




ਨਵੀਂ ਦਿੱਲੀ, 31 ਮਈ (ਮਨਪ੍ਰੀਤ ਸਿੰਘ ਖਾਲਸਾ): ਖਾਲਿਸਤਾਨ ਰੈਫਰੈਂਡਮ ਦੇ ਸਮਰਥਕਾਂ ਅਤੇ ਕੈਨੇਡੀਅਨ ਨਾਗਰਿਕਾਂ ਨੇ ਵੈਨਕੂਵਰ ਸਥਿਤ ਭਾਰਤੀ ਕੌਂਸਲੇਟ ਦੇ ਬਾਹਰ "ਕੈਨੇਡੀਅਨ ਸਰਬਭੌਮਤਾ ਰੈਲੀ" ਕਰਕੇ ਆਰਸੀਐਮਪੀ , ਸੀਐਸਆਈਐਸ ਅਤੇ ਕੈਨੇਡੀਅਨ ਪੱਤਰਕਾਰਤਾ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਅਤੇ ਭਾਰਤ ਦੇ ਹਾਈ ਕਮਿਸ਼ਨਰ ਦਿਨੇਸ਼ ਕੇ. ਪਟਨਾਇਕ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਪ੍ਰਦਰਸ਼ਨਕਾਰੀਆਂ ਦਾ ਦੋਸ਼ ਸੀ ਕਿ ਪਟਨਾਇਕ ਨੇ ਕੈਨੇਡਾ ਦੀਆਂ ਰਾਸ਼ਟਰੀ ਸੁਰੱਖਿਆ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਸੰਸਥਾਵਾਂ ਦੀ ਭਰੋਸੇਯੋਗਤਾ 'ਤੇ ਜਨਤਕ ਤੌਰ 'ਤੇ ਸਵਾਲ ਉਠਾ ਕੇ ਕੈਨੇਡੀਅਨ ਸਰਬਭੌਮਤਾ ਅਤੇ ਸੰਸਥਾਵਾਂ ਦਾ ਅਪਮਾਨ ਕੀਤਾ ਹੈ। ਖਾਲਿਸਤਾਨ ਰੈਫਰੈਂਡਮ ਦੇ ਸਮਰਥਕਾਂ ਵੱਲੋਂ ਭਾਰਤ ਦੇ ਕੈਨੇਡਾ ਸਥਿਤ ਹਾਈ ਕਮਿਸ਼ਨਰ ਦਿਨੇਸ਼ ਕੇ. ਪਟਨਾਇਕ ਦੇ ਵਿਰੋਧ ਵਿੱਚ ਇੱਕ ਵਿਲੱਖਣ ਪ੍ਰਦਰਸ਼ਨ ਕੀਤਾ ਗਿਆ, ਜਿਸ ਨੂੰ "ਦਿਨੇਸ਼ ਪਟਨਾਇਕ ਦੀ ਸ਼ਰਮਨਾਕ ਖੋਤਾ ਸਵਾਰੀ" ਨਾਮ ਦਿੱਤਾ ਗਿਆ। ਇਹ ਪ੍ਰਦਰਸ਼ਨ ਉਸ ਵੇਲੇ ਕੀਤਾ ਗਿਆ ਜਦੋਂ ਸਿੱਖਸ ਫਾਰ ਜਸਟਿਸ ਨੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਇੱਕ ਕਾਨੂੰਨੀ ਮੈਮੋਰੈਂਡਮ ਭੇਜ ਕੇ ਪਟਨਾਇਕ ਨੂੰ ਕੈਨੇਡਾ ਵਿੱਚੋਂ ਕੱਢਣ ਅਤੇ ਭਾਰਤੀ ਡਿਪਲੋਮੈਟਾਂ ਨੂੰ ਪ੍ਰਦਾਨ ਕੀਤੀ ਜਾ ਰਹੀ ਸਰਕਾਰੀ ਸੁਰੱਖਿਆ ਵਾਪਸ ਲੈਣ ਦੀ ਮੰਗ ਕੀਤੀ। ਰੈਲੀ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਕਿ ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਕੇ. ਪਟਨਾਇਕ ਨੂੰ "ਪਰਸੋਨਾ ਨਾਨ ਗ੍ਰਾਟਾ" ਘੋਸ਼ਿਤ ਕਰਕੇ ਕੈਨੇਡਾ ਵਿੱਚੋਂ ਕੱਢਿਆ ਜਾਵੇ ਅਤੇ ਭਾਰਤੀ ਡਿਪਲੋਮੈਟਾਂ ਅਤੇ ਡਿਪਲੋਮੈਟਿਕ ਇਮਾਰਤਾਂ ਲਈ ਕੈਨੇਡੀਅਨ ਟੈਕਸਦਾਤਾਵਾਂ ਦੇ ਪੈਸਿਆਂ ਨਾਲ ਮੁਹੱਈਆ ਕਰਵਾਈ ਜਾ ਰਹੀ ਸੁਰੱਖਿਆ ਤੁਰੰਤ ਖਤਮ ਕੀਤੀ ਜਾਵੇ। ਪ੍ਰਦਰਸ਼ਨ ਵਿਚ ਹਾਜਿਰ ਕੈਨੇਡੀਅਨ ਸਿੱਖਾਂ ਨੇ ਕਿਹਾ, "ਜੇ ਹਾਈ ਕਮਿਸ਼ਨਰ ਪਟਨਾਇਕ ਆਰਸੀਐਮਪੀ ਅਤੇ ਸੀਐਸਆਈਐਸ ਦੀ ਭਰੋਸੇਯੋਗਤਾ 'ਤੇ ਹੀ ਸਵਾਲ ਖੜ੍ਹੇ ਕਰਦੇ ਹਨ, ਤਾਂ ਕੈਨੇਡੀਅਨ ਟੈਕਸਦਾਤਾਵਾਂ ਦੇ ਪੈਸਿਆਂ ਨਾਲ ਭਾਰਤੀ ਡਿਪਲੋਮੈਟਾਂ ਅਤੇ ਉਨ੍ਹਾਂ ਦੀਆਂ ਇਮਾਰਤਾਂ ਦੀ ਸੁਰੱਖਿਆ ਦਾ ਕੋਈ ਜਾਇਜ਼ ਕਾਰਨ ਨਹੀਂ ਬਣਦਾ।" ਉਨ੍ਹਾਂ ਕਿਹਾ ਕਿ ਕਾਰਨੀ ਸਰਕਾਰ ਨੂੰ ਇਹ ਤੈਅ ਕਰਨਾ ਹੋਵੇਗਾ ਕਿ ਉਹ ਕੈਨੇਡੀਅਨ ਨਾਗਰਿਕਾਂ ਅਤੇ ਸੰਸਥਾਵਾਂ ਦੇ ਹਿੱਤਾਂ ਦੀ ਰੱਖਿਆ ਕਰੇਗੀ ਜਾਂ ਉਹਨਾਂ ਵਿਦੇਸ਼ੀ ਡਿਪਲੋਮੈਟਾਂ ਨੂੰ ਸਰਕਾਰੀ ਸੁਰੱਖਿਆ ਮੁਹਈਆ ਕਰਵਾਉਂਦੀ ਰਹੇਗੀ ਜੋ ਕੈਨੇਡੀਅਨ ਸੰਸਥਾਵਾਂ ਨੂੰ ਜਨਤਕ ਤੌਰ 'ਤੇ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰਦੇ ਹਨ। ਰੈਲੀ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਮੀਤ ਸਿੰਘ ਗਿੱਲ, ਸਕੱਤਰ ਗੁਰਮੀਤ ਸਿੰਘ ਤੂਰ, ਨਰਿੰਦਰ ਸਿੰਘ ਰੰਧਾਵਾ, ਅਵਤਾਰ ਸਿੰਘ ਖਹਿਰਾ ਅਤੇ ਐਸਐਫਜੇ ਦੇ ਮਨਜਨਿੰਦਰ ਸਿੰਘ ਖਾਲਸਾ, ਜੈਕ ਸਿੱਧੂ, ਚਰਨਜੀਤ ਸਿੰਘ, ਰਜਿੰਦਰ ਸਿੰਘ ਨੱਤ, ਦਲਜੀਤ ਸਿੰਘ ਅਤੇ ਹੋਰ ਸਮਰਥਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ

# ਟੀਚਰ ਟ੍ਰੇਨਿੰਗ ਲੈ ਕੇ ਵਾਪਿਸ ਪਰਤੇ ਕਪੂਰਥਲਾ ਜ਼ਿਲ੍ਹੇ ਦੇ 4 ਅਧਿਆਪਕ

**ਕਪੂਰਥਲਾ,31 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਕੂਲਜ਼ ਸਿੱਖਿਆ ਵਿਭਾਗ ਵਲੋ ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ ਟੀਚਰ ਟ੍ਰੇਨਿੰਗ ਲਈ ਗਏ ਅਧਿਆਪਕਾਂ ਦੇ ਗਰੁੱਪ ਵਿੱਚ ਜਿਲ੍ਹਾ ਕਪੂਰਥਲਾ ਦੇ 4 ਅਧਿਆਪਕ ਵੀ ਟ੍ਰੇਨਿੰਗ ਲੈਣ ਗਏ ਸਨ ਅਤੇ ਦੋ ਹ.ਫਤਿਆਂ ਦੀ ਟੀਚਰ ਟ੍ਰੇਨਿੰਗ ਲੈ ਕੇ ਓਹ ਅੱਜ ਵਾਪਿਸ ਆਪਣੇ ਸ਼ਹਿਰ ਕਪੂਰਥਲਾ ਪਰਤ ਆਏ ਹਨ। ਜਿਹਨਾਂ ਦਾ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਕਪੂਰਥਲਾ ਮੈਡਮ ਮਮਤਾ ਬਜਾਜ ਉੱਪ ਜਿਲ੍ਹਾ ਸਿੱਖਿਆ ਅ.ਫਸਰ ਡਾਕਟਰ ਬਲਵਿੰਦਰ ਸਿੰਘ ਬੱਟੂ, ਬਲਾਕ ਸਿੱਖਿਆ ਅਫਸਰ ਕਪੂਰਥਲਾ - 1 ਰਾਜੇਸ਼ ਕੁਮਾਰ ਅਤੇ ਬਲਾਕ ਸਿੱਖਿਆ ਅਫਸਰ ਕਪੂਰਥਲਾ - 2 ਸੰਜੀਵ ਕੁਮਾਰ ਹਾਂਡਾ ਨੇ ਵਿਸ਼ੇਸ਼ ਤੌਰ ਉੱਤੇ ਕਰਮਜੀਤ ਗਿੱਲ, ਇੱਬਣ ,ਅਧਿਆਪਕ ਹਰਜਿੰਦਰ ਸਿੰਘ ਨਾਂਗਲੂ ਖਨੋਵਾਲ ਅਤੇ



ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ ਟੀਚਰ ਟ੍ਰੇਨਿੰਗ ਲੈ ਕੇ ਵਾਪਿਸ ਪਰਤੇ

ਸਰਕਾਰੀ ਐਲੀਮੈਂਟਰੀ ਸਿੱਖਿਆ ਵਿਭਾਗ ਕਪੂਰਥਲਾ ਦੇ ਈ ਟੀ ਟੀ ਅਧਿਆਪਕਾ ਮੈਡਮ ਮੁਨੱਜਾ ਇਰਸ਼ਾਦ ਸਰਕਾਰੀ ਐਲੀਮੈਂਟਰੀ ਸਕੂਲ ਭੰਡਾਲ ਦੋਨਾਂ ( ਕਪੂਰਥਲਾ - 1) , ਈ ਟੀ ਟੀ ਅਧਿਆਪਕ ਕਰਮਜੀਤ ਗਿੱਲ ਸਰਕਾਰੀ ਐਲੀਮੈਂਟਰੀ ਸਕੂਲ ਇੱਬਣ (ਕਪੂਰਥਲਾ - 2), ਈ ਟੀ ਟੀ ਹਰਜਿੰਦਰ ਸਿੰਘ ਨਾਂਗਲੂ ਸਰਕਾਰੀ ਐਲੀਮੈਂਟਰੀ ਸਕੂਲ ਖਨੋਵਾਲ ( ਕਪੂਰਥਲਾ - 1) ਅਤੇ ਸੈਂਟਰ ਹੈਡ ਟੀਚਰ ਕੁਲਦੀਪ ਚੰਦ ਸਰਕਾਰੀ ਐਲੀਮੈਂਟਰੀ ਸਕੂਲ ਬੂਸੋਵਾਲ ( ਮਸੀਤਾਂ)ਆਦਿ ਦਾ ਹਾਰਦਿਕ ਸਵਾਗਤ ਕੀਤਾ ਅਤੇ ਉਹਨਾਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।

ਜਿਲ੍ਹਾ ਸਿੱਖਿਆ ਅਧਿਕਾਰੀਆਂ ਤੋਂ ਇਲਾਵਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਰਜੇਸ਼ ਕੁਮਾਰ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਕਪੂਰਥਲਾ ਦੋ ਸੰਜੀਵ ਕੁਮਾਰ ਹਾਂਡਾ ਨੇ ਸਾਂਝੇ ਤੌਰ ਉੱਤੇ ਆਖਿਆ ਕਿ ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ ਟੀਚਰ ਟ੍ਰੇਨਿੰਗ ਲੈ ਕੇ ਆਏ ਕਪੂਰਥਲਾ ਜਿਲ੍ਹੇ ਦੇ 4 ਸਰਕਾਰੀ ਐਲੀਮੈਂਟਰੀ ਸਕੂਲਾਂ ਦੇ ਅਧਿਆਪਕਾਂ ਨੇ ਜਿਲੇ, ਰਾਜ ਅਤੇ ਦੇਸ਼ ਪੱਧਰ ਤੋਂ ਵੀ ਉੱਪਰ ਅੰਤਰ ਰਾਸ਼ਟਰੀ ਪੱਧਰ ਉੱਤੇ ਆਪਣਾ, ਆਪਣੇ ਮਾਪਿਆਂ ਅਤੇ ਆਪਣੇ ਕੇਡਰ ਦਾ ਨਾਂ ਚਮਕਾਇਆ ਹੈ । ਓਹਨਾਂ ਆਖਿਆ ਕਿ ਸਾਨੂੰ ਆਪਣੇ ਅਧਿਆਪਕਾਂ ਉੱਤੇ ਬੇਹਦ ਮਾਣ ਹੈ।

ਅਧਿਆਪਕਾ ਮੈਡਮ ਮੁਨੱਜਾ ਇਰਸ਼ਾਦ ਭੰਡਾਲ ਦੋਨਾਂ,ਅਧਿਆਪਕ ਸ਼੍ਰੀ ਅਤੇ ਸੈਂਟਰ ਹੈਡ ਟੀਚਰ ਕੁਲਦੀਪ ਚੰਦ ਬੂਸੋਵਾਲ ਆਦਿ ਨੇ ਆਖਿਆ ਕਿ ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ ਟੀਚਰ ਟ੍ਰੇਨਿੰਗ ਦੌਰਾਨ ਅਸੀਂ ਜੋ ਵੀ ਅੰਤਰ ਰਾਸ਼ਟਰੀ ਪੱਧਰ ਦਾ ਅਧਿਆਪਨ ਤਜ਼ਰਬਾ ਹਾਸਿਲ ਕੀਤਾ ਹੈ ਨੂੰ ਓਹ ਆਪਣੇ ਜਿਲ੍ਹੇ ਦੇ ਵੱਖ ਵੱਖ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਅਤੇ ਅਧਿਆਪਕਾਂ ਨਾਲ਼ ਸਾਂਝਾ ਕਰਨਗੇ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਦੀ ਪੜ੍ਹਾਈ ਦਾ ਪੱਧਰ ਹੋਰ ਉੱਚਾ ਕੀਤਾ ਜਾ ਸਕੇ।

ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ ਟੀਚਰ ਟ੍ਰੇਨਿੰਗ ਲੈ ਕੇ ਵਾਪਿਸ ਪਰਤੇ ਜਿਲ੍ਹਾ ਕਪੂਰਥਲਾ ਦੇ 4 ਅਧਿਆਪਕਾਂ ਨੂੰ ਸੈਂਟਰ ਹੈਡ ਟੀਚਰ ਸੰਤੋਖ ਸਿੰਘ ਮੱਲ੍ਹੀ ਭਾਣੋ ਲੰਗਾ, ਸੈਂਟਰ ਹੈਡ ਟੀਚਰ ਮੈਡਮ ਸਰਬਜੀਤ ਕੌਰ ਸਿੱਧਵਾਂ ਦੋਨਾਂ , ਸੈਂਟਰ ਹੈਡ ਟੀਚਰ ਮੈਡਮ ਨੀਰੂ ਬਾਲਾ ਬਲੇਹਰ ਖਾਨਪੁਰ , ਸੈਂਟਰ ਹੈਡ ਟੀਚਰ ਬਲਵੀਰ ਸਿੰਘ ਢਪਈ, ਸੈਂਟਰ ਹੈਡ ਟੀਚਰ ਜੈਮਲ ਸਿੰਘ ਸ਼ੇਖੂਪੁਰ, ਸੈਂਟਰ ਹੈਡ ਟੀਚਰ ਗੁਰਵਿੰਦਰ ਸਿੰਘ ਸੰਧੂ ਜਠਾ, ਸੈਂਟਰ ਹੈਡ ਟੀਚਰ ਰਜੇਸ਼ ਕੁਮਾਰ ਸ਼ੋਰੀ ਕਾਲਾ ਸੰਘਿਆ, ਹੈਡ ਟੀਚਰ ਜਗਤਾਰ ਸਿੰਘ ਮੰਡ ਖਾਨੋਵਾਲ , ਹੈਡ ਟੀਚਰ ਹਰਜਿੰਦਰ ਹੈਰੀ ਕੜਾਹਲ ਕਲਾਂ ਆਦਿ ਨੇ ਸਾਂਝੇ ਤੌਰ ਸ਼ੁੱਭ ਕਾਮਨਾਵਾਂ ਦਿੱਤੀਆਂ।

ਇੱਥੇ ਜ਼ਿਕਰਯੋਗ ਹੈ ਕਿ 18 ਮਈ ਤੋਂ 29 ਮਈ, 26 ਤੱਕ ਲਈ ਚੁਣੇ ਗਏ ਜ਼ਿਲ੍ਹਾ ਕਪੂਰਥਲਾ ਦੇ ਚਾਰ ਅਧਿਆਪਕਾਂ ਨੇ ਯੂਨੀਵਰਸਿਟੀ ਆਫ ਤੁਰਕੂ ਫ਼ਿੰਨਲੈਂਡ ਵਿਖੇ ਦੋ ਹ.ਫਤਿਆ ਦੀ ਟੀਚਰ ਟ੍ਰੇਨਿੰਗ ਪ੍ਰਾਪਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਲਾਲੋ ਜੀ ਦਾ ਜਨਮ ਦਿਹਾੜਾ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ, ਦਿੱਲੀ ਕਮੇਟੀ ਦੇਵੇਗੀ ਪੂਰਾ ਸਹਿਯੋਗ: ਕਾਲਕਾ



**ਨਵੀਂ ਦਿੱਲੀ, 31 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਭਰੋਸਾ ਦਿਵਾਇਆ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤੀ ਸਿੱਖ ਅਤੇ ਸੱਚੀ ਕਿਰਤ ਦੇ ਪ੍ਰਤੀਕ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਦਿੱਲੀ ਕਮੇਟੀ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ। ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ (ਰਜਿ.) ਦੇ ਪ੍ਰਧਾਨ ਸ. ਸੁਖਦੇਵ ਸਿੰਘ ਰਿਆਤ ਦੀ ਅਗਵਾਈ ਹੇਠ ਇਕ ਵਫ਼ਦ ਨਾਲ ਮੁਲਾਕਾਤ ਦੌਰਾਨ ਸ. ਕਾਲਕਾ ਨੇ ਇਹ ਵਿਸ਼ਵਾਸ ਦਿਵਾਇਆ। ਵਫ਼ਦ ਵੱਲੋਂ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਨੂੰ ਯਾਦਗਾਰੀ ਅਤੇ ਇਤਿਹਾਸਕ ਢੰਗ ਨਾਲ ਮਨਾਉਣ ਲਈ ਦਿੱਲੀ ਕਮੇਟੀ ਤੋਂ ਸਹਿਯੋਗ ਦੀ ਮੰਗ ਕੀਤੀ ਗਈ ਸੀ। ਇਸ ਮੌਕੇ ਸ. ਕਾਲਕਾ ਨੇ ਕਿਹਾ ਕਿ ਭਾਈ ਲਾਲੋ ਜੀ ਸੱਚੀ ਕਿਰਤ, ਇਮਾਨਦਾਰੀ, ਨਿਮਰਤਾ ਅਤੇ ਸੇਵਾ ਭਾਵਨਾ ਦੇ ਜੀਵੰਤ ਪ੍ਰਤੀਕ ਹਨ। ਉਨ੍ਹਾਂ ਦਾ ਜੀਵਨ ਸਮਾਜ ਨੂੰ ਮਿਹਨਤ ਦੀ ਕਮਾਈ, ਸਾਦਗੀ ਅਤੇ ਉੱਚੇ ਮਨੁੱਖੀ ਮੁੱਲਾਂ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਦੇ ਜੀਵਨ ਅਤੇ ਆਦਰਸ਼ਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਈ ਲਾਲੋ ਜੀ ਵਰਗੀਆਂ ਮਹਾਨ ਹਸਤੀਆਂ ਦੀ ਯਾਦ ਨੂੰ ਸੰਭਾਲਣਾ ਅਤੇ ਉਨ੍ਹਾਂ ਦੇ ਸੰਦੇਸ਼ ਨੂੰ ਸਮਾਜ ਤੱਕ ਪਹੁੰਚਾਉਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਦਿੱਲੀ ਕਮੇਟੀ ਇਸ ਉਦੇਸ਼ ਲਈ ਹਰ ਸੰਭਵ ਸਹਿਯੋਗ ਦੇਣ ਲਈ ਵਚਨਬੱਧ ਹੈ। ਵਫ਼ਦ ਦੇ ਮੈਂਬਰਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਇਤਿਹਾਸਕ ਸਮਾਗਮ ਨਾ ਸਿਰਫ਼ ਸੰਗਤਾਂ ਨੂੰ ਆਪਣੇ ਗੌਰਵਮਈ ਇਤਿਹਾਸ ਨਾਲ ਜੋੜਦੇ ਹਨ, ਸਗੋਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਕਿਰਤ ਕਰਨ ਦੀ ਮਹਾਨ ਪਰੰਪਰਾ ਅਤੇ ਸਿੱਖੀ ਮੁੱਲਾਂ ਪ੍ਰਤੀ ਜਾਗਰੂਕ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਗਰ ਨਿਗਮ ਚੋਣਾਂ 'ਚ ਦਿਖਾਈ ਦਿੱਤਾ 'ਆਪ' ਦਾ ਜਾਦੂ, 2027 ਵਿੱਚ ਮੁੜ ਬਣੇਗੀ ਮਾਨ ਸਰਕਾਰ, ਪ੍ਰਧਾਨ ਗੁਰਮੁੱਖ ਸਿੰਘ ਔਜਲਾ, ਬਲਜੀਤ ਸਿੰਘ ਸਰਾਂ





**ਚੌਕ ਮਹਿਤਾ, 31 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ, ਐਸੀ ਵਿੰਗ ਸੈੱਲ ਪੰਜਾਬ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ ਨੇ ਹਲਕਾ ਜੰਡਿਆਲਾ ਗੁਰੂ ਅਤੇ ਹਲਕਾ ਮਜੀਠਾ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਮਿਲੀਆਂ ਇਤਿਹਾਸਕ ਜਿੱਤਾਂ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਇਮਾਨਦਾਰ ਅਤੇ ਵਿਕਾਸ ਦੀ ਰਾਜਨੀਤੀ ਦੇ ਨਾਲ ਖੜ੍ਹੇ ਹਨ। ਉਨ੍ਹਾਂ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਵਿਕਾਸ ਨੂੰ ਲੋਕਾਂ ਨੇ ਵੋਟਾਂ ਪਾਈਆਂ,ਉਨ੍ਹਾਂ ਕਿਹਾ ਕਿ ਇਹ ਨਤੀਜੇ ਸਾਫ਼ ਸੰਕੇਤ ਹਨ ਕਿ ਸਾਲ 2027 ਵਿੱਚ ਵੀ ਪੰਜਾਬ ਦੀ ਜਨਤਾ ਮੁੜ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੂੰ ਚੁਣੇਗੀ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਅਤੇ ਬਲਜੀਤ ਸਿੰਘ ਸਰਾਂ ਨੇ ਕਿਹਾ ਕਿ ਪੰਜਾਬ ਭਰ ਵਿੱਚ 'ਆਪ' ਦੇ ਉਮੀਦਵਾਰਾਂ ਨੂੰ ਵੱਡੀਆਂ ਜਿੱਤਾਂ ਮਿਲੀਆਂ ਹਨ। ਇਸ ਮੌਕੇ ਤੇ ਉਨ੍ਹਾਂ ਨੇ ਕਿਹਾ ਕਿ ਇਹ ਸਿਹਰਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ,ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਜਦਕਿ ਵਿਰੋਧੀ ਪਾਰਟੀਆਂ ਨੂੰ ਕਰਾਰੀਆਂ ਹਾਰਾਂ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਲੋਕ ਭਲਾਈ ਦੇ ਕਈ ਇਤਿਹਾਸਕ ਫੈਸਲੇ ਲਏ ਹਨ, ਜਿਸ ਕਾਰਨ ਲੋਕਾਂ ਦਾ ਵਿਸ਼ਵਾਸ ਲਗਾਤਾਰ ਆਮ ਆਦਮੀ ਪਾਰਟੀ ਵੱਲ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ ਅਤੇ ਭ੍ਰਿਸ਼ਟਾਚਾਰ ਖ਼ ?ਲਾਫ਼ ਚਲਾਈਆਂ ਮੁਹਿੰਮਾਂ ਨੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤਿਆ ਹੈ। ਪੰਜਾਬ ਦੀ ਜਨਤਾ ਹੁਣ ਰਵਾਇਤੀ ਪਾਰਟੀਆਂ ਦੀ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ ਅਤੇ ਸਾਫ਼ ਸੁਥਰੀ ਰਾਜਨੀਤੀ ਨੂੰ ਤਰਜੀਹ ਦੇ ਰਹੀ ਹੈ। ਅਖੀਰ ਵਿੱਚ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ, ਬਲਜੀਤ ਸਿੰਘ ਸਰਾਂ ਨੇ ਹਲਕਾ ਜੰਡਿਆਲਾ ਗੁਰੂ ਅਤੇ ਹਲਕਾ ਮਜੀਠਾ ਦੇ ਸਮੂਹ ਜੇਤੂ ਉਮੀਦਵਾਰਾਂ ਅਤੇ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦੇ ਭਰੋਸੇ ਸਦਕਾ ਹੀ ਇਹ ਵੱਡੀ ਜਿੱਤ ਸੰਭਵ ਹੋਈ ਇਸ ਮੌਕੇ ਤੇ ਬਲਰਾਜ ਸਿੰਘ ਸਰਪੰਚ ਸਰਾਂ, ਸੁਖਦੀਪ ਸਿੰਘ ਕੰਗ, ਸਰਪੰਚ ਮੇਜਰ ਸਿੰਘ ਬੁਲਾਰਾ, ਸਕੱਤਰ ਸਿੰਘ ਬੁਲਾਰਾ, ਦਵਿੰਦਰਪਾਲ ਸਿੰਘ ਸਰਾਂ, ਲਵਪ੍ਰੀਤ ਸਿੰਘ ਸਰਾਂ, ਗੁਰਪ੍ਰੀਤ ਸਿੰਘ ਸਰਾਂ, ਗੁਰਮੁੱਖ ਸਿੰਘ ਦੋਧੀ, ਬਲਕਾਰ ਸਿੰਘ ਸਰਾਂ,ਗੁਰਨਿਸਾਨ ਸਿੰਘ ਸਰਾਂ, ਮੈਂਬਰ ਰਾਜਬੀਰ ਸਿੰਘ ਬੁਲਾਰਾ, ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ

# ਵਿਸ਼ਾਲ ਪੰਥਕ ਇਕੱਠ 'ਚ ਵੱਖ-ਵੱਖ ਬੁਲਾਰਿਆਂ ਨੇ ਕੀਤੇ ਵਿਚਾਰ ਸਾਂਝੇ




ਜੰਡਿਆਲਾ ਗੁਰੂ 31 ਮਈ। (ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗਹਿਰੀ ਮੰਡੀ ਏ ਪਿੰਡ ਭੰਗਵਾਂ ਵਿਖੇ ਗੁਰਦੁਆਰਾ ਬਾਬਾ ਜਵੰਦ ਸਿੰਘ ਦੀ ਜਨਮ ਅਸਥਾਨ ਵਿਖੇ ਇੱਕ ਵਿਸ਼ਾਲ ਪੰਥਕ ਇਕੱਠ ਹੋਇਆ, ਇਸ ਪੰਥਕ ਇਕੱਠ ਵਿੱਚ ਵਾਰਿਸ ਪੰਜਾਬ ਦੇ ਜਥੇਬੰਦੀ ਦੀ, ਪੂਰੀ ਲੀਡਰਸ਼ਿਪ ਨੇ ਸ਼ਮੂਲੀਅਤ ਕੀਤੀ, ਅਤੇ ਵੱਖ-ਵੱਖ ਪਿੰਡਾਂ ਤੋਂ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਅਹੁਦੇਦਾਰਾਂ ਨੇ, ਆਪਣੇ ਜਥਿਆਂ ਸਮੇਤ ਹਾਜ਼ਰੀ ਭਰੀ,ਇਹ ਵਿਸ਼ਾਲ ਪੰਥਕ ਇਕੱਠ ਪੰਜਾਬ ਦੇ ਮੁੱਦਿਆਂ ਦੇ ਮੱਦੇ ਨਜ਼ਰ ਕੀਤਾ ਗਿਆ ਕਿਸ ਮੌਕੇ ਤੇ ਪੰਥਕ ਇਕੱਠ ਦੀ ਸ਼ੁਰੂਆਤ ਕਵੀਸ਼ਰੀ ਜਥਿਆਂ ਨੇ ਆਈ ਹੋਈ ਸੰਗਤ ਨੂੰ ਕਵੀਸ਼ਰੀ ਸੁਣਾ ਕੇ ਨਿਹਾਲ ਕੀਤਾ ਤੇ ਸਟੇਜ ਦੀ ਸ਼ੁਰੂਆਤ ਕੀਤੀ, ਇਸ ਮੌਕੇ ਤੇ ਸਰਦਾਰ ਗੁਰਦਿਆਲ ਸਿੰਘ ਸਰਪੰਚ ਟਾਂਗਰਾ ਨੇ ਸੰਬੋਧਨ ਕਰਦੇ ਕਿਹਾ ਕਿ, ਪੰਜਾਬ ਵਿੱਚ ਨੌਜਵਾਨੀ ਦਾ ਸਭ ਤੋਂ ਵੱਧ ਘਾਣ ਅਕਾਲੀ ਦਲ ਬਾਦਲ ਸਰਕਾਰ ਨੇ ਕੀਤਾ।, ਉਹਨਾਂ ਕਿਹਾ ਕਿ ਬਾਦਲ ਸਰਕਾਰ ਵੇਲੇ ਬੇਅਦਬੀ ਦੀਆਂ ਘਟਨਾਵਾਂ ਹੋਈਆਂ ਅਤੇ ਉਨਾਂ ਘਟਨਾਵਾਂ ਦਾ ਇਨਸਾਫ ਲੈਣ ਲਈ ਸਿੱਖ ਸੰਗਤਾਂ ਸੜਕਾਂ ਤੇ ਬੈਠੀਆਂ ਅਤੇ ਸਤਿਨਾਮ ਵਾਹਿਗੁਰੂ ਦਾ ਜਾਪ ਕਰ ਰਹੀਆਂ ਸਨ ਅਤੇ ਉਨਾਂ ਸੰਗਤਾਂ ਉਪਰ ਗੋਲੀਆਂ ਚਲਵਾ ਕੇ ਕਤਲੇਆਮ ਕਰਵਾਇਆ ਪਰ ਉਸ ਟਾਈਮ ਤੇ ਇਹਨਾਂ ਦੀ ਆਪਣੀ ਸਰਕਾਰ ਹੋਣ ਕਾਰਨ ਕੋਈ ਵੀ ਬੇਅਦਬੀ ਦਾ ਇਨਸਾਫ ਨਹੀਂ ਮਿਲਿਆ, ਉਸ ਤੋਂ ਬਾਅਦ ਸੌਦਾ ਸਾਧ ਵੱਲੋਂ ਗੁਰੂ ਗੋਬਿੰਦ ਸਿੰਘ ਜੀ ਦੀ ਪੋਸ਼ਾਕ ਪਾਉਣ ਤੇ ਜੋ ਬੇਅਦਬੀ ਦਾ, ਸਵਾਂਗ ਰਚਿਆ ਉਸ ਵਿੱਚ ਬਾਦਲ ਸਰਕਾਰ ਦੇ ਜਥੇਦਾਰਾਂ ਨੇ ਅਤੇ ਬਾਦਲਕਿਆਂ ਨੇ ਸੌਦਾ ਸਾਧ ਨਾਲ ਹੱਥ ਮਿਲਾ ਕੇ ਉਸ ਨੂੰ ਸਿੱਖਾਂ ਦੀ ਸਰਬ ਉੱਚ ਅਦਾਲਤ,ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ ਮਾਫੀਨਾਮਾ ਦਵਾ ਕੇ ਸਿੱਖ ਕੌਮ ਨਾਲ ਗਦਾਰੀ ਦਾ ਖਿਤਾਬ ਖਟਿਆ,, ।ਇਸ ਤੋਂ ਬਾਅਦ ਅਮਰੀਕ ਸਿੰਘ ਬਿੱਟਾ ਨੇ ਸਰਕਾਰਾਂ ਤੇ ਤੰਜ ਕਸਦੇ ਹੋਏ ਕਿਹਾ ਕਿ, ਪਹਿਲੀਆਂ ਸਰਕਾਰਾਂ ਦੀਆਂ ਨਿਕਾਮੀਆਂ ਵੇਖ ਕੇ, ਦੁਖੀ ਅਵਾਮ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਲਿਆਂਦਾ ਅਤੇ ਵੱਧ ਤੋਂ ਵੱਧ ਵੋਟਾਂ ਪਾ ਕੇ ਆਪਣਾ ਸਾਥ ਦਿੱਤਾ ਪਰ ਇਸ ਮੌਜੂਦਾ ਸਰਕਾਰ ਨੇ ਝੂਠ ਬੋਲ ਕੇ, ਪਹਿਲੀਆਂ ਸਰਕਾਰਾਂ ਦਾ ਵੀ ਰਿਕਾਰਡ ਤੋੜ ਦਿੱਤਾ ਅੱਗੇ ਬੋਲਦਿਆ ਹੋਇਆ ਭਾਈ ਅਮਨਦੀਪ ਸਿੰਘ ਡੱਡੂਆਣਾ, ਬਾਬਾ ਬਿਬੇਕ ਸਿੰਘ ਅਤੇ ਹੋਰਨਾਂ ਬੁਲਾਰਿਆਂ ਨੇ ਆਪਣੇ ਸਾਂਝੇ ਵਿਚਾਰ ਰੱਖਦੇ ਹੋਇਆ ਕਿਹਾ ਕਿ, ਇਸ ਸਰਕਾਰ ਨੇ ਲੋਕਾਂ ਨਾਲ ਵਿਸ਼ਵਾਸ ਘਾਤ ਕੀਤਾ ਹੈ।ਉਹਨਾਂ ਕਿਹਾ ਕਿ ਇਹ ਸਰਕਾਰ ਨੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਣਨ ਤੇ ਪੰਜਾਬ ਵਿੱਚੋਂ ਨਸ਼ੇ ਦਾ ਬਿਲਕੁਲ ਹੀ ਖਾਤਮਾ ਕੀਤਾ ਜਾਵੇਗਾ। ਜੋ ਕਿ ਹੋਇਆ ਬਿਲਕੁਲ ਇਸ ਦੇ ਉਲਟ ,ਨਸ਼ੇ ਦਾ ਖਾਤਮਾ ਕੀ ਕਰਨਾ ਸੀ ਪੰਜਾਬ ਵਿੱਚ ਨਸ਼ਾ ਹੋਰ ਵੀ ਵੱਧ ਗਿਆ।, ਇਸ ਵਕਤ ਪੰਜਾਬ ਦੇ ਹਾਲਾਤ ਬਹੁਤ ਹੀ ਬਦਤਰ ਹਨ।ਅਤੇ ਪੰਜਾਬ ਦੀ ਨੌਜਵਾਨੀ ਨਸ਼ੇ ਦੀ ਦਲ ਦਲ ਵਿੱਚ ਬੁਰੀ ਤਰ੍ਹਾਂ ਫਸ ਚੁੱਕੀ,ਹੈ ਜਿਸ ਤਰ੍ਹਾਂ 22 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਹਵਾ ਬਣੀ ਸੀ ਇਸੇ ਤਰ੍ਹਾਂ ਹੀ ਹੁਣ ਲੋਕਾਂ ਦਾ ਵਿਸ਼ਵਾਸ ਆਮ ਆਦਮੀ ਪਾਰਟੀ ਤੋਂ ਲਹਿ ਚੁੱਕਾ ਹੈ ਅੱਗੇ ਉਹਨਾਂ ਬੋਲਦਿਆਂ ਕਿਹਾ ਕਿ ਜੋ ਕੰਮ ਭਾਈ ਅੰਮ੍ਰਿਤਪਾਲ ਸਿੰਘ ਨੇ ਕੀਤਾ ਹੈ ਉਹ ਕੰਮ ਕੋਈ ਵੀ ਸਰਕਾਰ ਅੱਜ ਤੱਕ ਨਹੀਂ ਕਰ ਸਕੀ ਅਤੇ ਉਨਾਂ ਦੇ ਕੀਤੇ ਹੋਏ ਕੰਮ ਇਹਨਾਂ ਸਰਕਾਰਾਂ ਨੂੰ ਰੜਕਦੇ ਸਨ, ਭਾਈ ਅੰਮ੍ਰਿਤਪਾਲ ਸਿੰਘ ਨੇ ਸਿੱਖੀ ਨੂੰ ਬਰਕਰਾਰ ਰੱਖਦੇ ਹੋਏ ਪਹਿਲਾਂ ਆਪ ਪੰਜਾਂ ਪਿਆਰਿਆਂ ਤੋਂ ਅੰਮ੍ਰਿਤ ਛਕਿਆ ਅਤੇ ਫਿਰ ਅੰਮ੍ਰਿਤ ਛਕਾਉਣ ਦੀ ਲਹਿਰ ਨੂੰ ਮੁੱਖ ਰੱਖਦੇ ਹੋਏ ਖਾਲਸਾ ਵਹੀਰ ਚਲਾਈ ਅਤੇ ਲੋਕਾਂ ਨੂੰ ਬਾਣੀ ਬਾਣੇ ਦੇ ਨਾਲ ਜੋੜਨਾ ਸ਼ੁਰੂ ਕੀਤਾ ਅਤੇ ਕੁਰਾਹੇ ਪਈ ਨੌਜਵਾਨੀ ਨੂੰ ਸਿੱਧੇ ਰਸਤੇ ਤੇ ਚੱਲਣ ਦਾ ਉਪਦੇਸ਼ ਦਿੰਦਿਆਂ ਹੋਇਆਂ ਖਾਲਸਾ ਵਹੀਰ ਦੀ ਸ਼ੁਰੂਆਤ ਕੀਤੀ।ਅਤੇ ਅਨੇਕਾਂ ਨੌਜਵਾਨ ਖਾਲਸਾ ਵਹੀਰ ਦਾ ਹਿੱਸਾ ਬਣਨ ਲੱਗੇ, ਤੇ ਨਸ਼ੇ ਨੂੰ ਤਿਆਗ ਕੇ ਸੱਚੇ ਮਾਰਗ ਤੇ ਚੱਲਣ ਦਾ ਅਨੇਕਾਂ ਨੌਜਵਾਨਾਂ ਨੇ ਪ੍ਰਣ ਕੀਤਾ।, ਤੇ ਬਾਣੇ ਬਾਣੀ ਦੇ ਧਾਰਨੀ ਵੀ ਬਣੇ।, ਪਰ ਸਰਕਾਰ ਤਾਂ ਇਹਨਾਂ ਸਭ ਕੰਮਾਂ ਦੇ ਉਲਟ ਸੀ, ਉਨਾਂ ਨੇ ਬੜੀ ਹੀ ਇੱਕ ਮਨ ਘੜਤ ਸਾਜਿਸ਼ ਦੇ ਤਹਿਤ ਭਾਈ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕਰਕੇ ਡਿਬੜੂਗੜ ਜੇਲ ਵਿੱਚ NSA ਲਗਾ ਕੇ ਬੰਦ ਕਰ ਦਿੱਤਾ ਜਿਸ ਨਾਲ ਮੌਜੂਦਾ ਸਰਕਾਰ ਦਾ ਦੋਗਲਾ ਚਿਹਰਾ ਬੇਨਕਾਬ ਹੋ ਗਿਆ, ਪਰ ਹੁਣ ਲੋਕ ਬਹੁਤ ਸਿਆਣੇ ਹਨ ਉਹਨਾਂ ਨੂੰ ਪਿਛਲੀ ਸਰਕਾਰਾਂ ਦੀਆਂ ਨਕਾਮੀਆਂ ਅਤੇ ਮੌਜੂਦਾ ਸਰਕਾਰ ਦੀਆਂ ਚਾਲਾਂ ਬਾਰੇ ਸਭ ਪਤਾ ਹੈ ਹੁਣ ਪੰਜਾਬ ਦੇ ਲੋਕ ਜਿਸ ਤਰ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਨੂੰ 2024 ਵਿੱਚ ਭਾਰੀ ਬਹੁਮਤ ਨਾਲ ਜਿਤਾ ਕੇ ਐਮ ਪੀ ਬਣਾਇਆ ਇਸੇ ਤਰ੍ਹਾਂ ਹੀ ਲੋਕ ਹੁਣ 2027 ਵਿੱਚ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਮੁੱਖ ਮੰਤਰੀ ਬਣਾਉਣਗੇ, ਇਸ ਪੰਥਕ ਇਕੱਠ ਵਿੱਚ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ, ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਹੁਣਾਂ ਨੇ ਸੰਬੋਧਨ ਕਰਦੇ ਹੋਏ ਦੱਸਿਆ ਕਿ ਜੇਕਰ ਪੰਜਾਬ ਨੂੰ ਬਚਾਉਣਾ ਹੈ ਤਾਂ ਪੰਜਾਬ ਦੀ ਵਾਗਡੋਰ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਹੱਥ ਦੇਣੀ ਪਵੇਗੀ।, ਉਨਾਂ ਨੇ ਕਿਹਾ ਕਿ ਪੰਜਾਬ ਵਿੱਚ ਇਸ ਵਕਤ ਨਸ਼ੇ ਦਾ ਹੜ ਵੱਗ ਰਿਹਾ ਹੈ।ਅਤੇ ਪੰਜਾਬ ਵਿੱਚ ਕੈਂਸਰ ਦੀ ਨਾ ਮੁਰਾਦ ਬਿਮਾਰੀ ਨੇ ਵੀ ਤਹਿਲਕਾ ਮਚਾਇਆ ਹੋਇਆ ਹੈ ਜਿਸ ਵਿੱਚ ਇਹ ਸਰਕਾਰਾਂ ਹੀ ਜਿੰਮੇਵਾਰ ਹਨ।, ਅੱਗੇ ਉਹਨਾਂ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਡੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਵੀ ਸਰਕਾਰ ਦਾ ਇੱਕ ਡਰਾਮਾ ਹੈ ਉਹਨਾਂ ਕਿਹਾ ਕਿ, ਅਜੇ ਵੀ ਪੰਜਾਬ ਵਿੱਚ ਨਸ਼ੇ ਨਾਲ ਅਨੇਕਾਂ ਮੌਤਾਂ ਹੋ ਰਹੀਆਂ ਹਨ। ਉਸ ਦਾ ਜਿੰਮੇਵਾਰ ਕੌਣ ਹੈ, ਅੱਗੇ ਬੋਲਦਿਆਂ ਹੋਇਆਂ ਉਹਨਾਂ ਕਿਹਾ ਕਿ ਪਿੰਡਾਂ ਦੇ ਹਾਲਾਤ ਇਸ ਤਰ੍ਹਾਂ ਦੇ ਬਣ ਗਏ ਹਨ ਕਿ ਜੇ ਕੋਈ ਪਿੰਡਾਂ ਦੇ ਵਿੱਚ ਨਸ਼ਾ ਸਮਗਲਰ ਦੇ ਵਿਰੁੱਧ ਕੋਈ ਆਵਾਜ਼ ਉਠਾਉਂਦਾ ਹੈ ਤਾਂ ਉਸਦਾ ਕਤਲ ਕੀਤਾ ਜਾਂਦਾ ਹੈ। ਜਾਂ ਉਸ ਨੂੰ ਡਰਾਇਆ ਧਮਕਾਇਆ ਜਾਂਦਾ ਹੈ ਜਾਂ ਪਰਿਵਾਰ ਨੂੰ ਧਮਕੀਆਂ ਮਿਲਣੀਆਂ ਸ਼ੁਰੂ ਹੋ ਜਾਂਦੀਆਂ, ਹਨ, ਉਸ ਵਿਅਕਤੀ ਨੂੰ ਇੰਨਾ ਕੁ ਮਜਬੂਰ ਕੀਤਾ ਜਾਂਦਾ ਹੈ ਕਿ ਉਹ ਆਪਣੇ ਪਰਿਵਾਰ ਦੀ ਖਾਤਰ ਫਿਰ ਚੁੱਪ ਕਰ ਜਾਂਦਾ, ਅਤੇ ਨਸ਼ਾ ਤਸਕਰ ਆਪਣੇਂ ਕਾਰੋਬਾਰ ਦਾ ਸਿਲਸਿਲਾ ਉਸੇ ਤਰ੍ਹਾਂ ਫਿਰ ਜਾਰੀ ਰੱਖਦੇ ਹਨ।, ਅੱਗੇ ਬੋਲਦੇ ਉਹਨਾਂ ਕਿਹਾ ਕਿ ਜੇਕਰ ਪੰਜਾਬ ਦਾ ਲੋਕ ਭਲਾ ਚਾਹੁੰਦੇ ਹਨ ਤਾਂ ਪੰਜਾਬ ਦੀ ਵਾਗਡੋਰ ਅਕਾਲੀ ਦਲ ਵਾਰਿਸ ਪੰਜਾਬ ਦੀ ਜਥੇਬੰਦੀ ਦੇ ਹੱਥ ਵਿੱਚ ਦੇਣੀ ਪਵੇਗੀ।, ਨਹੀਂ ਤਾਂ ਇਹ ਪਹਿਲੀਆਂ ਸਰਕਾਰਾਂ ਵਾਂਗੂ ਪੰਜਾਬ ਦੇ ਲੋਕਾਂ ਨੂੰ ਲੁੱਟਦੇ ਅਤੇ ਕੁੱਟਦੇ ਹੀ ਰਹਿਣਗੇ ! ਇਸ ਮੌਕੇ ਤੇ ਭਾਈ ਸੰਦੀਪ ਸਿੰਘ ਸਿੱਧੂ ਦੇ ਭਰਾਤਾ ਵੀ ਵਿਸੇਸ਼ ਤੌਰ ਤੇ ਹਾਜ਼ਰ ਹੋਏ ਅਤੇ ਇਨਾਂ ਤੋਂ ਇਲਾਵਾ ਭਾਈ ਮਨਦੀਪ ਸਿੰਘ ਸਿੱਧੂ : ਅਮਨਦੀਪ ਸਿੰਘ ਡੱਡੂਆਣਾ ਬਾਬਾ ਬਿਬੇਕ ਸਿੰਘ , ਜਤਿੰਦਰ ਸਿੰਘ ਮਹਿਤਾ ਮੁੱਖ ਦਫਤਰ ਸਹਾਇਕ ,ਮਨਦੀਪ ਸਿੰਘ ਭੰਗੂ ,ਜਥੇਦਾਰ ਬਲਵੰਤ ਸਿੰਘ ਪੰਡੋਰੀ ,ਹਰਕਮਲਪ੍ਰੀਤ ਸਿੰਘ ਜੰਡ ,ਗੁਰਪ੍ਰੀਤ ਸਿੰਘ,ਬਚਿੱਤਰ ਸਿੰਘ ਤਰਸਿੱਕਾ,ਜਰਮਨ ਸਿੰਘ ਡੱਡੂਆਣਾ,ਮਨਿੰਦਰ ਸਿੰਘ ਬੰਡਾਲਾ, ਬਿਕਰਮ ਸਿੰਘ ਗਹਿਰੀ ਮੰਡੀ , ਜਰਮਨ ਸਿੰਘ ਤਰਸਿੱਕਾ, ਬਾਪੂ ਤਰਸੇਮ ਸਿੰਘ , ਮਾਤਾ ਬਲਵਿੰਦਰ ਕੌਰ ,ਅਮਰਜੀਤ ਸਿੰਘ ਵਾਂਚੜ੍ਹੀ, ਹਰਭਜਨ ਸਿੰਘ ਤੁੜ, ਭਾਈ ਹਰਪ੍ਰੀਤ ਸਿੰਘ , ਭਾਈ ਇੰਦਰਜੀਤ ਸਿੰਘ , ਭਾਈ ਭੁਪਿੰਦਰ ਸਿੰਘ ਗਦਲੀ ਅਤੇ ਆਦਿ ਹੋਰ ਸੀਨੀਅਰ ਆਗੂ ਹਾਜ਼ਰ ਸਨ !

**ਨਸਾ ਸਮਗਲਰਾਂ ਦੇ ਵਿਰੁੱਧ ਆਵਾਜ਼ ਉਠਾਉਣ ਵਾਲੇ ਦਾ ਕਤਲ ਹੋ ਜਾਂਦਾ ਜਾਂ ਉਸ ਨੂੰ ਡਰਾਇਆ ਧਮਕਾਇਆ ਜਾਂਦਾ-ਬਾਪੂ ਤਰਸੇਮ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਆਰ-ਪਾਰ ਦੇ ਸੰਘਰਸ਼ ਦਾ ਬਿਗਲ

## 3 ਜੂਨ ਨੂੰ ਸਰਕਾਰੀ ਰੁਜ਼ਗਾਰ ਮੇਲਿਆਂ ਦੇ ਬਾਈਕਾਟ ਅਤੇ 6 ਜੂਨ ਨੂੰ ਸੁਨਾਮ ਵਿਖੇ ਸੂਬਾ ਪੱਧਰੀ ਮਹਾਂ-ਰੈਲੀ ਦਾ ਐਲਾਨ








**ਬਠਿੰਡਾ, 31 ਮਈ ਗੁਰਜੰਟ ਸਿੰਘ ਨਥੇਹਾ)**- ਸੇਵਾ ਕੇਂਦਰ ਮੁਲਾਜ਼ਮ ਵੈਲਫੇਅਰ ਐਸੋਸੀਏਸ਼ਨ ਪੰਜਾਬ ਵੱਲੋਂ ਅੱਜ ਗੁਰਦੁਆਰਾ ਅੰਬ ਸਾਹਿਬ ਵਿਖੇ ਪੂਰੇ ਪੰਜਾਬ ਦੇ ਅਹੁਦੇਦਾਰਾਂ ਦੀ ਇੱਕ ਅਹਿਮ ਸੂਬਾ ਪੱਧਰੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਮਾਂਝਾ, ਗੁਰ ਸੇਵਕ ਸਿੰਘ ਚਹਿਲ ਜਨਰਲ ਸੈਕਰਟਰੀ, ਮੋਹਿਨੀ ਸ਼ਰਮਾ ਉਪ ਪ੍ਰਧਾਨ ਨੇ ਦੱਸਿਆ ਕਿ ਸਾਲ 2016 ਵਿੱਚ ਪਿਛਲੀ ਸਰਕਾਰ ਵੱਲੋਂ ਸੇਵਾ ਕੇਂਦਰਾਂ ਨੂੰ ਇੱਕ 'ਡਰੀਮ ਪ੍ਰੋਜੈਕਟ' ਵਜੋਂ ਸ਼ੁਰੂ ਕੀਤਾ ਗਿਆ ਸੀ। ਹਾਲਾਂਕਿ ਪਿਛਲੀ ਕਾਂਗਰਸ ਸਰਕਾਰ ਵੱਲੋਂ ਕਈ ਸੇਵਾ ਕੇਂਦਰ ਬੰਦ ਕਰ ਦਿੱਤੇ ਗਏ ਸਨ, ਪਰ ਮੌਜੂਦਾ ਸਮੇਂ ਚੱਲ ਰਹੇ ਕੇਂਦਰਾਂ ਵਿੱਚ ਤਕਰੀਬਨ 1850 ਕਰਮਚਾਰੀ ਪਿਛਲੇ 10 ਸਾਲਾਂ ਤੋਂ ਲਗਾਤਾਰ, ਪੂਰੀ ਇਮਾਨਦਾਰੀ ਅਤੇ ਲਗਨ ਨਾਲ ਜਨਤਾ ਨੂੰ ਸੇਵਾਵਾਂ ਦੇ ਰਹੇ ਹਨ। ਸੂਬਾ ਪ੍ਰਧਾਨ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਇਹਨਾਂ ਮੁਲਾਜ਼ਮਾਂ ਨੂੰ ਆਊਟਸੋਰਸ ਰਾਹੀਂ ਰੱਖਿਆ ਗਿਆ ਹੈ ਅਤੇ ਨਿੱਜੀ ਠੇਕੇਦਾਰ ਇਹਨਾਂ ਕਰਮਚਾਰੀਆਂ ਨਾਲ ਸਿੱਧੀ ਧੱਕੇਸ਼ਾਹੀ ਕਰ ਰਹੇ ਹਨ। ਮੁਲਾਜ਼ਮਾਂ ਨੂੰ ਪੂਰਾ ਡੀ.ਸੀ. ਰੇਟ ਵੀ ਨਹੀਂ ਦਿੱਤਾ ਜਾ ਰਿਹਾ ਅਤੇ ਉਹਨਾਂ ਦੀ ਤਨਖਾਹ ਵਿੱਚੋਂ ਕੱਟੇ ਜਾ ਰਹੇ ਈ.ਐਸ.ਆਈ. ਦਾ ਵੀ ਕੋਈ ਲਾਭ ਨਹੀਂ ਮਿਲ ਰਿਹਾ। ਮਹਿਜ਼ 10 ਤੋਂ 12 ਹਜ਼ਾਰ ਰੁਪਏ ਮਹੀਨਾ ਦੀ ਨਾਮਾਤਰ ਤਨਖਾਹ ਨਾਲ ਇਸ ਮਹਿੰਗਾਈ ਦੇ ਦੌਰ ਵਿੱਚ ਪਰਿਵਾਰਾਂ ਦਾ ਗੁਜ਼ਾਰਾ ਕਰਨਾ ਬਿਲਕੁਲ ਅਸੰਭਵ ਹੋ ਚੁੱਕਾ ਹੈ। ਇਸੇ ਸ਼ੋਸ਼ਣ ਖ਼ਿਲਾਫ਼ ਮੁਲਾਜ਼ਮ ਬੀਤੀ 26 ਮਈ ਤੋਂ ਪੂਰੇ ਪੰਜਾਬ ਵਿੱਚ 'ਕਲਮ ਛੋੜ ਹੜਤਾਲ' ਕਰਕੇ ਜ਼ਿਲ੍ਹਾ ਪੱਧਰ 'ਤੇ ਧਰਨੇ ਦੇ ਰਹੇ ਹਨ।

ਮੀਟਿੰਗ ਦੌਰਾਨ ਕਰਮਚਾਰੀਆਂ ਨੇ ਭਾਵੁਕ ਹੁੰਦਿਆਂ ਭਾਰੀ ਦੋਸ਼ ਲਾਇਆ ਕਿ ਉਹਨਾਂ ਨੇ ਆਪਣੀ ਜਵਾਨੀ ਦੇ ਕੀਮਤੀ 10 ਸਾਲ ਇਸ ਨੌਕਰੀ ਲੇਖੇ ਲਗਾ ਦਿੱਤੇ ਹਨ। ਹੁਣ ਸਰਕਾਰ ਇਹਨਾਂ ਤਜ਼ਰਬੇਕਾਰ ਕਰਮਚਾਰੀਆਂ ਨੂੰ ਨੌਕਰੀਓਂ ਕੱਢ ਕੇ, ਉਹਨਾਂ ਦੀ ਜਗ੍ਹਾ ਨਵੇਂ ਨੌਜਵਾਨਾਂ ਦੀ ਭਰਤੀ ਕਰਕੇ ਨਵੀਂ ਜਵਾਨੀ ਦੀ ਜ਼ਿੰਦਗੀ ਬਰਬਾਦ ਕਰਨ ਦੀ ਸਾਜ਼ਿਸ਼ ਰਚ ਰਹੀ ਹੈ। ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਦਿਆਂ ਹੜਤਾਲੀ ਮੁਲਾਜ਼ਮਾਂ ਨੂੰ ਆਊਟਸੋਰਸ ਠੇਕੇਦਾਰਾਂ ਵੱਲੋਂ ਨੌਕਰੀ ਤੋਂ ਬਰਖਾਸਤ ਕਰਨ ਦੇ ਗੈਰ-ਕਾਨੂੰਨੀ ਹੁਕਮ ਜਾਰੀ ਕੀਤੇ ਗਏ ਹਨ, ਜੋ ਲੇਬਰ ਕਾਨੂੰਨਾਂ ਦੀ ਸਰਾਸਰ ਉਲੰਘਣਾ ਹੈ। ਇਸ ਧੱਕੇਸ਼ਾਹੀ ਖ਼ਿਲਾਫ਼ ਮੁਲਾਜ਼ਮਾਂ ਨੇ ਆਪਣੇ ਸੰਘਰਸ਼ ਨੂੰ ਹੋਰ ਤੇਜ਼ ਅਤੇ ਤਿੱਖਾ ਕਰਨ ਦਾ ਅਹਿਦ ਲਿਆ ਹੈ। ਜਥੇਬੰਦੀ ਨੇ ਸਾਰੀਆਂ ਜਨਤਕ ਜਥੇਬੰਦੀਆਂ, ਕਿਸਾਨ ਜਥੇਬੰਦੀਆਂ, ਮੁਲਾਜ਼ਮ ਫਰੰਟਾਂ, ਟਰੇਡ ਯੂਨੀਅਨਾਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਸ ਸਰਕਾਰੀ ਧੱਕੇਸ਼ਾਹੀ ਖ਼ਿਲਾਫ਼ ਉਹਨਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ, ਸੂਬਾ ਮੀਤ ਪ੍ਰਧਾਨ ਸ਼੍ਰੀ ਵਿਨੋਦ ਚੁੱਘ ਅਤੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਜਸਪਾਲ ਸਿੰਘ ਦੱਪਰ ਨੇ ਸਰਕਾਰ ਦੇ ਇਸ ਵਤੀਰੇ ਦੀ ਤਿੱਖੀ ਨਿਖੇਧੀ ਕੀਤੀ।

ਉਹਨਾਂ ਐਲਾਨ ਕੀਤਾ ਕਿ ਏਟਕ ਇਹਨਾਂ ਮੁਲਾਜ਼ਮਾਂ ਦੀ ਪਿੱਠ 'ਤੇ ਚੱਟਾਨ ਵਾਂਗ ਖੜ੍ਹੀ ਹੈ। ਜਥੇਬੰਦੀ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਸੇਵਾ ਕੇਂਦਰਾਂ ਵਿੱਚ ਨਵੀਂ ਭਰਤੀ ਕਰਨ 'ਤੇ ਤੁਰੰਤ ਰੋਕ ਲਗਾਈ ਜਾਵੇ ਅਤੇ ਠੇਕੇਦਾਰੀ ਸਿਸਟਮ ਖ਼ਤਮ ਕਰਕੇ ਮੁਲਾਜ਼ਮਾਂ ਨੂੰ ਸਿੱਧਾ ਸਰਕਾਰ ਦੇ ਰੋਲ 'ਤੇ ਲਿਆਂਦਾ ਜਾਵੇ। ਇਸ ਦੇ ਨਾਲ ਹੀ ਬਰਖਾਸਤਗੀ ਦੇ ਹੁਕਮ ਤੁਰੰਤ ਰੱਦ ਕੀਤੇ ਜਾਣ, ਪੁਰਾਣੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ ਅਤੇ ਘੱਟੋ-ਘੱਟ ਤਨਖਾਹ 40,000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ।

ਯੂਨੀਅਨ ਆਗੂਆਂ ਨੇ ਕਿਹਾ ਕਿ ਸੇਵਾ ਕੇਂਦਰ ਪੰਜਾਬ ਸਰਕਾਰ ਦੀ ਕਰੋੜਾਂ ਦੀ ਕਮਾਈ ਦਾ ਸਰੋਤ ਹਨ। ਜੇਕਰ ਸਰਕਾਰ ਇਹਨਾਂ ਕਰਮਚਾਰੀਆਂ ਨੂੰ 25-25 ਹਜ਼ਾਰ ਰੁਪਏ ਤਨਖਾਹ ਵੀ ਦੇਵੇ, ਤਾਂ ਵੀ ਸਰਕਾਰ 'ਤੇ ਮਹੀਨੇ ਦਾ ਨਾਮਾਤਰ ਬੋਝ ਪੈਂਦਾ ਹੈ, ਜਦੋਂ ਕਿ ਸਰਕਾਰ ਹਰ ਮਹੀਨੇ ਇੱਥੋਂ ਕਰੋੜਾਂ ਰੁਪਏ ਇਕੱਠੇ ਕਰਦੀ ਹੈ। ਆਗੂਆਂ ਨੇ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਦੱਸਿਆ ਕਿ ਆਉਂਦੀ 3 ਜੂਨ ਨੂੰ ਪੰਜਾਬ ਭਰ ਵਿੱਚ ਜਿੱਥੇ ਵੀ ਸਰਕਾਰੀ ਰੁਜ਼ਗਾਰ ਮੇਲੇ ਲਗਾਏ ਜਾਣਗੇ, ਮੁਲਾਜ਼ਮ ਉਹਨਾਂ ਦੇ ਬਾਹਰ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕਰਨਗੇ ਅਤੇ ਮੰਗ ਕਰਨਗੇ ਕਿ ਸੇਵਾ ਕੇਂਦਰਾਂ ਵਿੱਚ ਕੋਈ ਵੀ ਨਵੀਂ ਭਰਤੀ ਨਾ ਕੀਤੀ ਜਾਵੇ, ਬਲਕਿ ਪਹਿਲਾਂ ਤੋਂ ਕੰਮ ਕਰ ਰਹੇ ਪੁਰਾਣੇ ਮੁਲਾਜ਼ਮਾਂ ਨੂੰ ਹੀ ਪੱਕਾ ਕੀਤਾ ਜਾਵੇ। ਜੇਕਰ 3 ਜੂਨ ਤੱਕ ਸਰਕਾਰ ਨੇ ਕੋਈ ਫੈਸਲਾ ਨਾ ਲਿਆ, ਤਾਂ 6 ਜੂਨ ਨੂੰ ਪੂਰੇ ਪੰਜਾਬ ਦੇ ਕਰਮਚਾਰੀ ਇਕੱਠੇ ਹੋ ਕੇ ਮਾਲ ਮੰਤਰੀ ਅਮਨ ਅਰੋੜਾ ਦੇ ਸ਼ਹਿਰ ਸੁਨਾਮ ਵਿਖੇ ਇੱਕ ਵਿਸ਼ਾਲ ਰੋਸ ਰੈਲੀ ਅਤੇ ਪ੍ਰਦਰਸ਼ਨ ਕਰਨਗੇ। ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਇਸ ਸੰਘਰਸ਼ ਦੌਰਾਨ ਹੋਣ ਵਾਲੇ ਹਰ ਤਰ੍ਹਾਂ ਦੇ ਨੁਕਸਾਨ ਦੀ ਪੂਰਨ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫ਼ਰੰਸ 'ਚ ਬੁਲਾਰਿਆਂ ਨੇ ਇਕਮਤ ਨਾਲ ਸਰਕਾਰ ਨੂੰ ਐਕਟ ਵਿੱਚੋਂ ਇਤਰਾਜ਼ਯੋਗ ਮੱਦਾਂ ਤੁਰੰਤ ਹਟਾਉਣ ਲਈ ਆਖਿਆ

# ਸ਼ਹੀਦੀ ਹਫ਼ਤੇ ਮਗਰੋਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਲਿਆ ਜਾਵੇਗਾ ਸਖ਼ਤ ਫੈਸਲਾ-ਜਥੇਦਾਰ ਕੁਲਦੀਪ ਸਿੰਘ ਗੜਗੱਜ

## ਐਕਟ ਨੂੰ ਲੈ ਕੇ ਸਰਕਾਰ ਦਾ ਹੱਠੀ ਰਵੱਈਆ ਉਸ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ-ਐਡਵੋਕੇਟ ਧਾਮੀ








ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 31 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026" ਵਿਚ ਦਰਜ ਮੱਦਾਂ ਜਿਨ੍ਹਾਂ 'ਤੇ ਸਿੱਖ ਪੰਥ ਵੱਲੋਂ ਇਤਰਾਜ਼ ਜਿਤਾਏ ਜਾ ਰਹੇ ਹਨ, ਸਬੰਧੀ ਵਿਚਾਰਾਂ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫ਼ਰੰਸ ਹੋਈ। ਇਸ ਕਾਨਫ਼ਰੰਸ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ ਸਮੇਤ ਵੱਖ-ਵੱਖ ਸਿੱਖ ਸੰਪ੍ਰਦਾਵਾਂ, ਜਥੇਬੰਦੀਆਂ, ਸਿੱਖ ਬੁੱਧੀਜੀਵੀ ਅਤੇ ਪੰਜਾਬ ਭਰ ਤੋਂ ਵੱਡੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕੀਤੀ। ਪੰਥਕ ਕਾਨਫ਼ਰੰਸ 'ਚ ਵੱਖ-ਵੱਖ ਬੁਲਾਰਿਆਂ ਨੇ ਇਕਮਤ ਹੋ ਕੇ ਸਰਕਾਰ ਵੱਲੋਂ ਪਾਸ ਕੀਤੇ ਐਕਟ ਵਿਚਲੀਆਂ ਖਾਮੀਆਂ ਨੂੰ ਤੁਰੰਤ ਦੂਰ ਕੀਤੇ ਜਾਣ 'ਤੇ ਜ਼ੋਰ ਦਿੱਤਾ। ਬੁਲਾਰਿਆਂ ਕਿਹਾ ਕਿ ਜਿੜੀਆਂ ਮੱਦਾਂ 'ਤੇ ਪੰਥ ਨੂੰ ਇਤਰਾਜ਼ ਹੈ, ਸਰਕਾਰ ਨੂੰ ਆਪਣੇ ਹੱਠਧਰਮੀ ਛੱਡ ਕੇ ਸਿੱਖ ਭਾਵਨਾਵਾਂ ਅਨੁਸਾਰ ਸੋਧ ਕਰਨ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ।

ਇਸੇ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰ ਦੁਆਰਾ ਪਾਸ ਕੀਤਾ ਇਹ ਕਾਨੂੰਨ ਮਿੱਠਾ ਜ਼ਿਹਰ ਹੈ, ਜੋ ਕੌਮ ਦੇ ਭਵਿੱਖ ਲਈ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਸਿੱਖ ਸੰਸਥਾਵਾਂ ਅੰਦਰ ਸਿੱਧੀ ਦਖ਼ਲਅੰਦਾਜ਼ੀ ਦੀ ਚਾਲ ਹੈ, ਜਿਸ ਨੂੰ ਕੌਮ ਭਲੀਭਾਂਤ ਸਮਝਦੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਨਾਲ ਖ਼ਾਲਸਾ ਪੰਥ ਸਹਿਮਤ ਹੈ, ਪਰ ਕਾਨੂੰਨ ਵਿਚ ਮਰਯਾਦਾ ਅਤੇ ਸੇਵਾਦਾਰਾਂ ਧਿਰਾਂ ਨਾਲ ਸਬੰਧਤ ਮੱਦਾਂ 'ਤੇ ਕੌਮ ਨੂੰ ਵੱਡਾ ਇਤਰਾਜ਼ ਹੈ। ਪੰਜਾਬ ਸਰਕਾਰ ਦੀ ਵਿਧਾਨ ਸਭਾ ਨੇ ਇਸ ਕਾਨੂੰਨ ਨਾਲ ਗੁਰੂ ਗ੍ਰੰਥ ਅਤੇ ਗੁਰੂ ਪੰਥ ਉੱਤੇ ਆਪਣਾ ਕੰਟ੍ਰੋਲ ਕਰਨ ਦਾ ਯਤਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਵਿਧਾਨ ਸਭਾ ਗੁਰੂ ਖ਼ਾਲਸਾ ਪੰਥ ਦੀ ਨੁਮਾਇੰਦਗੀ ਨਹੀਂ ਕਰਦੀ ਅਤੇ ਨਾ ਹੀ ਇਹ ਧਰਮ ਦੇ ਨਿਯਮ ਤੈਅ ਕਰ ਸਕਦੀ ਹੈ ਅਤੇ ਇਹ ਸਰਕਾਰ ਵੱਲੋਂ ਪੰਥ ਦੇ ਅਧਿਕਾਰ ਵਿਚ ਦਖ਼ਲ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰੰਤੂ ਸ੍ਰੀ ਅਕਾਲ ਤਖ਼ਤ ਸਾਹਿਬ ਸਦੀਵੀ ਹੈ। ਸਰਕਾਰ ਸਿੱਖਾਂ ਦੀ ਸਹਿਮਤੀ ਤੋਂ ਬਿਨਾਂ ਸਿੱਖਾਂ ਉੱਤੇ ਆਪਣੇ ਹਿਸਾਬ ਨਾਲ ਕਾਇਦੇ ਕਾਨੂੰਨ ਨਹੀਂ ਥੋਪ ਸਕਦੀ।

ਜਥੇਦਾਰ ਗੜਗੱਜ ਨੇ ਕਿਹਾ ਕਿ ਅਸਲ ਮਾਮਲਾ ਬੇਅਦਬੀ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾਵਾਂ ਦੇਣ ਦਾ ਸੀ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਉਹ ਕਿਹੜੀਆਂ ਸ਼ਕਤੀਆਂ ਹਨ ਜੋ ਲਗਾਤਾਰ ਲੰਮੇ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਸੱਟ ਮਾਰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ 2015 ਦੇ ਬੇਅਦਬੀ ਮਾਮਲਿਆਂ ਵਿੱਚ ਡੇਰਾ ਸਿਰਸਾ ਮੁਖੀ ਦਾ ਹੱਥ ਹੈ, ਲੇਕਿਨ ਸਰਕਾਰ ਨੇ ਅੱਜ ਤਕ ਉਸ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਨਹੀਂ ਲਿਆਂਦਾ ਤੇ ਨਾ ਸਜ਼ਾ ਦਿੱਤੀ। ਸਗੋਂ ਬੇਅਦਬੀ ਨਾਲ ਸਬੰਧਤ ਕੇਸ ਪੰਜਾਬ ਤੋਂ ਬਾਹਰ ਤਬਦੀਲ ਕਰਨ ਲਈ ਸਰਕਾਰ ਦੇ



ਵਕੀਲਾਂ ਦੀ ਸਹਿਮਤੀ ਦੋਸ਼ੀਆਂ ਨੂੰ ਬਚਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ 15 ਦਿਨਾਂ ਦਾ ਸਮਾਂ ਦਿੱਤਾ ਸੀ, ਜੋ ਪੂਰਾ ਹੋ ਚੁੱਕਾ ਹੈ ਅਤੇ ਸਰਕਾਰ ਨੇ ਸਿੱਖਾਂ ਦੇ ਇਤਰਾਜ਼ਾਂ ਸਬੰਧੀ ਵਿਚਾਰ ਕਰਨ ਦੀ ਵੀ ਕੋਈ ਗੱਲ ਨਹੀਂ ਕੀਤੀ। ਇਸ ਦੇ ਉਲਟ ਮੁੱਖ ਮੰਤਰੀ ਵੱਲੋਂ ਹੈਂਕੜ ਭਰੇ ਪ੍ਰਗਟਾਵੇ ਕੀਤੇ ਜਾ ਰਹੇ ਹਨ, ਜੋ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਵੰਗਾਰ ਦੇ ਤੁੱਲ ਹੈ। ਉਨ੍ਹਾਂ ਕਿਹਾ ਕਿ ਜੂਨ 1984 ਘੱਲੂਘਾਰੇ ਦੇ ਸ਼ਹੀਦੀ ਹਫ਼ਤੇ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਸਰਕਾਰ ਦੇ ਇਸ ਰਵੱਈਆ ਦਾ ਨੋਟਿਸ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹੁਣ ਸਰਕਾਰ ਨੂੰ ਨਹੀਂ ਸਗੋਂ ਖ਼ਾਲਸਾ ਪੰਥ ਨੂੰ ਸੰਬੋਧਤ ਹੁੰਦਿਆਂ ਸਖ਼ਤ ਫ਼ੈਸਲਾ ਕੀਤਾ ਜਾਵੇਗਾ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਵੱਲੋਂ ਪਾਸ ਕੀਤੇ ਐਕਟ ਵਿਚ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਤੋਂ ਕਿਸੇ ਨੂੰ ਇਤਰਾਜ਼ ਨਹੀਂ, ਪ੍ਰੰਤੂ ਇਸ ਵਿਚਲੀਆਂ ਕੁਝ ਮੱਦਾਂ ਸਿੱਖ ਸੰਗਤਾਂ ਨੂੰ ਗੁਰਬਾਣੀ ਤੋਂ ਦੂਰ ਕਰਨ ਵਾਲੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਬੁੱਧੀਜੀਵੀਆਂ ਅਤੇ ਸੰਗਤਾਂ ਵੱਲੋਂ ਲਗਾਤਾਰ ਇਤਰਾਜ਼ ਕਰਨ ਤੋਂ ਬਾਅਦ ਵੀ ਸਰਕਾਰ ਦਾ ਹੱਠੀ ਰਵੱਈਆ ਉਸ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਇਸ ਵਿਸ਼ਾਲ ਇਕੱਠ ਨੇ ਸਾਬਤ ਕਰ ਦਿੱਤਾ ਹੈ ਕਿ ਸਿੱਖ ਆਪਣੇ ਧਾਰਮਿਕ ਮਾਮਲਿਆਂ 'ਚ ਸਰਕਾਰੀ ਦਖ਼ਲ ਨੂੰ ਬਰਦਾਸ਼ਤ ਨਹੀਂ ਕਰਨਗੇ। ਐਡਵੋਕੇਟ ਧਾਮੀ ਨੇ ਸਰਕਾਰ ਨੂੰ ਸਿੱਖ ਭਾਵਨਾਵਾਂ ਸਮਝਦਿਆਂ ਐਕਟ ਵਿਚਲੀਆਂ ਇਤਰਾਜ਼ਯੋਗ ਮੱਦਾਂ ਨੂੰ ਤੁਰੰਤ ਹਟਾਏ ਜਾਣ ਲਈ ਆਖਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਪੰਥਕ ਭਾਵਨਾਵਾਂ ਦੀ ਤਰਜ਼ਮਾਨੀ ਕਰਦਾ ਇਕ ਮਤਾ ਪੇਸ਼ ਕੀਤਾ, ਜਿਸ ਨੂੰ ਸਮੂਹ ਸਿੱਖ ਜਥੇਬੰਦੀਆਂ ਅਤੇ ਹਾਜ਼ਰ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ

ਇਸੇ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਆਪਣੇ ਸਬੰਧਨ ਵਿਚ ਸਰਕਾਰ ਨੂੰ ਸਿੱਖ ਭਾਵਨਾਵਾਂ ਸਮਝਣ ਅਤੇ ਇਤਰਾਜ਼ ਮੱਦਾਂ ਨੂੰ ਹਟਾਏ ਜਾਣ ਲਈ ਆਖਿਆ। ਇਸ ਦੌਰਾਨ ਸੱਚਖੰਡ ਸੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਬਾਬਾ ਜੀਤ ਸਿੰਘ ਜੌਲਾਂ, ਐਡਵੋਕੇਟ ਪੂਰਨ ਸਿੰਘ ਹੁੰਦਲ, ਡਾ. ਪ੍ਰਿਤਪਾਲ ਸਿੰਘ, ਡਾ. ਕੇਹਰ ਸਿੰਘ, ਬਾਬਾ ਭਾਗ ਸਿੰਘ ਬੰਗੇ ਵਾਲੇ, ਬਾਬਾ ਅਮੀਰ ਸਿੰਘ ਜਵੱਦੀ ਕਲਾ, ਡਾ. ਗੁਰਨਾਮ ਸਿੰਘ, ਸ. ਇਮਾਨ ਸਿੰਘ ਮਾਨ, ਸਾਬਕਾ ਮੰਤਰੀ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਭਾਈ ਤਾਰਾ ਸਿੰਘ, ਭਾਈ ਗੁਰਜੀਤ ਸਿੰਘ, ਭਾਈ ਦਾਰਾ ਸਿੰਘ ਅਕਲੀਆਂ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਵੱਲੋਂ ਗਿਆਨੀ ਸੁਖਵਿੰਦਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਤੇ ਗਿਆਨੀ ਮਲਕੀਤ ਸਿੰਘ, ਗਿਆਨੀ ਜੋਗਿੰਦਰ ਸਿੰਘ ਹੈੱਡ ਗ੍ਰੰਥੀ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ, ਪ੍ਰਦਮਸ੍ਰੀ ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਸੁਖਵਿੰਦਰ ਸਿੰਘ ਕਾਰਸੇਵਾ ਭੂਰੀ ਵਾਲੇ, ਬਾਬਾ ਗੁਰਨਾਮ ਸਿੰਘ ਸਰਹਾਲੀ, ਬਾਬਾ ਜੋਗਿੰਦਰ ਸਿੰਘ ਬੜੂ ਸਾਹਿਬ ਵਾਲੇ, ਕਥਾਵਾਚਕ ਗਿਆਨੀ ਜਸਵੰਤ ਸਿੰਘ, ਬਾਬਾ ਹਾਕਮ ਸਿੰਘ ਨਿਰਮਲੇ ਸੰਪਰਦਾ, ਬਾਬਾ ਜੀਵਨ ਸਿੰਘ ਨਿਰਮਲੇ ਸੰਪਰਦਾ, ਬਾਬਾ ਸੁੱਖਾ ਸਿੰਘ ਬਾਬਾ ਹਾਕਮ ਸਿੰਘ ਸਿਰਹਾਲੀ ਸਾਹਿਬ ਵਾਲੇ, ਬਾਬਾ ਪ੍ਰਗਟ ਸਿੰਘ ਚੋਹਲਾ ਸਾਹਿਬ, ਬਾਬਾ ਚਰਨ ਸਿੰਘ ਦਿਆਲਪੁਰਾ, ਬਾਬਾ ਮਹਿੰਦਰ ਸਿੰਘ ਕਾਰਸੇਵਾ ਤਾਰਨ ਤਾਰਨ, ਮਹੰਤ ਜਗਰੂਪ ਸਿੰਘ ਨਿਰਮਲੇ, ਸੰਤ ਬਾਬਾ ਭਾਗ ਸਿੰਘ ਬੰਗੇਵਾਲੇ, ਬਾਬਾ ਸੁੱਖਾ ਸਿੰਘ ਕਾਰਸੇਵਾ ਵਾਲੇ ਸਰਹਾਲੀ ਵੱਲੋਂ ਬਾਬਾ ਤਾਰਾ ਸਿੰਘ, ਬਾਬਾ ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ, ਬਾਬਾ ਬਚਨ ਸਿੰਘ ਦਿੱਲੀ ਵਾਲੇ, ਬਾਬਾ ਭਾਗ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਗੜ੍ਹੀ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗਬਹਾਦਰ ਸਿੰਘ ਰਾਏ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਬਚਨ ਸਿੰਘ ਕਰਮੂਵਾਲਾ, ਸ. ਬਲਜੀਤ ਸਿੰਘ ਜਲਾਲ ਉਸਮਾ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਜਥੇਦਾਰ ਕੌਰ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਮੀਤ ਸਿੰਘ ਬੂਹ, ਭਾਈ ਅਜੈਬ ਸਿੰਘ ਅਭਿਆਸੀ, ਸ. ਨਵਤੇਜ ਸਿੰਘ ਕਾਉਣੀ, ਸ. ਰਣਜੀਤ ਸਿੰਘ ਕਾਹਲੋਂ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਸਮੇਰ ਸਿੰਘ ਲਾਛੜੂ, ਸ. ਗੁਰਨਾਮ ਸਿੰਘ ਜੱਸਲ, ਬਾਬਾ ਬਲਬੀਰ ਸਿੰਘ ਘੁੰਨਸ, ਸ. ਬਲਦੇਵ ਸਿੰਘ ਚੁੰਘਾਂ, ਬੀਬੀ ਕਿਰਨਜੋਤ ਕੌਰ, ਬੀਬੀ ਗੁਰਪ੍ਰੀਤ ਕੌਰ ਬੀਬੀ ਜਸਬੀਰ ਕੌਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਬੀਬੀ ਜਸਬੀਰ ਕੌਰ ਜੱਫਰਵਾਲ, ਸ. ਬਲਵਿੰਦਰ ਸਿੰਘ ਵੇਈਂ ਪੂਈਂ, ਬੀਬੀ ਗੁਰਿੰਦਰ ਕੌਰ, ਬੀਬੀ ਜਸਪ੍ਰੀਤ ਕੌਰ ਮਹਿਲਪੁਰ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਬਲਦੇਵ ਸਿੰਘ ਖੋਖ, ਸ. ਅਮਰਜੀਤ ਸਿੰਘ ਬੰਡਾਲਾ, ਸ. ਹਰਪਾਲ ਸਿੰਘ ਜੱਲ੍ਹਾ, ਸ. ਖੁਸਵਰਸ਼ ਸਿੰਘ ਪੰਨੂ, ਸ. ਦਰਸ਼ਨ ਸਿੰਘ ਸੇਰਖਾਂ, ਸ. ਪਰਮਜੀਤ ਸਿੰਘ ਲੱਖੇਵਾਲ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਹਰਜਿੰਦਰ ਸਿੰਘ ਪੁਆਤ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਤੇਜਿੰਦਰ ਸਿੰਘ ਪੱਡਾ, ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਸੁਖਬੀਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਅਜ਼ਾਦੀਪ ਸਿੰਘ, ਕਾਨੂਨੀ ਸਲਾਹਕਾਰ ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਮਲਕੀਤ ਸਿੰਘ, ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਰਾਜਿੰਦਰ ਸਿੰਘ ਰੂਬੀ, ਬਾਬਾ ਜੋਗਿੰਦਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਬਚਨ ਸਿੰਘ ਕਾਰਸੇਵਾ ਦਿੱਲੀ ਵਾਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਿੰਘ ਵਾਲੇ, ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ, ਬਾਬਾ ਹਰਜੀਤ ਸਿੰਘ ਬੜੂ ਸਾਹਿਬ ਵਾਲੇ, ਸ. ਮੋਹਕਮ ਸਿੰਘ, ਬਲਤੇਜ ਸਿੰਘ ਢਿੱਲੋਂ, ਜਥੇਦਾਰ ਬਾਬਾ ਦਲੀਪ ਸਿੰਘ ਮੱਲੂ ਨੰਗਲ, ਬਾਬਾ ਹਰਦੀਪ ਸਿੰਘ ਮਸਤੂਆਣਾ ਸਾਹਿਬ, ਸ. ਇੰਦਰਜੀਤ ਸਿੰਘ, ਬਾਬਾ ਹਰਜਿੰਦਰ ਸਿੰਘ ਮੋਗਾ, ਬਾਬਾ ਪ੍ਰਮਾਨੰਦ ਜੀ ਵੱਡਾ ਅਖਾੜਾ, ਅਨੂਪ ਦਾਸ ਜੰਡਿਆਲਾ ਗੁਰੂ, ਬਾਬਾ ਲੱਖਾ ਸਿੰਘ ਨਾਨਕਸਰ ਵੱਲੋਂ ਬਾਬਾ ਬਲਬੀਰ ਸਿੰਘ, ਮਹੰਤ ਕਰਮਜੀਤ ਸਿੰਘ, ਬਾਬਾ ਬਲਵੀਰ ਸਿੰਘ ਟਿੱਬੇਵਾਲੇ, ਮਹੰਤ ਮਹਾਬੀਰ ਸਿੰਘ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਸ. ਹਰਦੇਵ ਸਿੰਘ ਨਾਗੋਕੇ, ਸ. ਨਾਰੰਗ ਸਿੰਘ ਨਾਗੋਕੇ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਨਾਥ ਸਿੰਘ, ਬਾਬਾ ਸੁਰਜੀਤ ਸਿੰਘ ਗੰਗਾਨਗਰ, ਬਾਬਾ ਲਵਪ੍ਰੀਤ ਸਿੰਘ ਪੰਜਗਰਾਹੀ, ਬਾਬਾ ਮਨਜੀਤ ਸਿੰਘ ਨਿਰਮਲੇ, ਬਾਬਾ ਅਮਰ ਸਿੰਘ ਰਾੜਾ ਸਾਹਿਬ ਵਾਲੇ, ਬਾਬਾ ਸੁੱਖਾ ਸਿੰਘ ਖਿਆਲੇ ਵਾਲੇ, ਬਾਬਾ ਸੁਖਜੀਤ ਸਿੰਘ ਘਨਈਆ, ਸ. ਗੁਰਚਰਨ ਸਿੰਘ ਨਿਰਮਾਲੇ ਫਗਵਾੜੇ ਵਾਲੇ, ਬਾਬਾ ਤਰਲੋਕ ਸਿੰਘ, ਬੀਬੀ ਦਵਿੰਦਰ ਕੌਰ ਰਾਮਾ ਮੰਡੀ, ਬਾਬਾ ਅਮਰੀਕ ਸਿੰਘ, ਜਥੇਦਾਰ ਦਵਿੰਦਰ ਸਿੰਘ ਖੱਟੜਾ, ਸ. ਉਪਕਾਰ ਸਿੰਘ, ਜਥੇਦਾਰ ਬਾਬਾ ਜਗਮੋਹਨ ਸਿੰਘ, ਜਥੇਦਾਰ ਬਾਬਾ ਗੁਰਪ੍ਰੀਤ ਸਿੰਘ ਮਿਸਾਲ ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ, ਬਾਬਾ ਬੇਅੰਤ ਸਿੰਘ, ਜਥੇਦਾਰ ਸ਼ਮਸ਼ੇਰ ਸਿੰਘ ਤਰਨਾ ਦਲ, ਜਥੇਦਾਰ ਦਿਲਬਾਗ ਸਿੰਘ ਤਰਨਾ ਦਲ, ਮਾਤਾ ਜਸਬੀਰ ਕੌਰ, ਬਾਬਾ ਮੋਹਿੰਦਰ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਘੋਲਾ ਸਿੰਘ ਸਰਹਾਲੀ, ਬਾਬਾ ਰੇਸ਼ਮ ਸਿੰਘ, ਬਾਬਾ ਅਵਤਾਰ ਸਿੰਘ, ਗਲੋਬਲ ਸਿੱਖ ਕੌਂਸਿਲ ਡਾ. ਕਲਜੀਤ ਕੌਰ ਯੂਕੇ, ਸ. ਸਰਬਜੀਤ ਸਿੰਘ ਪ੍ਰਧਾਨ ਲੋਕਲ ਕਮੇਟੀ ਖਡੂਰ ਸਾਹਿਬ, ਸ. ਕੰਵਰਪਾਲ ਸਿੰਘ ਦਲ ਖਾਲਸਾ, ਸ. ਦਾਰਾ ਸਿੰਘ ਗ੍ਰੰਥੀ ਸਭਾ ਪੰਜਾਬ, ਭਾਈ ਬਲਜੀਤ ਸਿੰਘ ਆਜ਼ਾਦ, ਬਾਬਾ ਕੁਲਬੀਰ ਸਿੰਘ, ਗਿਆਨੀ ਪ੍ਰਤਾਪ ਸਿੰਘ, ਸ. ਸਰਬਜੀਤ ਸਿੰਘ ਢੋਟੀਆਂ ਹੈਡ ਪ੍ਰਚਾਰਕ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ••